ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

https://youtu.be/LQwolgxDu7I

awazeqaumtvpunjab@gmail.com

ਸੋਮਵਾਰ, 10 ਮਾਰਚ 2025 (ਨਾਨਕਸ਼ਾਹੀ ਸੰਮਤ : ੫੫੬, ੨੭ ਫੱਗਣ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਹੋਲੇ-ਮੁਹੱਲੇ ਦੌਰਾਨ ਟ੍ਰੈਕਟਰਾਂ ਤੇ ਟਰੱਕਾਂ ’ਤੇ ਸਪੀਕਰਾਂ ਦੀ ਵਰਤੋਂ ’ਤੇ ਮੁਕੰਮਲ ਪਾਬੰਦੀ

**ਸ੍ਰੀ ਅਨੰਦਪੁਰ ਸਾਹਿਬ, 9 ਮਾਰਚ (ਆਵਾਜ਼ਿ ਕੌਮ ਬਿਊਰੋ)-** 10 ਮਾਰਚ ਤੋ 15 ਮਾਰਚ, 2025 ਤੱਕ ਸ਼੍ਰੀ ਕੀਰਤਪੁਰ ਸਾਹਿਬ ਅਤੇ ਸ਼੍ਰੀ ਅਨੰਦਪੁਰ ਸਾਹਿਬ ਵਿਖੇ ਹੋਲਾ-ਮਹੱਲਾ ਮਨਾਇਆ ਜਾ ਰਿਹਾ ਹੈ ਜਿਸ ਲਈ ਕਿਸੇ ਵੀ ਅਣਸੁਖਾਵੀਂ ਘਟਨਾ ਤੋਂ ਸ਼ਰਧਾਲੂਆਂ ਨੂੰ ਬਚਾਉਣ ਲਈ ਟ੍ਰੈਕਟਰਾਂ ਅਤੇ ਟਰੱਕਾਂ ‘ਤੇ ਸਪੀਕਰਾਂ ਦੀ ਵਰਤੋਂ ‘ਤੇ ਮੁਕੰਮਲ ਪਾਬੰਦੀ ਲਗਾਈ ਹੈ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਵਧੀਕ ਡਿਪਟੀ ਕਮਿਸ਼ਨਰ ਜਨਰਲ ਡਾ. ਹਰਜਿੰਦਰ ਸਿੰਘ ਬੇਦੀ ਨੇ ਦੱਸਿਆ ਕਿ ਰੂਪਨਗਰ ਜ਼ਿਲ੍ਹਾ ਪ੍ਰਸ਼ਾਸਨ ਨੇ ਸੂਬੇ ਦੇ ਸਮੂਹ ਜ਼ਿਲਿਆਂ ਦੇ ਪੁਲਿਸ ਪ੍ਰਸ਼ਾਸਨ ਨੂੰ ਪਹਿਲਾਂ ਹੀ ਸੂਚਿਤ ਕਰ ਦਿੱਤਾ ਗਿਆ ਹੈ ਕਿ ਆਪਣੇ-ਆਪਣੇ ਜਿਲ੍ਹਿਆਂ/ਯੂਨਿਟਾਂ ਅਧੀਨ ਪੈਂਦੇ ਪੁਲਿਸ ਸਟੇਸ਼ਨਾਂ ਦੇ ਮੁੱਖ ਅਫਸਰਾਂ ਅਤੇ ਇੰਚਾਰਜ ਟਰੈਫਿਕਾਂ ਰਾਂਹੀ ਟਰੱਕ ਯੂਨੀਅਨਾਂ ਦੇ ਨੁਮਾਇੰਦਿਆਂ ਤੇ ਪੰਚਾਇਤਾਂ ਨੂੰ ਹਦਾਇਤ ਕੀਤਾ ਜਾਵੇ ਕਿ ਕੋਈ ਵੀ ਡਬਲ ਡੈਕਰ ਟਰੱਕ/ਵੀਹਕਲ, ਟ੍ਰੈਕਟਰ ਟਰਾਲੀਆਂ ਉੱਤੇ ਲੱਗੇ ਵੱਡੇ ਸਪੀਕਰ, ਮੋਟਰਸਾਇਕਲਾਂ ਉੱਤੇ ਪ੍ਰੈਸ਼ਰ ਹਾਰਨ ਅਤੇ ਬਿਨ੍ਹਾਂ ਸਲੰਸਰ ਮੋਟਰਸਾਇਕਲ ਚਾਲਕਾਂ ਆਦਿ ਨੂੰ ਹੋਲੇ-ਮੁਹੱਲੇ ਦੌਰਾਨ ਅਨੰਦਪੁਰ ਸਾਹਿਬ ਅਤੇ ਕੀਰਤਪੁਰ ਸਾਹਿਬ ਆਉਣ ਤੋ ਰੋਕਿਆ ਜਾਵੇ। ਉਨ੍ਹਾਂ ਕਿਹਾ ਕਿ ਇਸ ਦੇ ਨਾਲ ਹੀ ਟ੍ਰੈਫਿਕ ਨਿਯਮਾਂ ਤੇ ਕਾਨੂੰਨ ਦੀ ਉਲੰਘਣਾ ਕਰਨ ਵਾਲੇ ‘ਤੇ ਵੀ ਕਾਰਵਾਈ ਕੀਤੀ ਜਾਵੇ ਅਤੇ ਮੌਕੇ ਉਤੇ ਹੀ ਵਾਹਨਾਂ ਤੋਂ ਅਵਾਜ ਪ੍ਰਦੂਸ਼ਣ ਕਰਨ ਵਾਲੇ ਸਪੀਕਰਾਂ ਨੂੰ ਉਤਾਰ ਕੇ ਅੱਗੇ ਭੇਜਿਆ ਜਾਵੇ।

## ਅਕਾਲੀ ਦਲ ’ਚ ਬਗਾਵਤ, ਸ਼੍ਰੋਮਣੀ ਕਮੇਟੀ ਕਸੂਤੀ ਘਿਰੀ

# ਜਥੇਦਾਰਾਂ ਨੂੰ ਹਟਾਉਣ ਦੇ ਫੈਸਲੇ ਖਿਲਾਫ ਉੱਠ ਖੜ੍ਹਾ ਪੂਰਾ ਪੰਥ

**ਅੰਮ੍ਰਿਤਸਰ, 9 ਮਾਰਚ (ਆਵਾਜ਼ਿ ਕੌਮ ਬਿਊਰੋ)-** ਸ਼੍ਰੀ ਅਕਾਲ ਤਖ਼ਤ ਸਾਹਿਬ ਤੇ ਤਖ਼ਤ ਸ਼੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰਾਂ ਗਿਆਨੀ ਰਘਬੀਰ ਸਿੰਘ ਤੇ ਗਿਆਨੀ ਸੁਲਤਾਨ ਸਿੰਘ ਨੂੰ ਹਟਾਉਣ ਮਗਰੋਂ ਸਿੱਖ ਜਗਤ ਅੰਦਰ ਗੁੱਸੇ ਦੀ ਲਹਿਰ ਦੌੜ ਗਈ ਹੈ। ਦੇਸ਼-ਵਿਦੇਸ਼ ਦੀਆਂ ਸੰਗਤਾਂ ਵੱਲੋਂ ਸ਼੍ਰੋਮਣੀ ਕਮੇਟੀ ਦੇ ਇਸ ਫੈਸਲੇ ਦਾ ਵਿਰੋਧ ਹੋ ਰਿਹਾ ਹੈ। ਇਸ ਦੇ ਨਾਲ ਹੀ ਸਿੱਖ ਸੰਗਤ ਵੱਲੋਂ ਸ਼੍ਰੋਮਣੀ ਅਕਾਲੀ ਦੇ ਬਾਦਲ ਪੱਖੀ ਧੜੇ ਖਿਲਾਫ ਭੜਾਸ ਕੱਢੀ ਜਾ ਰਹੀ ਹੈ। ਅਕਾਲੀ ਦਲ ਦੇ ਸੀਨੀਅਰ ਲੀਡਰਾਂ ਨੇ ਅਸਤੀਫੇ ਦੇਣੇ ਸ਼ੁਰੂ ਕਰ ਦਿੱਤੇ ਹਨ। ਇਸ ਨਾਲ ਬਾਦਲ ਧੜੇ ਦੀ ਹਾਲਤ ਕਸੂਤੀ ਬਣ ਗਈ ਹੈ। ਜਥੇਦਰਾਂ ਨੂੰ ਹਟਾਉਣ ਦੇ ਸ਼੍ਰੋਮਣੀ ਕਮੇਟੀ ਦੇ ਫ਼ੈਸਲੇ ਦਾ ਦਲ ਖਾਲਸਾ ਨੇ ਨੋਟਿਸ ਲੈਂਦਿਆਂ ਬਾਦਲ ਧੜੇ ਦੇ ਲੀਡਰਾਂ ਨੂੰ ਸ਼੍ਰੀ ਅਕਾਲ ਤਖ਼ਤ ਸਾਹਿਬ ਦੀ ਸਰਵਉੱਚਤਾ ਨੂੰ ਚੁਣੌਤੀ ਦੇਣ ਵਾਲੇ ਪੰਥ ਦੇ ਦੁਸ਼ਮਣ ਕਰਾਰ ਦਿੱਤਾ ਹੈ।



ਉਧਰ, ਸਿੱਖ ਜਥੇਬੰਦੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਕਮੇਟੀ ਨੇ ਤਖ਼ਤਾਂ ਦੇ ਜਥੇਦਾਰਾਂ ਨੂੰ ਜਬਰੀ ਸੇਵਾਵਾਂ ਤੋਂ ਹਟਾਏ ਜਾਣ ਤੇ ਫ਼ੈਸਲੇ ਖ਼ਿਲਾਫ਼ ਅੰਮ੍ਰਿਤਸਰ ਹਾਲ ਗੇਟ ’ਤੇ ਰੋਸ ਦਿਖਾਵਾ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਆਗੂਆਂ ਸੁਖਬੀਰ ਬਾਦਲ ਤੇ ਵਿਰਸਾ ਵਲਟੋਹਾ ਦੇ ਪੁਤਲੇ ਸਾੜੇ ਹਨ। ਜਥੇਬੰਦੀ ਦੇ ਆਗੂ ਭਾਈ ਬਲਬੀਰ ਸਿੰਘ ਮੁੱਛਲ ਨੇ ਕਿਹਾ ਕਿ ਜਿਨ੍ਹਾਂ ਜਥੇਦਾਰਾਂ ਨੂੰ ਹਟਾਇਆ ਗਿਆ ਹੈ, ਉਹ ਸ਼੍ਰੋਮਣੀ ਅਕਾਲੀ ਦਲ ਤੇ ਸਰਪ੍ਰਸਤੀ ਹੇਠ ਚੱਲਣ ਵਾਲੀ ਸ਼੍ਰੋਮਣੀ ਕਮੇਟੀ ਵੱਲੋਂ ਹੀ ਥਾਪੇ ਹੋਏ ਸਨ। ਉਨ੍ਹਾਂ ਕਿਹਾ ਕਿ ਹੁਣ ਜਦੋਂ ਉਨ੍ਹਾਂ ਨੇ ਸਿੱਖ ਕੌਮ ਦੇ ਹੱਕ ਵਿੱਚ ਫ਼ੈਸਲੇ ਲਏ ਹਨ ਤਾਂ ਇਹ ਇਨ੍ਹਾਂ ਨੂੰ ਬਰਦਾਸ਼ਤ ਨਹੀਂ ਹੋਇਆ ਤੇ ਉਨ੍ਹਾਂ ਨੂੰ ਜਬਰੀ ਸੇਵਾ ਤੋਂ ਹਟਾ ਦਿੱਤਾ ਗਿਆ। ਉਨ੍ਹਾਂ ਦੋਸ਼ ਲਾਇਆ ਕਿ ਪਹਿਲਾਂ ਵੀ ਜਿਨ੍ਹਾਂ ਜਥੇਦਾਰਾਂ ਨੇ ਕੌਮ ਦੇ ਹਿੱਤ ਵਿੱਚ ਫ਼ੈਸਲੇ ਲੈਣ ਸਮੇਂ ਸ਼੍ਰੋਮਣੀ ਅਕਾਲੀ ਦਲ ਦੀ ਅਣਦੇਖੀ ਕੀਤੀ, ਉਨ੍ਹਾਂ ਖ਼ਿਲਾਫ਼ ਇਸੇ ਢੰਗ ਤਰੀਕੇ ਨਾਲ ਹੀ ਫ਼ੈਸਲੇ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਇੰਜ ਜਥੇਦਾਰਾਂ ਦਾ ਲਗਾਤਾਰ ਹੋ ਰਿਹਾ ਅਪਮਾਨ ਤੇ ਸਿੱਖ ਸਿਧਾਂਤਾਂ ਦੀ ਉਲੰਘਣਾ ਨੂੰ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਸਮੁੱਚੀਆਂ ਸਿੱਖ ਜਥੇਬੰਦੀਆਂ ਨੂੰ ਇੱਕ ਮੰਚ ’ਤੇ ਇਕੱਠੇ ਹੋਣ ਤੇ ਬਾਦਲ ਧੜੇ ਖ਼ਿਲਾਫ਼ ਡਟਣ ਦਾ ਸੱਦਾ ਦਿੱਤਾ ਹੈ। ਇਸ ਮੌਕੇ ਸ਼੍ਰੋਮਣੀ

## ਨਵੇਂ ਜਥੇਦਾਰ ਦੀ ਨਹੀਂ ਹੋਣ ਦਿਆਂਗੇ ਤਾਜਪੋਸ਼ੀ ! ਵਹੀਰਾਂ ਘੱਤ ਕੇ ਪਹੁੰਚ ਰਹੀਆਂ ਨੇ ਨਿਹੰਗ ਸਿੰਘ ਫੌਜਾਂ

**ਅੰਮ੍ਰਿਤਸਰ, 9 ਮਾਰਚ (ਆਵਾਜ਼ਿ ਕੌਮ ਬਿਊਰੋ)-** ਤਿੰਨ ਤਖਤ ਸਾਹਿਬਾਨ ਦੇ ਜਥੇਦਾਰਾਂ ਨੂੰ ਹਟਾਉਣ ਮਗਰੋਂ ਪੰਥਕ ਸਿਆਸਤ ਵਿੱਚ ਭੂਚਾਲ ਆਇਆ ਹੋਇਆ ਹੈ। ਸ਼੍ਰੋਮਣੀ ਕਮੇਟੀ ਦੇ ਫੈਸਲੇ ਦੀ ਵਿਆਪਕ ਅਲੋਚਨਾ ਹੋ ਰਹੀ ਹੈ। ਅਕਾਲੀ ਦਲ ਦੇ ਲੀਡਰ ਅਸਤੀਫੇ ਦੇ ਰਹੇ ਹਨ। ਇਸ ਸਭ ਵਿਚਾਲੇ 10 ਮਾਰਚ ਨੂੰ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਨਵੇਂ ਥਾਪੇ ਗਏ ਜਥੇਦਾਰ ਕੁਲਦੀਪ ਸਿੰਘ ਗੜਗੱਜ ਦੀ ਤਾਜਪੋਸ਼ੀ ਹੋਣੀ ਹੈ ਪਰ ਇਸ ਤੋਂ ਪਹਿਲਾਂ ਹੀ ਨਿਹੰਗ ਸਿੰਘ ਜਥੇਬੰਦੀ ਵੱਲੋਂ ਇਸ ਦਾ ਵਿਰੋਧ ਕਰਨ ਦਾ ਐਲਾਨ ਕੀਤਾ ਗਿਆ ਹੈ। ਇਸ ਨੂੰ ਲੈ ਕੇ ਬਾਬਾ ਬਲਬੀਰ ਸਿੰਘ 96 ਕਰੋੜੀ ਵੱਲੋਂ ਐਲਾਨ ਕੀਤਾ ਗਿਆ ਹੈ ਕਿ ਉਹ ਨਵੇਂ ਥਾਪੇ ਗਏ ਜਥੇਦਾਰ ਦੀ ਤਾਜਪੋਸ਼ੀ ਨਹੀਂ ਹੋਣ ਦੇਣਗੇ ਤੇ ਇਸ ਦਾ ਵਿਰੋਧ ਕਰਨਗੇ। ਇਸ ਮੌਕੇ ਉਨ੍ਹਾਂ ਨੇ ਦੂਜੀਆਂ ਜਥੇਬੰਦੀਆਂ ਨੂੰ ਵੀ ਆਨੰਦਪੁਰ ਸਾਹਿਬ ਪਹੁੰਚਣ ਦੀ ਅਪੀਲ ਕੀਤੀ ਹੈ। ਉਨ੍ਹਾਂ ਕਿਹਾ ਕਿ ਨਿਹੰਗ ਸਿੰਘ ਫੌਜਾਂ ਇੱਥੇ ਤਿਆਰ ਬਰ ਤਿਆਰ ਹੋਕੇ ਪਹੁੰਚਣ ਤੇ ਉਹ ਵੀ ਇੱਥੇ ਪਹੁੰਚ ਰਹੇ ਹਨ। ਬਾਬਾ ਬਲਬੀਰ ਸਿੰਘ ਨੇ ਕਿਹਾ ਕਿ ਇਹ ਨਵੇਂ ਜਥੇਦਾਰ ਦੀ ਤਾਜਪੋਸ਼ੀ ਨਹੀਂ ਹੋਣ ਦੇਣਗੇ ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਆਪਣਾ ਫੈਸਲਾ ਵਾਪਸ ਲੈਣਾ ਪਵੇਗਾ। ਦੱਸ ਦਈਏ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਨੇ ਜਥੇਦਾਰ ਸੁਲਤਾਨ ਸਿੰਘ ਦੀ ਥਾਂ ਕੁਲਦੀਪ ਸਿੰਘ ਗੜਗੱਜ ਨੂੰ ਨਵਾਂ ਜਥੇਦਾਰ ਬਣਾਇਆ ਹੈ ਜਿਸ ਦਾ ਹੁਣ ਵਿਰੋਧ ਹੋਣਾ ਸ਼ੁਰੂ ਹੋ ਗਿਆ ਹੈ। ਅਜਿਹੇ ਸਭ ਵਿਚਾਲੇ ਸ਼੍ਰੀ ਅਕਾਲ ਤਖਤ ਸਾਹਿਬ ਦੇ ਸਾਬਕਾ ਜਥੇਦਾਰ ਤੇ ਸ੍ਰੀ ਹਰਿਮੰਦਰ ਸਾਹਿਬ ਦੇ ਹੈੱਡ ਗ੍ਰੰਥੀ ਗਿਆਨੀ ਰਘਬੀਰ ਸਿੰਘ ਨੇ ਪੰਥਕ ਨੂੰ ਖਬਰਦਾਰ ਕੀਤਾ ਹੈ। ਉਨ੍ਹਾਂ ਨੇ ਕਿਹਾ ਕਿ ਜੋ ਕੁਝ ਵਾਪਰ ਰਿਹਾ ਹੈ, ਉਹ ਸਾਡੀਆਂ ਸੰਸਥਾਵਾਂ ਦੇ ਹਿੱਤ ਵਿੱਚ ਨਹੀਂ। ਗਿਆਨੀ ਰਘਬੀਰ ਸਿੰਘ ਨੇ ਆਖਿਆ ਕਿ ਧਾਰਮਿਕ ਸਥਾਨਾਂ, ਅਹੁਦਿਆਂ ਤੇ ਸੰਸਥਾਵਾਂ ਦਾ ਮਾਣ ਸਨਮਾਨ ਕਾਇਮ ਰੱਖਣਾ ਚਾਹੀਦਾ ਹੈ। ਅੰਤਰਿੰਗ ਕਮੇਟੀ ਦੇ ਫੈਸਲੇ ਤੋਂ ਬਾਅਦ ਪੈਦਾ ਹੋਈ ਸਥਿਤੀ ਬਾਰੇ ਗੱਲ ਕਰਦਿਆਂ ਉਨ੍ਹਾਂ ਕਿਹਾ ਕਿ ਜੋ ਕੁਝ ਵਾਪਰ ਰਿਹਾ ਹੈ, ਉਹ ਸਾਡੀਆਂ ਸੰਸਥਾਵਾਂ ਦੇ ਹਿੱਤ ਵਿੱਚ ਨਹੀਂ ਹੈ।

## ਗੁਰਦੀਪ ਸਿੰਘ ਬਰਾੜ ਨੂੰ ਸਦਮਾ ਮਾਤਾ ਬਲਦੇਵ ਕੌਰ ਨਹੀਂ ਰਹੇ

**ਬਠਿੰਡਾ, 9 ਮਾਰਚ (ਆਵਾਜ਼ਿ ਕੌਮ ਬਿਊਰੋ)-**ਸਿੱਖ ਸੰਘਰਸ਼ ਵਿੱਚ ਵੱਡਾ ਯੋਗਦਾਨ ਪਾਉਣ ਵਾਲੇ ਅਤੇ ਅੱਜ ਦੀ ਆਵਾਜ਼ ਦੇ ਸਾਬਕਾ ਸੰਪਾਦਕ ਭਾਈ ਗੁਰਦੀਪ ਸਿੰਘ ਬਠਿੰਡਾ ਅਤੇ ਉਹਨਾਂ ਦੇ ਛੋਟੇ ਭਾਈ ਕੁਲਵੰਤ ਸਿੰਘ ਸੈਕਟਰੀ ਨੂੰ ਉਸ ਵੇਲੇ ਭਾਰੀ ਸਦਮਾ ਪਹੁੰਚਿਆ ਜਦੋਂ ਓਨਾਂ ਦੇ ਸਤਿਕਾਰਯੋਗ ਮਾਤਾ ਬਲਦੇਵ ਕੌਰ ਜੀ ਪਤਨੀ ਸਵਰਗਵਾਸੀ ਨਛੱਤਰ ਸਿੰਘ ਅੱਜ ਸਵੇਰੇ ਅਕਾਲ ਚਲਾਣਾ ਕਰ ਗਏ। ਓਨਾਂ ਦਾ ਅੰਤਿਮ ਸਰੀਰ ਗੁਰਦੀਪ ਸਿੰਘ ਦੇ ਨਿਵਾਸ 104 ਮਾਡਲ ਟਾਊਨ ਬਠਿੰਡਾ ਵਿਖੇ ਰੱਖਿਆ ਜਾਵੇਗਾ ਅਤੇ ਅੰਤਿਮ ਸੰਸਕਾਰ ਲਈ 1.30 ਵਜੇ ਦੁਪਹਿਰ ਬਠਿੰਡਾ ਤੋਂ ਅੰਤਿਮ ਯਾਤਰਾ ਪਿੰਡ ਬੁਰਜ ਮਹਿਮਾ ਦੇ ਸ਼ਮਸ਼ਾਨ ਘਾਟ ਲਈ ਰਵਾਨਾ ਹੋਵੇਗੀ ਅਤੇ 2.00 ਵਜੇ ਅੰਤਿਮ ਸੰਸਕਾਰ ਪਿੰਡ ਬੁਰਜ ਮਹਿਮਾ ਬਠਿੰਡਾ ਦਿਹਾਤੀ ਵਿਖੇ ਹੋਵੇਗਾ। ਮਾਤਾ ਬਲਦੇਵ ਕੌਰ ਆਪਣੇ ਪਿੱਛੇ ਪੁੱਤਰ, ਨੌਹਾਂ ,ਪੋਤਰੇ ਪੋਤਰੀਆਂ, ਪੜਪੋਤਰੇ ਅਤੇ ਪੂਰਾ ਭਰਿਆ ਪਰਿਵਾਰ ਛੱਡ ਗਏ। ਮਾਤਾ ਬਲਦੇਵ ਕੌਰ ਜੀ ਦੀ ਮੌਤ ਤੇ ਸ਼੍ਰੀ ਅਕਾਲ ਤਖ਼ਤ ਸਾਹਿਬ ਦੇ ਸਾਬਕਾ ਜਥੇਦਾਰ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ, ਕੈਪਟਨ ਹਰਚਰਨ ਸਿੰਘ ਰੋਡੇ ,ਭਾਈ ਸੁਖਮੰਦਰ ਸਿੰਘ ਤਪਾ ਖੇੜਾ ,ਭਾਈ ਦਰਸ਼ਨ ਸਿੰਘ ਮੰਡ ,ਅੱਜ ਦੀ ਆਵਾਜ਼ ਦੇ ਸੰਪਾਦਕ ਅਰਸ਼ਦੀਪ ਸਿੰਘ ਸਮਰਾ ,ਜੱਸਾ ਸਿੰਘ ਬਰਾੜ ,ਮਲਕੀਤ ਸਿੰਘ ਬਰਾੜ ਸਾਬਕਾ ਸਰਪੰਚ ,ਰੇਸ਼ਮ ਸਿੰਘ ਬੁਰਜ ਮਹਿਮਾ ,ਰੇਸ਼ਮ ਸਿੰਘ ਬੁਲਾੜ ਮਹਿਮਾ ,ਬਾਬਾ ਚਰਨਜੀਤ ਸਿੰਘ ਜੱਸੋਵਾਲ ,ਜਗਤਾਰ ਸਿੰਘ ਰੋਡੇ ਆਦ ਨੇ ਦੁੱਖ ਪਰਗਟ ਕੀਤਾ ਹੈ।



ਆਵਾਜ਼ਿ ਕੌਮ AWAZE QAUM International Newspaper & WEB TV

## ਮਜੀਠੀਆ ਸਮੇਤ ਵਿਰੋਧ ਕਰਨ ਵਾਲੇ ਲੀਡਰਾਂ ’ਤੇ ਹੋਵੇਗੀ ਕਾਰਵਾਈ

### ਕਾਰਨ ਦੱਸੋ ਨੋਟਿਸ ਕੱਢੇਗੀ ਪਾਰਟੀ, ਕਿਹਾ- ਬਰਦਾਸ਼ਤ ਨਹੀਂ ਕਰਾਂਗੇ ਅਨੁਸ਼ਾਸਨਹੀਣਤਾ

**ਚੰਡੀਗੜ੍ਹ, 9 ਮਾਰਚ (ਆਵਾਜ਼ਿ ਕੌਮ ਬਿਊਰੋ)-** ਅਨੁਸ਼ਾਸਨਹੀਣਤਾ ਨੂੰ ਕਿਸੇ ਵੀ ਕੀਮਤ ’ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਹਰ ਕੋਈ ਪਾਰਟੀ ਫੋਰਮ ’ਤੇ ਆਪਣੇ ਵਿਚਾਰ ਪ੍ਰਗਟ ਕਰਨ ਲਈ ਆਜ਼ਾਦ ਹੈ ਪਰ ਕਿਸੇ ਨੂੰ ਵੀ ਪਾਰਟੀ ਅਨੁਸ਼ਾਸਨ ਦੀ ਉਲੰਘਣਾ ਕਰਨ ਦੀ ਇਜਾਜ਼ਤ ਨਹੀਂ ਦਿੱਤੀ ਜਾ ਸਕਦੀ ਕਿਉਂਕਿ ਕੋਈ ਵੀ ਪਾਰਟੀ ਤੋਂ ਉੱਪਰ ਨਹੀਂ ਹੈ।



ਸ਼੍ਰੋਮਣੀ ਅਕਾਲੀ ਦਲ ਹੁਣ ਫਿਰ ਦੋਫਾੜ ਹੋਣ ਦੀ ਕਾਗਾਰ ਉਪਰ ਪਹੁੰਚ ਗਿਆ ਹੈ। ਤਿੰਨ ਤਖਤ ਸਾਹਿਬਾਨ ਦੇ ਜਥੇਦਾਰਾਂ ਨੂੰ ਹਟਾਉਣ ਮਗਰੋਂ ਪੰਥਕ ਸਿਆਸਤ ਵਿੱਚ ਭੂਚਾਲ ਆਇਆ ਹੋਇਆ ਹੈ। ਸ਼੍ਰੋਮਣੀ ਕਮੇਟੀ ਦੇ ਫੈਸਲੇ ਦੀ ਵਿਆਪਕ ਅਲੋਚਨਾ ਹੋ ਰਹੀ ਹੈ। ਪਾਰਟੀ ਦੇ ਲੀਡਰ ਅਸਤੀਫੇ ਦੇ ਕੇ ਅਕਾਲੀ ਦਲ ਦੀ ਰੱਜ ਕੇ ਮੁਖ਼ਾਲਫਤ ਕਰ ਰਹੇ ਹਨ ਜਿਸ ਤੋਂ ਬਾਅਦ ਹੁਣ ਸ਼੍ਰੋਮਣੀ ਅਕਾਲੀ ਦਲ ਨੇ ਇਹੋ ਜਿਹੇ ਲੀਡਰਾਂ ਉੱਤੇ ਐਕਸ਼ਨ ਲਿਆ ਹੈ। ਪਾਰਟੀ ਦੇ ਸੀਨੀਅਰ ਲੀਡਰ ਦਲਜੀਤ ਸਿੰਘ ਚੀਮਾ ਨੇ ਸੋਸ਼ਲ ਮੀਡੀਆ ਉੱਤੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸ਼੍ਰੋਮਣੀ ਅਕਾਲੀ ਦਲ ਦੇ ਕਾਰਜਕਾਰੀ ਪ੍ਰਧਾਨ ਬਲਵਿੰਦਰ ਸਿੰਘ ਭੂੰਦੜ ਨੇ ਕੁਝ ਪਾਰਟੀ ਆਗੂਆਂ ਵੱਲੋਂ ਸ਼੍ਰੋਮਣੀ ਕਮੇਟੀ ਤੇ ਸ਼੍ਰੋਮਣੀ ਅਕਾਲੀ ਦਲ ਦੇ ਫੈਸਲਿਆਂ ਵਿਰੁੱਧ ਦਿੱਤੇ ਬਿਆਨਾਂ/ਵੀਡੀਓਜ਼ ਦਾ ਸਖ਼ਤ ਨੋਟਿਸ ਲਿਆ। ਇਸ ਮੁੱਦੇ ’ਤੇ ਅੱਜ ਚੰਡੀਗੜ੍ਹ ਵਿਖੇ ਹੋਈ ਸੰਸਦੀ ਬੋਰਡ ਦੀ ਮੀਟਿੰਗ ਵਿੱਚ ਚਰਚਾ ਕੀਤੀ ਗਈ। ਉਨ੍ਹਾਂ ਕਿਹਾ ਕਿ ਅਨੁਸ਼ਾਸਨਹੀਣਤਾ ਨੂੰ ਕਿਸੇ ਵੀ ਕੀਮਤ ’ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਹਰ ਕੋਈ ਪਾਰਟੀ ਫੋਰਮ ’ਤੇ ਆਪਣੇ ਵਿਚਾਰ ਪ੍ਰਗਟ ਕਰਨ ਲਈ ਆਜ਼ਾਦ ਹੈ ਪਰ ਕਿਸੇ ਨੂੰ ਵੀ ਪਾਰਟੀ ਅਨੁਸ਼ਾਸਨ ਦੀ ਉਲੰਘਣਾ ਕਰਨ ਦੀ ਇਜਾਜ਼ਤ ਨਹੀਂ ਦਿੱਤੀ ਜਾ ਸਕਦੀ ਕਿਉਂਕਿ ਕੋਈ ਵੀ ਪਾਰਟੀ ਤੋਂ ਉੱਪਰ ਨਹੀਂ ਹੈ।

### ਸਾਰਿਆਂ ਨੂੰ ਕੱਢੇ ਜਾਣਗੇ ਕਾਰਨ ਦੱਸੋ ਨੋਟਿਸ

ਉਨ੍ਹਾਂ ਕਿਹਾ ਕਿ ਅਜਿਹੇ ਸਾਰੇ ਪਾਰਟੀ ਵਿਰੋਧੀ ਬਿਆਨ ਅਤੇ ਵੀਡੀਓਜ਼ ਪਾਰਟੀ ਅਨੁਸ਼ਾਸਨੀ ਕਮੇਟੀ ਨੂੰ ਭੇਜੇ ਜਾ ਰਹੇ ਹਨ ਤੇ ਸਾਰਿਆਂ ਨੂੰ ਕਾਰਨ ਦੱਸੋ ਨੋਟਿਸ ਜਾਰੀ ਕੀਤੇ ਜਾਣਗੇ। ਉਨ੍ਹਾਂ ਦੇ ਜਵਾਬਾਂ ’ਤੇ ਵਿਚਾਰ ਕਰਨ ਤੋਂ ਬਾਅਦ ਯੋਗਤਾ ਦੇ ਆਧਾਰ ’ਤੇ ਕਾਰਵਾਈ ਕੀਤੀ ਜਾਵੇਗੀ। ਜ਼ਿਕਰ ਕਰ ਦਈਏ ਕਿ ਇਸ ਮੀਟਿੰਗ ਵਿੱਚ ਗੁਲਜ਼ਾਰ ਸਿੰਘ ਰਣੀਕੇ, ਜਨਮੇਜਾ ਸ੍ਰੀ ਸੇਖੋਂ, ਮਹੇਸ਼ਿੰਦਰ ਗਰੇਵਾਲ, ਹੀਰਾ ਸਿੰਘ ਗਾਭੜੀਆ ਅਤੇ ਡਾ. ਦਲਜੀਤ ਸਿੰਘ ਚੀਮਾ ਸ਼ਾਮਲ ਸਨ।

## ਨਵੇਂ ਜਥੇਦਾਰ ਦੀ ਨਿਯੁਕਤੀ ’ਤੇ ਛਿੜਿਆ ਵਿਵਾਦ, ਭਾਈ ਜਸਵੀਰ ਸਿੰਘ ਖਾਲਸਾ ਨੇ ਕੀਤਾ ਵੱਡਾ ਐਲਾਨ

**ਜਲੰਧਰ, 9 ਮਾਰਚ (ਆਵਾਜ਼ਿ ਕੌਮ ਬਿਊਰੋ)-** ਤਖਤ ਸ਼੍ਰੀ ਕੇਸਗੜ੍ਹ ਸਾਹਿਬ ਦੇ ਨਵੇਂ ਜਥੇਦਾਰ ਦੀ ਨਿਯੁਕਤੀ ਦਾ ਵਿਰੋਧ ਹੋਣਾ ਸ਼ੁਰੂ ਹੋ ਗਿਆ ਹੈ। ਸਾਬਕਾ ਜਥੇਦਾਰ ਭਾਈ ਜਸਬੀਰ ਸਿੰਘ ਖਾਲਸਾ ਨੇ ਨਵੇਂ ਜਥੇਦਾਰ ਦੀ ਨਿਯੁਕਤੀ ਨੂੰ ਲੈ ਕੇ ਸਵਾਲ ਖੜ੍ਹੇ ਕੀਤੇ ਹਨ। ਭਾਈ ਜਸਬੀਰ ਸਿੰਘ ਖਾਲਸਾ ਨੇ ਕਿਹਾ ਕਿ ਕਿਸੇ ਨਿਹੰਗ ਸਿੰਘ ਜਥੇਬੰਦੀ ਤੇ ਹੋਰ ਸਿੱਖ ਸੰਗਠਨਾਂ ਨੂੰ ਪੁੱਛੇ ਬਿਨਾਂ ਨਿਯੁਕਤੀਆਂ ਕਰਨਾ ਪੂਰੀ ਤਰ੍ਹਾਂ ਗਲਤ ਹੈ। ਉਨ੍ਹਾਂ ਨੇ ਕਿਹਾ ਕਿ ਸਿੱਖ ਸੰਸਥਾ ਸ਼੍ਰੋਮਣੀ ਪ੍ਰਬੰਧਕ ਕਮੇਟੀ ਬਹੁਤ ਸਾਰੀਆਂ ਕੁਰਬਾਨੀਆਂ ਤੋਂ ਬਾਅਦ ਹੋਂਦ ਵਿੱਚ ਆਈ ਹੈ। ਸੁਖਬੀਰ ਬਾਦਲ ਨੂੰ ਅਸਤੀਫਾ ਦੇਣ ਦਾ ਹੁਕਮ ਦਿੱਤਾ ਗਿਆ ਸੀ ਤੇ ਸੱਤ ਮੈਂਬਰੀ ਕਮੇਟੀ ਦੇ ਹੁਕਮਾਂ ਦੀ ਪਾਲਣਾ ਕੀਤੀ ਜਾਣੀ ਚਾਹੀਦੀ ਸੀ ਪਰ ਇਸ ਸਮੇਂ ਦੌਰਾਨ ਸੁਖਬੀਰ ਬਾਦਲ ਵੱਲੋਂ ਮੀਡੀਆ ਵਿੱਚ ਬਹੁਤ ਸਾਰੇ ਗਲਤ ਬਿਆਨ ਦਿੱਤੇ ਗਏ। ਭਾਈ ਜਸਬੀਰ ਸਿੰਘ ਖਾਲਸਾ ਨੇ ਕਿਹਾ ਕਿ ਸਿੱਖ ਭਾਈਚਾਰੇ ਨੇ ਸ਼੍ਰੋਮਣੀ ਕਮੇਟੀ ਬਣਾਉਣ ਲਈ ਆਪਣੀਆਂ ਜਾਨਾਂ ਕੁਰਬਾਨ ਕੀਤੀਆਂ ਹਨ। ਇਸ ਉੱਤੇ ਕਿਸੇ ਦਾ ਵੀ ਨਿੱਜੀ ਅਧਿਕਾਰ ਨਹੀਂ ਹੈ। ਉਨ੍ਹਾਂ ਨੇ ਕਿਹਾ ਕਿ ਹੋਲੀ ਮੁਹੱਲੇ ਦੇ ਤਿਉਹਾਰ ਤੋਂ ਬਾਅਦ ਅਸੀਂ ਸਿੱਖ ਸੰਗਠਨਾਂ ਦੀ ਇੱਕ ਮੀਟਿੰਗ ਬੁਲਾਵਾਂਗੇ ਤੇ ਫਿਰ ਉਨ੍ਹਾਂ ਨਾਲ ਪੰਥ ਦੀ ਰੱਖਿਆ ਲਈ ਵਿਚਾਰ-ਵਟਾਂਦਰਾ ਕਰਾਂਗੇ। ਭਾਈ ਜਸਬੀਰ ਸਿੰਘ ਖਾਲਸਾ ਨੇ ਅੱਗੇ ਕਿਹਾ ਕਿ ਦਬਾਅ ਦੇ ਮੱਦੇਨਜ਼ਰ ਐਸਜੀਪੀਸੀ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਨੇ ਅਸਤੀਫਾ ਦੇ ਦਿੱਤਾ। ਭਾਈ ਜਸਬੀਰ ਸਿੰਘ ਖਾਲਸਾ ਨੇ ਕਿਹਾ ਕਿ ਮੈਂ ਖੁਦ ਜਥੇਦਾਰ ਸੀ, ਪਰ ਅਜਿਹਾ ਪਹਿਲਾਂ ਕਦੇ ਨਹੀਂ ਹੋਇਆ। ਸਿੰਘ ਸਾਹਿਬ ਹਰਪ੍ਰੀਤ ਸਿੰਘ ਨੂੰ ਉਨ੍ਹਾਂ ਦੇ ਅਹੁਦੇ ਤੋਂ ਹਟਾ ਦਿੱਤਾ ਗਿਆ। ਉਨ੍ਹਾਂ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਮੈਂਬਰਾਂ ਦੇ ਪੁੱਤਰਾਂ ਨੇ ਦਾੜ੍ਹੀਆਂ ਕਟਵਾਈਆਂ ਹੋਈਆਂ ਹਨ ਤੇ ਸ਼ਰਾਬ ਪੀਂਦੇ ਹਨ। ਸਭ ਤੋਂ ਪਹਿਲਾਂ ਉਹ ਖੁਦ ਨਸ਼ੇ ਤੋਂ ਮੁਕਤ ਹੋਣ ਤੇ ਅੰਮ੍ਰਿਤਧਾਰੀ ਸਿੱਖ ਬਣਨ। ਕੇਸਗੜ੍ਹ ਸਾਹਿਬ ਦੇ ਨਵੇਂ ਜਥੇਦਾਰ ਦੀ ਤਾਜਪੋਸ਼ੀ ਨੂੰ ਅੰਤਿਮ ਰੂਪ ਦੇ ਦਿੱਤਾ ਗਿਆ ਹੈ। ਜੇਕਰ ਕੱਲ੍ਹ ਤਾਜਪੋਸ਼ੀ ਸਮਾਰੋਹ ਦੌਰਾਨ ਕੋਈ ਘਟਨਾ ਵਾਪਰਦੀ ਹੈ ਤਾਂ ਸੁਖਬੀਰ ਬਾਦਲ ਤੇ ਕਮੇਟੀ ਦੇ ਹੋਰ ਮੈਂਬਰ ਇਸ ਦੇ ਜ਼ਿੰਮੇਵਾਰ ਹੋਣਗੇ। ਜੇਕਰ ਜਥੇਦਾਰ ਨਿਯੁਕਤ ਕਰਨਾ ਪਵੇ ਤਾਂ ਨਿਹੰਗ ਸੰਗਠਨਾਂ ਦੀ ਰਾਏ ਲਈ ਜਾਂਦੀ ਹੈ ਪਰ ਜਥੇਦਾਰ ਦੀ ਨਿਯੁਕਤੀ ਕਰਦੇ ਸਮੇਂ ਕਿਸੇ ਤੋਂ ਵੀ ਅਜਿਹੀ ਰਾਏ ਨਹੀਂ ਲਈ ਗਈ। ਉਨ੍ਹਾਂ ਨੇ ਕਿਹਾ ਕਿ ਕੋਈ ਵੀ ਰਾਜਨੀਤਕ ਪਾਰਟੀ ਅਜਿਹਾ ਫੈਸਲਾ ਨਹੀਂ ਲੈ ਸਕਦੀ ਜੋ ਸਿੱਖ ਧਰਮ ਦੇ ਵਿਰੁੱਧ ਹੋਵੇ। ਕਿਸੇ ਨੂੰ ਵੀ ਅਜਿਹਾ ਕਰਨ ਦਾ ਅਧਿਕਾਰ ਨਹੀਂ।






# Pakistan Gurdwara Yatra

**28th October to 7th November 2025**

**Yatra Includes 25+ Gurudwara Sahib Darshan.**

**Accommodation in hotels and travel within Pakistan and Yatra Start to Finish Point in AC Coaches**

ਪਾਕਿਸਤਾਨ
ਵਿਖੇ ਸ੍ਰੀ ਨਨਕਾਣਾ ਸਾਹਿਬ
ਤੋਂ ਇਲਾਵਾ 25 ਹੋਰ
ਗੁਰਦੁਆਰਾ ਸਾਹਿਬਾਨ ਦੇ ਦਰਸ਼ਨ
**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

Note: It does not include flight ticket and insurance, it has to be done by the passenger himself.

ਜਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।


★-- ਗੁਰੂ ਪੰਥ ਦੇ ਸੇਵਾਦਾਰ --★

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

# ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death

Sant Jarnail Singh Ji Khalsa Bhindranwale

www.damdamitaksal.net


ਗੁਰਮਤਿ ਸ਼ਬਦ ਸਚੀ ਟਕਸਾਲ ॥ ਦਮਦਮੀ ਟਕਸਾਲ

ਨਾਮ ਜਪੋ
ਕਿਰਤ ਕਰੋ
ਵੰਡ ਛਕੋ

Naam Japo
Kirat Karo
Vand Shako

ਜਥਾ ਭਿੰਡਰਾਂ (ਮਹਿਤਾ)

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛਕ ਕੇ ਗੁਰੂ ਵਾਲੇ ਬਣੋ

Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ

Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ

Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ

Learn Gurmukhi Punjabi

ਗਤਕਾ ਸਿੱਖੋ Learn Gatka

www.damdamitaksal.net



ਆਵਾਜ਼ਿ ਕੌਮ

Daily Newspaper from U.K.

Publisher/Chief Editor

**Raghbir Singh Walsal**

E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I

Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫਤਹਿ | ਅੰਮ੍ਰਿਤ ਛਕੋ ਸਿੰਘ ਸਜੋ - ਨਸ਼ੇ ਛੱਡੋ ਕੋਹੜ ਵੱਡੋ | ਪੰਥ ਕੀ ਜੀਤ

## ਖਾਲਸਾ ਸਾਜਨਾ ਦਿਵਸ ਦੇ ਸਬੰਧ ਵਿੱਚ ਤਿੰਨ ਰੋਜ਼ਾ

# ਮਹਾਨ ਗੁਰਮਤਿ ਸਮਾਗਮ

ਗੁਰਦੁਆਰਾ ਸ੍ਰੀ ਨਾਮਦੇਵ ਭਵਨ, ਅਕਾਲਸਰ ਰੋਡ, ਮੋਗਾ ਵਿਖੇ ਮਿਤੀ 25-26-27 ਮਾਰਚ, 2025 ਦਿਨ ਮੰਗਲਵਾਰ, ਬੁੱਧਵਾਰ ਅਤੇ ਵੀਰਵਾਰ ਸ਼ਾਮ 6.00 ਤੋਂ 9.15 ਵਜੇ ਤੱਕ ਦੀਵਾਨ ਸਜਾਏ ਜਾਣਗੇ। ਜਿਸ ਵਿੱਚ ਪੰਥ ਦੇ ਮਹਾਨ ਕੀਰਤਨ, ਕਥਾ ਵਾਚਕ, ਢਾਡੀ, ਕਵਿਸ਼ਰੀ ਸਿੰਘ ਹਾਜ਼ਰੀਆਂ ਭਰਨਗੇ ਇਸ ਹੋ ਰਹੇ ਮਹਾਨ ਗੁਰਮਤਿ ਸਮਾਗਮ ਵਿੱਚ ਪਹੁੰਚ ਕੇ ਲਾਹੇ ਪ੍ਰਾਪਤ ਕਰੋ ਜੀ।

**ਮਿਤੀ 25 ਮਾਰਚ, 2025 ਦਿਨ ਮੰਗਲਵਾਰ**
ਰਹਿਰਾਸ ਸਾਹਿਬ --- 6:00 ਤੋਂ 6:30 ਵਜੇ ਤੱਕ
ਕੀਰਤਨ --- 6:30 ਤੋਂ 7:00 ਵਜੇ ਤੱਕ
(ਕੀਰਤਨ ਭਾਈ ਸੋਹਣ ਸਿੰਘ ਹਜੂਰੀ ਜੱਥਾ)
ਕਵਿਸ਼ਰੀ --- 7:00 ਤੋਂ 7:40 ਵਜੇ ਤੱਕ
(ਭਾਈ ਵਰਿਆਮ ਸਿੰਘ ਸਲੀਣਾ ਕਵਿਸ਼ਰੀ ਜੱਥਾ)
ਕਥਾ --- 7:40 ਤੋਂ 9:15 ਵਜੇ ਤੱਕ
(ਪੰਥ ਦੇ ਮਹਾਨ ਕਥਾ ਵਾਚਕ ਗਿਆਨੀ ਨਿਰਮਲ ਸਿੰਘ ਧੂਲਕੋਟ)

**ਮਿਤੀ 26 ਮਾਰਚ, 2025 ਦਿਨ ਬੁੱਧਵਾਰ**
ਰਹਿਰਾਸ ਸਾਹਿਬ --- 6:00 ਤੋਂ 6:30 ਵਜੇ ਤੱਕ
ਕੀਰਤਨ --- 6:30 ਤੋਂ 7:00 ਵਜੇ ਤੱਕ
(ਕੀਰਤਨ ਭਾਈ ਸੋਹਣ ਸਿੰਘ ਹਜੂਰੀ ਜੱਥਾ)
ਕਵਿਸ਼ਰੀ --- 7:00 ਤੋਂ 7:40 ਵਜੇ ਤੱਕ
(ਭਾਈ ਵਰਿਆਮ ਸਿੰਘ ਸਲੀਣਾ ਕਵਿਸ਼ਰੀ ਜੱਥਾ)
ਢਾਡੀ --- 7:40 ਤੋਂ 9:15 ਵਜੇ ਤੱਕ
(ਭਾਈ ਸੁਖਵਿੰਦਰ ਸਿੰਘ ਢਾਡੀ ਜੱਥਾ)

**ਮਿਤੀ 27 ਮਾਰਚ, 2025 ਦਿਨ ਵੀਰਵਾਰ**
ਰਹਿਰਾਸ ਸਾਹਿਬ --- 6:00 ਤੋਂ 6:30 ਵਜੇ ਤੱਕ
ਕੀਰਤਨ --- 6:30 ਤੋਂ 7:00 ਵਜੇ ਤੱਕ
(ਕੀਰਤਨ ਭਾਈ ਸੋਹਣ ਸਿੰਘ ਹਜੂਰੀ ਜੱਥਾ)
ਕਵਿਸ਼ਰੀ --- 7:00 ਤੋਂ 7:40 ਵਜੇ ਤੱਕ
(ਭਾਈ ਵਰਿਆਮ ਸਿੰਘ ਸਲੀਣਾ ਕਵਿਸ਼ਰੀ ਜੱਥਾ)
ਢਾਡੀ --- 7:40 ਤੋਂ 9:15 ਵਜੇ ਤੱਕ
(ਪੰਥ ਦੇ ਮਹਾਨ ਕਥਾ ਵਾਚਕ ਗਿਆਨੀ ਸੁਖਦੇਵ ਸਿੰਘ ਡੱਲਾ)







ਪੰਥ ਦੇ ਮਹਾਨ ਕਥਾ ਵਾਚਕ
ਗਿਆਨੀ ਸੁਖਦੇਵ ਸਿੰਘ ਡੱਲਾ



ਪੰਥ ਦੇ ਮਹਾਨ ਕਥਾ ਵਾਚਕ
ਗਿਆਨੀ ਨਿਰਮਲ ਸਿੰਘ ਧੂਲਕੋਟ

ਅੰਮ੍ਰਿਤ ਛਕੋ ਸਿੰਘ ਸਜੋ - ਧੰਨ ਧੰਨ ਸ੍ਰੀ ਗੁਰੂ ਗੋਬਿੰਦ ਸਿੰਘ
ਧੰਨ ਧੰਨ ਮਾਤਾ ਸਾਹਿਬ ਕੌਰ ਜੀ ਦੇ ਪੁੱਤਰੋ ਧੀਓ ਅੰਮ੍ਰਿਤ ਧਾਰੀ ਹੋ ਕੇ ਜੀਓ।

ਮਿਤੀ 28 ਮਾਰਚ, 2025 ਦਿਨ ਸ਼ੁਕਰਵਾਰ ਨੂੰ ਸਵੇਰੇ 11:30 ਵਜੇ ਮਹਾਨ ਅੰਮ੍ਰਿਤ ਸੰਚਾਰ ਹੋਵੇਗਾ। ਅੰਮ੍ਰਿਤ ਅਭਿਲਾਖੀ ਪ੍ਰਾਣੀ ਕੇਸੀ ਇਸ਼ਨਾਨ ਕਰਕੇ ਸਮੇਂ ਸਿਰ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ। ਕਕਾਰਾਂ ਦੀ ਸੇਵਾ ਫਰੀ ਕੀਤੀ ਜਾਵੇਗੀ।

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ :
ਭਾਈ ਗੁਰਮੀਤ ਸਿੰਘ ਸਲੀਣਾ (UK) 73409-17046
ਭਾਈ ਹਰਮੇਲ ਸਿੰਘ ਮੋਗਾ 94171-39213

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਵੱਲੋਂ : ਗੁਰਦੁਆਰਾ ਨਾਮਦੇਵ ਭਵਨ ਪ੍ਰਬੰਧਕੀ ਕਮੇਟੀ, ਮੋਗਾ
ਮੋ: 99156-86386

ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੁ ਕੋਟਿ ਪੈਂਡਾ ਆਗੇ ਹੋਇ ਲੇਤ ਹੈ ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.

## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 28 ਅਕਤੂਬਰ 2025 ਤੋਂ 7 ਨਵੰਬਰ 2025 ਤੱਕ ਹੋਵੇਗੀ



### ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਨਾਲ ਸੰਪਰਕ ਕਰੋ ਜੀ।

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

Note: It does not include flight ticket and insurance, it has to be done by the passenger himself.

ਜ਼ਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਲਗਜ਼ਰੀ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

☛ ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ 'ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।

☛ ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।

**BOOK YOUR SEATS NOW**

✶-- ਗੁਰੂ ਪੰਥ ਦੇ ਸੇਵਾਦਾਰ --✶

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

• ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall

+447976210161

• ਭਾਈ ਬਲਜੀਤ ਸਿੰਘ ਕੰਗ/Bhai Baljit Singh Kang

+44 7780 605230

• ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)


+44 7568 517223

Website : www.nsycuk.com

E-mail : gnstuk@hotmail.com

## ਭਾਈ ਗੁਰਦੀਪ ਸਿੰਘ ਬਠਿੰਡਾ ਨੂੰ ਗਹਿਰਾ ਸਦਮਾ

# ਮਾਤਾ ਬਲਦੇਵ ਕੌਰ ਜੀ ਸਵਰਗਵਾਸ



ਆਵਾਜ਼ਿ ਕੌਮ AWAZE QAUM International Newspaper & WEB TV

### ਸਵ. ਮਾਤਾ ਬਲਦੇਵ ਕੌਰ ਜੀ

ਅੱਜ ਭਾਈ ਗੁਰਦੀਪ ਸਿੰਘ ਬਠਿੰਡਾ ਦੇ ਮਾਤਾ ਜੀ ਸਵਰਗਵਾਸ ਹੋ ਗਏ ਹਨ ਮਾਤਾ ਬਲਦੇਵ ਕੌਰ ਜੀ ਬਹੁਤ ਹੀ ਧਾਰਮਿਕ ਖਿਆਲਾਂ ਦੇ ਅਤੇ ਸਹਿਜ ਅਵਸਥਾ ਦੇ ਸੁਭਾਅ ਵਾਲੇ ਸਨ ਮਾਤਾ ਜੀ 92 ਸਾਲ ਦੀ ਉਮਰ ਭੋਗ ਕੇ ਇਸ ਫਾਨੀ ਸੰਸਾਰ ਤੋਂ ਪਰਲੋਕ ਗਵਣ ਕਰ ਰਹੇ ਹਨ ਉਹਨਾਂ ਨੇ ਸਿੱਖ ਸੰਘਰਸ਼ ਵਿੱਚ ਬਹੁਤ ਉਤਰਾ ਚੜ੍ਹਾ ਵੇਖੇ ਹਨ ਔਰ ਬਹੁਤ ਹੀ ਸਹਿਜ ਵਿੱਚ ਹੀ ਰਹਿੰਦੇ ਸਨ ਬਹੁਤ ਘੱਟ ਬੋਲਦੇ ਸਨ ਅਤੇ ਨਾਮ ਸਿਮਰਨ ਵਿੱਚ ਵਿਸ਼ਵਾਸ ਰੱਖਦੇ ਸਨ ਪਰਮਾਤਮਾ ਉਹਨਾਂ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ੇ ਅਤੇ ਸੰਸਾਰਕ ਯਾਤਰਾ ਕਰਦਿਆਂ ਹੋਈਆਂ ਅਚਾਨਕ ਭੁੱਲਾਂ ਦੀ ਖਿਮਾ ਬਖਸ਼ਿਸ਼ ਕਰੇ ਅਤੇ ਪਿੱਛੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਾਲ ਬਖਸ਼ਿਸ਼ ਕਰੇ।



-- : ਦਾਸ :--

## ਸਿੰਘ ਸਾਹਿਬ ਭਾਈ ਜਸਵੀਰ ਸਿੰਘ ਖਾਲਸਾ

### ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਤੇ

## ਸਮੂਹ ਇੰਟਰਨੈਸ਼ਨਲ ਪੰਥਕ ਦਲ

## ਸਿੱਖ ਸੰਘਰਸ਼ ਵਿੱਚ ਵੱਡਾ ਯੋਗਦਾਨ ਪਾਉਣ ਵਾਲੇ ਭਾਈ ਗੁਰਦੀਪ ਸਿੰਘ ਬਠਿੰਡਾ ਨੂੰ ਗਹਿਰਾ ਸਦਮਾ

# ਮਾਤਾ ਬਲਦੇਵ ਕੌਰ ਜੀ ਸਵਰਗਵਾਸ

ਅੱਜ ਭਾਈ ਗੁਰਦੀਪ ਸਿੰਘ ਬਠਿੰਡਾ ਦੇ ਮਾਤਾ ਜੀ ਸਵਰਗਵਾਸ ਹੋ ਗਏ ਹਨ ਮਾਤਾ ਬਲਦੇਵ ਕੌਰ ਜੀ ਬਹੁਤ ਹੀ ਧਾਰਮਿਕ ਖਿਆਲਾਂ ਦੇ ਅਤੇ ਸਹਿਜ ਅਵਸਥਾ ਦੇ ਸੁਭਾਅ ਵਾਲੇ ਸਨ ਮਾਤਾ ਜੀ 92 ਸਾਲ ਦੀ ਉਮਰ ਭੋਗ ਕੇ ਇਸ ਫਾਨੀ ਸੰਸਾਰ ਤੋਂ ਪਰਲੋਕ ਗਵਣ ਕਰ ਰਹੇ ਹਨ ਉਹਨਾਂ ਨੇ ਸਿੱਖ ਸੰਘਰਸ਼ ਵਿੱਚ ਬਹੁਤ ਉਤਰਾ ਚੜਾ ਵੇਖੇ ਹਨ ਔਰ ਬਹੁਤ ਹੀ ਸਹਿਜ ਵਿੱਚ ਹੀ ਰਹਿੰਦੇ ਸਨ ਬਹੁਤ ਘੱਟ ਬੋਲਦੇ ਸਨ ਅਤੇ ਨਾਮ ਸਿਮਰਨ ਵਿੱਚ ਵਿਸ਼ਵਾਸ ਰੱਖਦੇ ਸਨ ਪਰਮਾਤਮਾ ਉਹਨਾਂ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ੇ ਅਤੇ ਸੰਸਾਰਕ ਯਾਤਰਾ ਕਰਦਿਆਂ ਹੋਈਆਂ ਅਚਾਨਕ ਭੁੱਲਾਂ ਦੀ ਖਿਮਾ ਬਖਸ਼ਿਸ਼ ਕਰੇ ਅਤੇ ਪਿੱਛੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਾਲ ਬਖਸ਼ਿਸ਼ ਕਰੇ।



ਸਵ. ਮਾਤਾ ਬਲਦੇਵ ਕੌਰ ਜੀ



ਭਾਈ ਰਘਵੀਰ ਸਿੰਘ ਵਾਲਸਾਲ
ਪ੍ਰਧਾਨ
ਇੰਟਰਨੈਸ਼ਨਲ ਪੰਥਕ ਦਲ, ਯੂ. ਕੇ.



ਭਾਈ ਪਰਮਜੀਤ ਸਿੰਘ ਢਾਡੀ ਵੈਨਸਫੀਲਡ
ਅੰਤਰਰਾਸ਼ਟਰੀ ਚੀਫ਼ ਆਰਗੇਨਾਈਜ਼ਰ
ਇੰਟਰਨੈਸ਼ਨਲ ਪੰਥਕ ਦਲ



ਭਾਈ ਕਪਤਾਨ ਸਿੰਘ (ਇੰਗਲੈਂਡ)
ਜਨਰਲ ਸਕੱਤਰ ਅਤੇ ਮੁੱਖ ਬੁਲਾਰਾ
ਇੰਟਰਨੈਸ਼ਨਲ ਪੰਥਕ ਦਲ, ਯੂ. ਕੇ.

-: ਭਾਣੇ ਵਿੱਚ :-

**ਸਮੂਹ ਅਹੁਦੇਦਾਰ ਤੇ ਮੈਂਬਰ, ਇੰਟਰਨੈਸ਼ਨਲ ਪੰਥਕ ਦਲ**

ਆਵਾਜ਼ਿ ਕੌਮ
AWAZE QAUM
International Newspaper & WEB TV

ਪਿੰਡ ਬੁਰਜ ਕੁਲਾਰਾ ਵਿਖੇ

# ਗੱਤਕੇ ਅਤੇ ਕਵੀਸ਼ਰੀ ਦੇ ਮੁਕਾਬਲੇ ਕਰਵਾਏ









ਜਗਰਾਉਂ –(ਵਰਿਆਮ ਹਠੂਰ) ਜ਼ਿਲ੍ਹਾ ਲੁਧਿਆਣਾ ਦੇ ਆਖ਼ਰੀ ਪਿੰਡ ਬੁਰਜ ਕੁਲਾਰਾ ਵਿਖੇ ਨਿਰਵੈਰ ਖਾਲਸਾ ਗੱਤਕਾ ਅਖਾੜਾ ਬੁਰਜ ਕੁਲਾਰਾ ਵੱਲੋਂ ਕੈਲੇਫੋਰਨੀਆਂ ਗੱਤਕਾ ਦਲ ਯੂ ਐੱਸ ਏ, ਗੁਰਦੁਆਰਾ ਪ੍ਰਬੰਧਕ ਕਮੇਟੀਆਂ, ਨਗਰ ਨਿਵਾਸੀਆਂ ਅਤੇ ਐੱਨ ਆਰ ਆਈ ਵੀਰਾਂ ਦੇ ਸਹਿਯੋਗ ਸਦਕਾ ਖ਼ਾਲਸੇ ਦੇ ਕੌਮੀ ਤਿਉਹਾਰ ਹੋਲੇ ਮੁਹੱਲੇ ਨੂੰ ਸਮਰਪਿਤ ਚੌਥਾ ਗੱਤਕਾ ਟੂਰਨਾਮੈਂਟ, ਕਵੀਸ਼ਰੀ ਮੁਕਾਬਲੇ, ਅਤੇ ਸਿੱਖੀ ਨਾਲ ਸਬੰਧਤ ਧਾਰਮਿਕ ਲਿਖਤੀ ਪੇਪਰ ਲਏ ਗਏ, ਸਵੇਰੇ ਗੁਰਦੁਆਰਾ ਪਾਤਸ਼ਾਹੀ ਛੇਵੀਂ ਵਿਖੇ ਸਤਿਗੁਰਾਂ ਦੀ ਇਲਾਹੀ ਬਾਣੀ ਦੇ ਜਾਪ ਹੋਏ ਤੇ ਅਰਦਾਸ ਉਪਰੰਤ ਪੁੱਜੀਆਂ ਟੀਮਾਂ ਨੇ ਨਗਰ ਵਿੱਚ ਰਵਾਇਤਾਂ ਅਨੁਸਾਰ ਮਹੱਲਾ ਕੱਢਿਆ, ਉਸ ਤੋਂ ਬਾਅਦ ਜਜਮੈਂਟ ਕੋਚਾਂ ਦੀ ਦੇਖ ਰੇਖ ਹੇਠ ਸਟੇਜ ਤੇ ਅੰਡਰ 17 ਦੇ ਕਵੀਸ਼ਰੀ ਮੁਕਾਬਲੇ ਕਰਵਾਏ ਗਏ, ਤੇ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ ਵਿੱਚ ਬੱਚਿਆਂ ਦੇ ਗੁਰਸਿੱਖੀ ਨਾਲ ਸਬੰਧਿਤ ਧਾਰਮਿਕ ਪੇਪਰ ਲਏ ਗਏ, ਤੇ ਫਿਰ ਗੱਤਕੇ ਦੇ ਮੁਕਾਬਲੇ ਕਰਵਾਏ ਗਏ, ਟੀਮ ਪ੍ਰਦਰਸ਼ਨ ਵਿੱਚ ਪਹਿਲਾ ਸਥਾਨ ਗੁਰੂ ਕੀ ਫੌਜ ਬੁੱਢਾ ਦਲ ਗੱਤਕਾ ਅਖਾੜਾ ਪਿੰਡ ਛੱਜਾਵਾਲ ਦੀ ਟੀਮ ਨੇ ਹਾਸਲ ਕੀਤਾ, ਤੇ ਦੂਜਾ ਸਥਾਨ ਤੇ ਜੈ ਤੇਗੰਨ ਗੱਤਕਾ ਅਖਾੜਾ ਸ਼੍ਰੀ ਅੰਮ੍ਰਿਤਸਰ ਸਹਿਬ ਦੀ ਟੀਮ ਰਹੀ, ਤੀਜਾ ਸਥਾਨ ਮੀਰੀ ਪੀਰੀ ਪੀਰੀ ਗੱਤਕਾ ਅਖਾੜਾ ਚਮਿੰਡਾ ਦੀ ਟੀਮ ਨੇ ਹਾਸਲ ਕੀਤਾ, ਅੰਡਰ 17 ਫਾਇਟ ਵਿੱਚ ਪਹਿਲਾ ਸਥਾਨ ਅਰਸ਼ਪ੍ਰੀਤ ਸਿੰਘ ਪਿੰਡ ਭਿੰਡਰ ਕਲਾਂ ਨੇ ਹਾਸਲ ਕੀਤਾ, ਦੂਜਾ ਸਥਾਨ ਸੁੱਚਾ ਸਿੰਘ ਪਿੰਡ ਮਾਛੀਕੇ, ਅਤੇ ਤੀਜਾ ਸਥਾਨ ਗਗਨਦੀਪ ਸਿੰਘ ਚਮਿੰਡਾ, ਨੇ ਹਾਸਲ ਕੀਤਾ ਅੰਡਰ 17 ਧਾਰਮਿਕ ਪੇਪਰ ਵਿੱਚ ਪਹਿਲਾ ਸਥਾਨ ਹਰਮਨ ਸਿੰਘ ਮਾਛੀਕੇ, ਦੂਜਾ ਅਮ੍ਰਿਤਪਾਲ ਸਿੰਘ, ਤੀਜਾ ਸਥਾਨ ਰਾਜਵੀਰ ਸਿੰਘ ਲੱਖਾ ਨੇ ਹਾਸਲ ਕੀਤਾ, ਕਵੀਸ਼ਰੀ ਮੁਕਾਬਲੇ ਵਿਚ ਪਹਿਲਾ ਸਥਾਨ ਤੀਰਥ ਸਿੰਘ ਲੋਪੋ, ਦੂਜਾ ਰਾਜਵੀਰ ਸਿੰਘ ਲੱਖਾ, ਤੀਜਾ ਸਥਾਨ ਤੇ ਲੁਹਾਰੇ ਵਾਲਾ ਕਵੀਸ਼ਰੀ ਜੱਥਾ ਰਿਹਾ, ਲਖਵੀਰ ਸਿੰਘ ਤਖਤੂਪੁਰਾ ਦੇ ਚਰਚਿਤ ਕਵੀਸ਼ਰੀ ਜੱਥੇ ਨੇ ਜਿੱਥੇ ਗੁਰ ਇਤਿਹਾਸ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ ਉੱਥੇ ਪ੍ਰਬੰਧਕਾਂ ਵੱਲੋਂ ਸਟੇਜ ਤੋਂ ਉਨ੍ਹਾਂ ਨੂੰ ਗੋਲਡ ਮੈਡਲ ਨਾਲ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ, ਗੱਤਕਾ ਜੱਜਮੈਂਟ ਦੀ ਸੇਵਾ ਹਰਦੀਪ ਸਿੰਘ ਭਿੰਡਰ, ਗੁਰਪ੍ਰੀਤ ਸਿੰਘ ਤਖਤੂਪੁਰਾ, ਅਰਸ਼ਪ੍ਰੀਤ ਸਿੰਘ ਬੁਰਜ ਕੁਲਾਰਾ, ਭਗਵਾਨ ਸਿੰਘ ਮਾਛੀਕੇ, ਹਰਪਿੰਦਰ ਸਿੰਘ ਤਖਤੂਪੁਰਾ, ਜਥੇਦਾਰ ਹਰਪ੍ਰੀਤ ਸਿੰਘ ਹਠੂਰ, ਮਨਜਿੰਦਰ ਸਿੰਘ ਤਖਤੂਪੁਰਾ, ਗੁਰਸਾਹਿਲ ਸਿੰਘ ਬੁਰਜ ਕੁਲਾਰਾ, ਕਵੀਸ਼ਰੀ ਜਜਮੈਂਟ ਜਸਵੀਰ ਸਿੰਘ ਮਾਣੂੰਕੇ, ਕਵੀਸ਼ਰ ਲਖਵੀਰ ਸਿੰਘ ਤਖਤੂਪੁਰਾ, ਗੁਰਵਿੰਦਰ ਸਿੰਘ ਕੁੱਸਾ ਨੇ ਨਿਭਾਈ ਇਸ ਮੌਕੇ ਗੁਰਦੁਆਰਾ ਮਲੋ ਸ਼ਹੀਦ ਹਿੰਮਤਪੁਰਾ ਦੇ ਮੁੱਖ ਸੇਵਾਦਾਰ ਬਾਬਾ ਅਜੀਤ ਸਿੰਘ ਜੀ, ਨਿਰਵੈਰ ਖਾਲਸਾ ਗੱਤਕਾ ਅਖਾੜਾ ਬੁਰਜ ਕੁਲਾਰਾ ਦੇ ਜਥੇਦਾਰ ਭਾਈ ਜਗਪ੍ਰੀਤ ਸਿੰਘ ਖਾਲਸਾ, ਭਾਈ ਬਚਿੱਤਰ ਸਿੰਘ ਗੱਤਕਾ ਅਖਾੜਾ ਹਠੂਰ ਦੇ ਜਥੇਦਾਰ ਭਾਈ ਹਰਪ੍ਰੀਤ ਸਿੰਘ ਖਾਲਸਾ ਹਠੂਰ, ਸਾਬਕਾ ਸਰਪੰਚ ਬੂਟਾ ਸਿੰਘ ਬੁਰਜ ਕੁਲਾਰਾ, ਕਵੀਸ਼ਰ ਲਖਵੀਰ ਸਿੰਘ ਤਖਤੂਪੁਰਾ, ਕਵੀਸ਼ਰ ਗੁਰਵਿੰਦਰ ਸਿੰਘ ਕੁੱਸਾ, ਅਤੇ ਛਿੰਦਰਪਾਲ ਸ਼ਰਮਾ ਬੁਰਜ਼ ਕੁਲਾਰਾ ਨੇ ਆਪਣੇ ਵਿਚਾਰਾਂ ਦੀ ਸਾਂਝ ਪਾਈ, ਤੇ ਸਮੂਹ ਸੰਗਤਾਂ ਦਾ ਧੰਨਵਾਦ ਕੀਤਾ, ਮਰਹੂਮ ਸਰਪੰਚ ਮੇਜ਼ਰ ਸਿੰਘ ਦੇ ਬੇਟੇ ਕਰਨਵੀਰ ਸਿੰਘ ਵੱਲੋਂ 31000 ਰੁਪਏ ਦਾ ਸਲਾਘਾਯੋਗ ਉਪਰਾਲੇ ਲਈ ਵਿਸ਼ੇਸ਼ ਤੌਰ ਤੇ ਸਹਿਯੋਗ ਦਿੱਤਾ ਗਿਆ, ਇਸ ਮੌਕੇ ਸਮੂਹ ਗੁਰਦੁਆਰਾ ਪ੍ਰਬੰਧਕ ਕਮੇਟੀ, ਨਗਰ ਨਿਵਾਸੀ, ਗੱਤਕਾ ਟੀਮਾਂ, ਕਵੀਸ਼ਰੀ ਜੱਥੇ ਹਾਜ਼ਰ ਸਨ। ਗੁਰੂ ਕਾ ਲੰਗਰ ਅਤੁੱਟ ਵਰਤਿਆ।

### ਲਖਵੀਰ ਸਿੰਘ ਤਖਤੂਪੁਰਾ ਦੇ ਕਵੀਸ਼ਰੀ ਜੱਥੇ ਦਾ ਗੋਲਡ ਮੈਡਲ ਨਾਲ ਹੋਇਆ ਸਨਮਾਨ

## ਅੰਤ੍ਰਿੰਗ ਕਮੇਟੀ ਵੱਲੋਂ ਜਥੇਦਾਰਾਂ ਨੂੰ ਇਸ ਤਰ੍ਹਾਂ ਅਹੁਦੇ ਤੋਂ ਹਟਾਉਣ ਦਾ ਫੈਸਲਾ ਮੰਦਭਾਗਾ ਹੈ : ਹਰੀ ਸਿੰਘ ਪ੍ਰੀਤ



**ਨਾਭਾ ( ਰਣਜੀਤ ਸਿੰਘ ਪੇਧਨੀ )**-ਸ੍ਰੋਮਣੀ ਕਮੇਟੀ ਦੀ ਅੰਤ੍ਰਿੰਗ ਕਮੇਟੀ ਵੱਲੋਂ ਸ਼੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਜੀ ਅਤੇ ਤਖਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਸੁਲਤਾਨ ਸਿੰਘ ਨੂੰ ਸੇਵਾ ਮੁਕਤ ਕਰਨ ਦੇ ਰੋਸ ਵਜੋਂ ਸ੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਉੱਘੇ ਸਮਾਜ ਸੇਵੀ ਸ ਹਰੀ ਸਿੰਘ ਪ੍ਰੀਤ ਨੇ ਪਾਰਟੀ ਦੇ ਸਾਰੇ ਅਹੁਦਿਆਂ ਤੋਂ ਅਸਤੀਫਾ ਦਿੱਤਾ ਗਿਆ।ਇਸ ਮੌਕੇ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ,ਹਰੀ ਸਿੰਘ ਪ੍ਰੀਤ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਨੇ ਪਹਿਲਾ ਗਿਆਨੀ ਹਰਪ੍ਰੀਤ ਸਿੰਘ ਨੂੰ ਅਹੁਦੇ ਤੋਂ ਹਟਾਇਆ ਗਿਆ ਤਖਤਾਂ ਦੇ ਜਥੇਦਾਰਾਂ ਨੂੰ ਇਸ ਤਰਾ ਜਲੀਲ ਕਰਕੇ ਹਟਾਉਣਾ ਬਹੁਤ ਹੀ ਮੰਦਭਾਗੀ ਘਟਨਾ ਹੈ ਜਿਸ ਨੂੰ ਸਿੱਖ ਕੌਮ ਕਦੇ ਵੀ ਬਰਦਾਸ਼ਤ ਨਹੀਂ ਕਰੇਗੀ।ਉਹਨਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਵਿੱਚ ਹੁਣ ਬਹੁਤ ਕੁਝ ਹੋ ਚੁੱਕਿਆ ਹੈ ਅਕਾਲੀ ਦਲ ਨੂੰ ਕੁਝ ਸੋਚਣਾ ਚਾਹੀਦਾ ਹੈ ਕਿ ਜਿਹੜੀ ਸਿੱਖ ਕੌਮ ਕਰਕੇ ਅਕਾਲੀ ਦਲ ਐਨੈ ਸਾਲ ਪੰਜਾਬ ਵਿੱਚ ਰਾਜ ਕਰ ਗਿਆ ਹੁਣ ਉਸੇ ਹੀ ਸਿੱਖ ਪੰਥ ਨੂੰ ਨੀਵਾਂ ਦਿਖਾਉਣ ਦੀਆਂ ਕੋਝੀਆਂ ਚਾਲਾਂ ਚਲਾਉਣੀਆਂ ਬੰਦ ਕਰੇ, ਨਹੀਂ ਤਾਂ ਪੰਜਾਬ ਦੇ ਲੋਕ ਆਉਣ ਵਾਲੀਆਂ ਐਸਜੀਪੀਸੀ ਦੀਆਂ ਚੋਣਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਵੱਡੇ ਆਗੂਆਂ ਨੂੰ ਹਰਾ ਕੇ ਮੂੰਹ ਤੋੜਵਾਂ ਜਵਾਬ ਦੇਣਗੇ।

## ਇੰਸਪੈਕਟਰ ਕਰਨਬੀਰ ਸਿੰਘ ਸੰਧੂ ਨੇ ਥਾਣਾ ਸਦਰ ਧੂਰੀ ਦੇ ਮੁੱਖ ਅ.ਫਸਰ ਵਜੋਂ ਚਾਰਜ ਸੰਭਾਲਿਆ



**ਧੂਰੀ ( ਰਣਜੀਤ ਸਿੰਘ ਪੇਧਨੀ )**-ਇੰਸਪੈਕਟਰ ਕਰਨਬੀਰ ਸਿੰਘ ਸੰਧੂ ਨੇ ਥਾਣਾ ਸਦਰ ਧਰੀ ਦੇ ਐਸ ਐਚ ਓ ਵਜੋਂ ਚਾਰਜ ਸੰਭਾਲਿਆ। ਇਸ ਮੌਕੇ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਇੰਸਪੈਕਟਰ ਕਰਨਬੀਰ ਸਿੰਘ ਸੰਧੂ ਨੇ ਕਿਹਾ ਕਿ ਉਹਆਪਣੀ ਜਿੰਮੇਵਾਰੀ ਨੂੰ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਉਣਗੇ ਅਤੇ ਥਾਣਾ ਸਦਰ ਧੂਰੀ ਦੇ ਅਧੀਨ ਆਉਂਦੇ ਪਿੰਡਾਂ ਦੇ ਲੋਕਾਂ ਨੂੰ ਪੂਰਾ ਇਨਸਾਫ਼ ਦੇਣਗੇ । ਉਨ੍ਹਾਂ ਕਿਹਾ ਕਿ ਉਹ ਧੂਰੀ ਦੇ ਇਲਾਕੇ ਵਿੱਚ ਨਸ਼ਿਆਂ ਦੀ ਰੋਕਥਾਮ ਲਈ ਸਖ਼ਤ ਕਦਮ ਚੁੱਕਣਗੇ, ਕਿਸੇ ਵੀ ਤਰ੍ਹਾਂ ਦੇ ਨਸ਼ੇ ਦੀ ਸਪਲਾਈ ਕਰਨ ਵਾਲੇ ਕਿਸੇ ਵੀ ਵਿਅਕਤੀ ਨੂੰ ਬਖਸ਼ਿਆ ਨਹੀਂ ਜਾਵੇਗਾ ।ਉਨ੍ਹਾਂ ਕਿਹਾ ਕਿ ਇਲਾਕੇ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਪਿੰਡਾਂ ਵਿੱਚ ਕਿਸੇ ਵੀ ਤਰ੍ਹਾਂ ਦੇ ਨਸ਼ੇ ਦੀ ਸਪਲਾਈ ਕਰਨ ਵਾਲੇ ਵਿਅਕਤੀ ਦੀ ਸੂਚਨਾ ਦੇਣ ਵਾਲੇ ਵਿਅਕਤੀ ਦਾ ਨਾਮ ਗੁਪਤ ਰੱਖਿਆ ਜਾਵੇਗਾ।

## ਬਾਦਲਾਂ ਤੇ ਅੰਤ੍ਰਿੰਗ ਕਮੇਟੀ ਨੇ ਸਿੰਘ ਸਾਹਿਬਾਨਾਂ ਨੂੰ ਧੱਕੇ ਨਾਲ ਹਟਾਉਣਾ ਅਤੀ ਨਿੰਦਣਯੋਗ: ਕਾਲਾਬੂਲਾ



ਸ਼ੇਰਪੁਰ ( ਰਣਜੀਤ ਸਿੰਘ ਪੇਧਨੀ ) ਸ਼੍ਰੋਮਣੀ ਕਮੇਟੀ ਦੀ ਅੰਤ੍ਰਿੰਗ ਕਮੇਟੀ ਵੱਲੋਂ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਗਿਆਨੀ ਰਘਬੀਰ ਸਿੰਘ, ਸੁਲਤਾਨ ਸਿੰਘ ਜਥੇਦਾਰ ਸ੍ਰੀ ਕੇਸਗੜ੍ਹ ਸਾਹਿਬ ਅਤੇ ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੂੰ ਅਹੁਦਿਆਂ ਤੋਂ ਹਟਾਉਣਾ ਮੰਦਭਾਗਾ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸ੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਜਿਲ੍ਹਾ ਮੀਤ ਪ੍ਰਧਾਨ ਨਰਿੰਦਰ ਸਿੰਘ ਕਾਲਾਬੂਲਾ ਨੇ ਕੀਤਾ। ਉਨ੍ਹਾਂ ਕਿਹਾ ਕਿ ਬਾਦਲਾਂ ਨੇ ਉਨ੍ਹਾਂ ਦੀ ਜਗ੍ਹਾ ਆਪਣੇ ਮਹੰਤ ਸੇਵਾ ਦਾਸ ਜਥੇਦਾਰ ਥਾਪ ਦਿੱਤੇ ਹਨ । ਜਿਸ ਨਾਲ ਸਿੱਖ ਕੌਮ ਵਿੱਚ ਤਿੱਖਾ ਪ੍ਰਤੀਕਰਮ ਹੋਇਆ ਹੈ । ਹੁਣ ਸ਼੍ਰੋਮਣੀ ਕਮੇਟੀ ਇਹਨਾਂ ਮਹੰਤ ਸੇਵਾ ਦਾਸਾਂ ਦੀ ਦਸਤਾਰ ਬੰਦੀ ਦਾ ਇੱਕ ਡਰਾਮਾ ਵੀ ਕਰੇਗੀ ।ਉਨ੍ਹਾਂ ਕਿਹਾ ਕਿ ਪਹਿਲਾ ਇੰਦਰਾਂ ਗਾਂਧੀ ਨੇ ਅਕਾਲ ਤਖ਼ਤ ਸਾਹਿਬ ਢਾਹਿਆ ਸੀ ਅਤੇ ਹੁਣ ਦੂਜੇ ਪਾਸੇ ਬਾਦਲਕਿਆਂ ਨੇ ਸ੍ਰੀ ਅਕਾਲ ਤਖਤ ਸਾਹਿਬ ਦੀ ਦੇ ਸਿਧਾਂਤਾਂ ਨੂੰ ਮਲੀਆਮੇਟ ਕਰਕੇ ਅਕਾਲ ਤਖ਼ਤ ਸਾਹਿਬ ਦੀ ਪ੍ਰਭੂਸੱਤਾ ਨੂੰ ਫਿਰ ਵੰਗਾਰਿਆ ਹੈ। ਜਿਸ ਨੂੰ ਸਿੱਖ ਕੌਮ ਕਦੇ ਵੀ ਬਰਦਾਸ਼ਤ ਨਹੀਂ ਕਰੇਗੀ।

## ਦੇਸ਼ ਦੇ ਅੰਨਦਾਤੇ ਕਿਸਾਨਾਂ ਨੂੰ ਸੜਕਾਂ ਅਤੇ ਜੇਲ੍ਹਾਂ ’ਚ ਰੋਲਣਾ ਮੰਦਭਾਗਾ : ਜਸਵੰਤ ਸਿੰਘ ਹਰਪੁਰਾ ਯੂ ਐਸ ਏ



**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਉੱਘੇ ਸਮਾਜ ਸੇਵੀ ਜਸਵੰਤ ਸਿੰਘ ਹਰਪੁਰਾ ਯੂ ਐਸ ਏ ਨੇ ਚੰਡੀਗੜ੍ਹ ਵਿਖੇ ਧਰਨੇ ਚ ਸ਼ਾਮਿਲ ਹੋਣ ਜਾ ਰਹੇ ਕਿਸਾਨਾਂ ਨੂੰ ਰੋਕਣ ਲਈ ਸੜਕੀ ਰੁਕਾਵਟਾਂ ਖੜੀਆਂ ਕਰਕੇ ਖੱਜਲ ਖਆਰ ਕਰਨ ਦੀ ਸਖ਼ਤ ਨਿਖੇਧੀ ਕੀਤੀ ਹੈ ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਸੰਯੁਕਤ ਕਿਸਾਨ ਮੋਰਚੇ ਦੇ ਆਗੂਆਂ ਨੂੰ ਮੀਟਿੰਗ ਲਈ ਬੁਲਾ ਕੇ ਮੀਟਿੰਗ ਵਿੱਚੋਂ ਹੀ ਉੱਠ ਕੇ ਚਲੇ ਜਾਣਾ ਮੰਦਭਾਗਾ ਹੈ।ਜੇਕਰ ਮੁੱਖ ਮੰਤਰੀ ਅਜਿਹਾ ਕਰਨਗੇ ਤਾਂ ਇਸ ਤਰ੍ਹਾਂ ਦਾ ਵਿਵਹਾਰ ਪੰਜਾਬ ਦੇ ਭਵਿੱਖ ਲਈ ਚੰਗਾ ਨਹੀਂ ਹੋਵੇਗਾ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਦਾ ਸੰਯੁਕਤ ਕਿਸਾਨ ਮੋਰਚੇ ਨਾਲ ਆਪੇ ਹੀ ਰੱਖੀ ਮੀਟਿੰਗ ਨੂੰ ਵਿੱਚ ਵਿਚਾਲੇ ਛੱਡ ਕੇ ਭੱਜਣਾ ਨਿੰਦਣਯੋਗ ਵਰਤਾਰਾ ਹੈ। ਉਨ੍ਹਾਂ ਕਿਹਾ ਕਿ ਭਗਵੰਤ ਮਾਨ ਨੂੰ ਕਿਸਾਨਾਂ ਦੀਆਂ ਮੰਗਾਂ ਨਾਲ ਕੋਈ ਹਮਦਰਦੀ ਨਹੀਂ, ਉਹ ਕੇਵਲ ਕਿਸਾਨੀ ਸੰਘਰਸ਼ ਤੇ ਰਾਜਨੀਤੀ ਹੀ ਕਰਦੇ ਹਨ। ਜਦੋਂ ਕਿਸਾਨ ਆਪਣੀਆਂ ਮੰਗਾਂ ਦੀ ਪੂਰਤੀ ਲਈ ਸੰਘਰਸ਼ ਕਰ ਰਹੇ ਹਨ ਤਾਂ ਕਿਸਾਨਾਂ ਨੂੰ ਗ੍ਰਿਫ਼ਤਾਰ ਕਰਨਾ ਅਤੇ ਜੇਲ ਭੇਜਣਾ ਕਿੱਥੋਂ ਤੱਕ ਜਾਇਜ਼ ਹੈ। ਉਨ੍ਹਾਂ ਭਗਵੰਤ ਮਾਨ ਨੂੰ ਚਿਤਾਵਨੀ ਦਿੰਦਿਆਂ ਕਿਹਾ ਕਿ ਕਿਸਾਨਾਂ ਨਾਲ ਟਕਰਾਆ ਤਿਆਗ ਕੇ ਉਨ੍ਹਾਂ ਦੀਆਂ ਮੰਗਾਂ ਨੂੰ ਮੰਨ ਕੇ ਲਾਗੂ ਕਰੇ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243





## ਤਖਤਾਂ ਦੇ ਪ੍ਰਬੰਧ ਵਿਚ ਆਏ ਖਿੰਡਾਓ ਦੇ ਹੱਲ ਲਈ ਸੰਸਾਰ ਭਰ ਦੇ

# ਪੰਥਕ ਜਥਿਆਂ ਵਿਚ ਸੰਵਾਦ ਸ਼ੁਰੂ ਕੀਤਾ ਜਾਵੇ: ਪੰਚ ਪ੍ਰਧਾਨੀ ਪੰਥਕ ਜਥਾ

**ਚੰਡੀਗੜ੍ਹ, 9 ਮਾਰਚ (ਆਵਾਜ਼ਿ ਕੌਮ ਬਿਊਰੋ)**-ਪੰਥ ਸੇਵਕ ਸਖਸ਼ੀਅਤਾਂ ਦੇ ਪੰਚ ਪ੍ਰਧਾਨੀ ਪੰਥਕ ਜਥੇ ਵੱਲੋਂ ਅੱਜ ਇਕ ਸਾਂਝਾ ਬਿਆਨ ਜਾਰੀ ਕਰਕੇ ਕਿਹਾ ਗਿਆ ਹੈ ਕਿ ਪਿਛਲੇ ਕਈ ਦਹਾਕਿਆਂ ਤੋਂ ਪੰਥਕ ਸੰਸਥਾਵਾਂ ਦੇ ਲਗਾਤਾਰ ਗਹਿਰੇ ਹੁੰਦੇ ਜਾ ਰਹੇ ਸੰਕਟਾਂ ਦੇ ਵਰਤਾਰੇ ਵਿਚ 2 ਦਸੰਬਰ 2024 ਨੂੰ ਸ੍ਰੀ ਅਕਾਲ ਤਖਤ ਸਾਹਿਬ ਉਤੇ ਹੋਈ ਕਾਰਵਾਈ ਇਕ ਅਹਿਮ ਪੜਾਅ ਸੀ। ਬਿਨਾ ਸ਼ੱਕ ਜੋ ਪੰਜ ਗੁਨਾਹ ਬਾਦਲ ਧੜੇ ਕੋਲੋਂ ਮੰਨਵਾਏ ਗਏ ਹਨ ਉਹ ਸਹੀ ਹਨ ਪਰ ਇਸ ਸਾਰੀ ਗਿਰਾਵਟ ਅਤੇ ਪੁਨਰਸੁਰਜੀਤੀ ਬਾਰੇ ਬਿਨਾ ਕਿਸੇ ਪੜਚੋਲ ਅਤੇ ਗੁਰਸੰਗਤਿ ਦੇ ਵੱਖ-ਵੱਖ ਜਥਿਆਂ ਸੰਸਥਾਵਾਂ ਦੀ ਸ਼ਮੂਲੀਅਤ ਨਾ ਕਰਵਾਉਣ ਕਾਰਨ 2 ਦਸੰਬਰ ਵਾਲੇ ਫੈਸਲਿਆਂ ਨਾਲ ਪੰਥ ਵਿਚ ਸੂਤਰਧਾਰਤਾ ਹੋਣ ਦੀ ਬਜਾਏ ਖਿੰਡਾਓ ਅਤੇ ਭੰਬਲਭੂਸਾ ਹੋਰ ਵੀ ਵਧ ਗਿਆ ਹੈ। ਪੰਚ ਪ੍ਰਧਾਨੀ ਪੰਥਕ ਜਥੇ ਵੱਲੋਂ ਕਿਹਾ ਗਿਆ ਹੈ ਕਿ ਪਿਛਲੇ ਤਿੰਨ ਮਹੀਨਿਆਂ ਦੌਰਾਨ ਵੱਖ-ਵੱਖ ਤਖਤਾਂ ਦੇ ਜਥੇਦਾਰਾਂ ਦੀ ਮਨਮਰਜੀ ਨਾਲ ਕੀਤੀ ਸੇਵਾ ਮੁਕਤੀ ਅਤੇ ਸ਼੍ਰੋਮਣੀ ਕਮੇਟੀ ਦੇ ਪਰਧਾਨ ਦਾ ਅਸਤੀਫਾ ਖਿੰਡਾਉ ਦੇ ਇਸ ਵਰਤਾਰੇ ਦੀ ਪਰਤੱਖ ਮਿਸਾਲ ਹੈ। ਉਹਨਾ ਕਿਹਾ ਕਿ 2 ਦਸੰਬਰ 2024 ਨੂੰ ਬਾਦਲ ਦਲ ਦੇ ਵਿਚ ਸਰਗਰਮ ਰਹੇ ਵੱਖ-ਵੱਖ ਵੋਟ ਰਾਜਨੀਤਕ ਆਗੂਆਂ, ਸ਼੍ਰੋਮਣੀ ਗੁਰਦੁਆਰਾ ਪਰਬੰਧਕ ਕਮੇਟੀ ਦੇ ਅਹੁਦੇਦਾਰਾਂ ਅਤੇ ਤਖਤਾਂ ਦੇ ਜਥੇਦਾਰਾਂ ਵਲੋਂ ਸਾਂਝੇ ਰੂਪ ਵਿਚ ਸੰਗਤ ਦੇ ਸਨਮੁਖ ਪੰਜ ਗੁਨਾਹ ਤਸਲੀਮ ਕੀਤੇ ਹਨ ਜਿਸ ਇਸ ਪ੍ਰਕਾਰ ਹਨ: ਪਹਿਲਾ, ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਦੋਖੀਆਂ ਤੇ ਸ਼ਬਦ ਗੁਰੂ ਦੀ ਘੋਰ ਬੇਅਦਬੀ ਕਰਨ ਵਾਲਿਆਂ (ਜਿਵੇਂ ਕਿ ਸਿਰਸੇ ਵਾਲੇ ਪਾਖੰਡੀ) ਨਾਲ ਸਾਂਝ ਰੱਖਣੀ ਤੇ ਉਹਨਾ ਦੀ ਪੁਸ਼ਤਪੁਨਾਹੀ ਕਰਨੀ; ਦੂਜਾ, ਗੁਰੂ ਖਾਲਸਾ ਪੰਥ ਦੇ ਦੋਖੀਆਂ ਤੇ ਸਿੱਖਾਂ ਦੀ ਨਸਲਕੁਸ਼ੀ ਕਰਨ ਵਾਲੇ ਜਾਲਮ ਪੁਲਿਸ ਅਫਸਰਾਂ ਨੂੰ ਪ੍ਰਸ਼ਾਸਨਿਕ ਅਤੇ ਰਾਜਸੀ ਅਹੁਦੇ ਦੇਣੇ ਤੇ ਉਹਨਾ ਦੀ ਪੁਸ਼ਤਪਨਾਹੀ ਕਰਨੀ; ਤੀਜਾ, ਸ੍ਰੀ ਅਕਾਲ ਤਖਤ ਸਾਹਿਬ ਦੀ ਸਿਰਮੌਰਤਾ ਅਤੇ ਸਾਖ ਨੂੰ ਢਾਹ ਲਾਉਣੀ; ਚੌਥਾ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਾਰਮਿਕ ਸਾਖ, ਖੁਦਮੁਖਤਿਆਰੀ ਅਤੇ ਨਿਰਪੱਖਤਾ ਨੂੰ ਢਾਹ ਲਾਉਣੀ ਅਤੇ ਪੰਜਵਾਂ ਸਿੱਖਾਂ ਦੀ ਜਥੇਬੰਦੀ ਅਕਾਲੀ ਦਲ ਦਾ ਚਰਿੱਤਰ ਬਦਲ ਕੇ ਇਸ ਨੂੰ ਪੰਜਾਬੀ ਪਾਰਟੀ ਬਣਾਉਣਾ। ਉਹਨਾ ਕਿਹਾ ਕਿ ਇਹਨਾਂ ਗੰਭੀਰ ਗੁਨਾਹਾਂ ਬਾਬਤ ਬੀਤੇ ਲੰਮੇ ਸਮੇਂ ਤੋਂ ਬਹੁਤ ਸਾਰੇ ਪੰਥਪਰਸਤ ਜਥੇ ਅਤੇ ਸਖਸ਼ੀਅਤਾਂ ਲਗਾਤਾਰ ਖਾਲਸਾ ਪੰਥ ਨੂੰ ਸੁਚੇਤ ਕਰ ਰਹੇ ਸਨ। ਹੁਣ ਜਦੋਂ ਬਾਦਲ ਧੜੇ ਦੀ ਆਪਣੀ ਸਾਖ ਬਹੁਤ ਡਿੱਗ ਗਈ ਅਤੇ ਇਸ ਵਿਚ ਅੰਦਰੂਨੀ ਖਿੰਡਾਓ ਅਤੇ ਪਾਟੋਧਾੜ ਬਹੁਤ ਵਧ ਗਈ ਤੇ ਇਹਨਾ ਨੂੰ ਲਗਾਤਾਰ ਵੋਟਾਂ ਵਿਚ ਹਾਰ ਦਾ ਸਾਹਮਣਾ ਕਰਨਾ ਪਿਆ ਤਾਂ ਇਹਨਾ ਵੱਲੋਂ ਸ੍ਰੀ ਅਕਾਲ ਤਖਤ ਸਾਹਿਬ ਦੇ ਸਨਮੁਖ ਇਹ ਗੁਨਾਹ ਮੰਨੇ ਗਏ। ਪਰ ਇਹ ਮਾਮਲਾ ਕੁਛ ਆਗੂਆਂ ਦੀ ਧਾਰਮਿਕ ਸੁਧਾਈ ਦਾ ਨਹੀਂ ਹੈ, ਅਸਲ ਵਿਚ ਸਿਰੀ ਅਕਾਲ ਤਖਤ ਸਾਹਿਬ, ਸ਼ਿਰੋਮਣੀ ਗੁਰਦੁਆਰਾ ਪਰਬੰਧਕ ਕਮੇਟੀ ਅਤੇ ਅਕਾਲੀ ਰਾਜਨੀਤੀ ਦੀ ਸਾਖ ਅਤੇ ਸ਼ਾਨ ਦੀ ਪੁਨਰਸੁਰਜੀਤੀ ਦਾ ਹੈ। ਪਰ ਪੁਨਰਸੁਰਜੀਤੀ ਦੀ ਕਾਰਵਾਈ ਮੰਨੇ ਗਏ ਗੁਨਾਹਾਂ ਦੀ ਦੀਰਘ ਪੜਚੋਲ ਅਤੇ ਸਰਬਤ ਖਾਲਸਾ ਪੰਥ ਦੇ ਜਥਿਆਂ ਅਤੇ ਪੰਥਕ ਸਖਸ਼ੀਅਤਾਂ ਨੂੰ ਸ਼ਾਮਲ ਕੀਤੇ ਬਿਨਾ ਹੀ ਕੀਤੀ ਗਈ ਹੈ। ਇਸੇ ਕਰਕੇ 2 ਦਸੰਬਰ ਵਾਲੇ ਫੈਸਲਿਆਂ ਨਾਲ ਪੰਥ ਵਿਚ ਸੂਤਰਧਾਰਤਾ ਹੋਣ ਦੀ ਬਜਾਏ ਖਿੰਡਾਓ ਅਤੇ ਭੰਬਲਭੂਸਾ ਹੋਰ ਵੀ ਵਧ ਗਿਆ ਹੈ। ਪੰਚ ਪ੍ਰਧਾਨੀ ਪੰਥਕ ਜਥੇ ਨੇ ਕਿਹਾ ਹੈ ਕਿ ਇਸ ਮਸਲੇ ਦਾ ਹੱਲ ਤਾਂ ਹੀ ਹੋ ਸਕਦਾ ਹੈ ਜੇਕਰ ਪਹਿਲਾਂ ਬਾਦਲ ਦਲੀਆਂ ਵੱਲੋਂ ਮੰਨੇ ਗਏ ਗੁਨਾਹਾਂ ਦੇ ਕਾਰਨਾਂ ਦੀ ਪੜਚੋਲ ਕੀਤੀ ਜਾਵੇ। ਇਸ ਪੜਚੋਲ ਤੋਂ ਬਾਅਦ ਹੀ ਸਾਰਥਕ ਹੱਲ ਉਲੀਕੇ ਜਾ ਸਕਦੇ ਹਨ। ਉਹਨਾ ਕਿਹਾ ਕਿ ਇਸ ਵਿਆਪਕ ਪੜਚੋਲ ਲਈ ਗੁਰੂ ਖਾਲਸਾ ਪੰਥ ਅਤੇ ਗੁਰਸੰਗਤਿ ਦੇ ਸਰਬਤ ਸਰਗਰਮ ਸੰਸਥਾਵਾਂ ਤੇ ਜਥਿਆਂ ਦਰਮਿਆਨ ਪੁਖਤਾ ਸੰਬਾਦ ਰਚਾਉਣ ਦੀ ਸ਼ੁਰੂਆਤ ਕੀਤੀ ਜਾਣੀ ਚਾਹੀਦੀ ਹੈ।



# ਕੇਂਦਰ ਦੀ ਮੋਦੀ ਸਰਕਾਰ ਦੀਆਂ ਲੋਕ ਭਲਾਈ ਸਕੀਮਾਂ ਦਾ ਲੋਕ ਵੱਧ ਤੋਂ ਵੱਧ ਲਾਭ ਲੈਣ : ਨੀਲੂ ਮਿੱਤਲ, ਜੱਗਾ ਜਿੰਦਲ

**ਧੂਰੀ ( ਰਣਜੀਤ ਸਿੰਘ ਪੇਧਨੀ )**-ਕੇਂਦਰ ਸਰਕਾਰ ਵੱਲੋਂ ਚਲਾਈਆਂ ਲੋਕ ਭਲਾਈ ਸਕੀਮਾਂ ਦਾ ਲਾਭ ਜ਼ਿਲ੍ਹੇ ਦੇ ਹਰੇਕ ਯੋਗ ਵਿਅਕਤੀ ਤੱਕ ਪਹੁੰਚਾਉਣ ਦੇ ਉਦੇਸ਼ ਨਾਲ ਵਿਸ਼ੇਸ਼ ਮੁਹਿੰਮ ਚਲਾਈ ਜਾ ਰਹੀ ਹੈ ਇਸ ਮੁਹਿੰਮ ਤਹਿਤ ਜ਼ਿਲ੍ਹਾ ਦਫ਼ਤਰ ਵਿਖੇ ਵੱਖ-ਵੱਖ ਸਕੀਮਾਂ ਤਹਿਤ ਆਮ ਲੋਕਾਂ ਦੀ ਮੁਫ਼ਤ ਰਜਿਸਟੇਸ਼ਨ ਕੀਤੀ ਜਾ ਰਹੀ ਹੈ ਅਤੇ ਮੌਕੇ 'ਤੇ ਹੀ ਲੋੜੀਂਦੇ ਕਾਰਡ ਬਣਾਏ ਜਾ ਰਹੇ ਹਨ। ਇਸ ਮੁਹਿੰਮ ਤਹਿਤ ਆਯੁਸ਼ਮਾਨ ਭਾਰਤ ਯੋਜਨਾ (5 ਲੱਖ ਰੁਪਏ ਤੱਕ ਦਾ ਮੁਫ਼ਤ ਇਲਾਜ), ਈ ਸ਼ਮ ਯੋਜਨਾ, ਪ੍ਰਧਾਨ ਮੰਤਰੀ ਆਵਾਸ ਯੋਜਨਾ, ਵਿਸ਼ਵਕਰਮਾ ਯੋਜਨਾ ਵਰਗੀਆਂ ਕਈ ਮਹੱਤਵਪੂਰਨ ਯੋਜਨਾਵਾਂ ਵਿੱਚ ਰਜਿਸਟੇਸ਼ਨ ਕੀਤੀ ਜਾ ਰਹੀ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਜਗਦੇਵ ਜਿੰਦਲ ਜੱਗਾ ਅਤੇ ਕ੍ਰਿਸਨ ਗੋਪਾਲ ਨੀਲੂ ਮਿੱਤਲ ਜਿਲ੍ਹਾ ਆਗੂ ਭਾਰਤੀ ਜਨਤਾ ਪਾਰਟੀ ਸੰਗਰੂਰ ਨੇ ਕੀਤਾ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਿੱਚ ਕੇਂਦਰ ਸਰਕਾਰ ਸਮਾਜ ਦੇ ਹਰ ਵਰਗ ਦੇ ਵਿਕਾਸ ਲਈ ਵਚਨਬੱਧ ਹੈ ਚਾਹੇ ਉਹ ਮੁਫਤ ਇਲਾਜ ਮੁਹੱਈਆ ਕਰਵਾਉਣਾ ਹੋਵੇ, ਮਜ਼ਦੂਰਾਂ ਨੂੰ ਸਮਾਜਿਕ ਸੁਰੱਖਿਆ ਪ੍ਰਦਾਨ ਕਰਨਾ ਹੋਵੇ ਜਾਂ ਛੋਟੇ ਵਪਾਰੀਆਂ ਅਤੇ ਕਾਰੀਗਰਾਂ ਨੂੰ ਆਤਮ ਨਿਰਭਰ ਬਣਾਉਣਾ ਹੋਵੇ ਸਰਕਾਰ ਹਰ ਸੰਭਵ ਸਹਾਇਤਾ ਪ੍ਰਦਾਨ ਕਰ ਰਹੀ ਹੈ ਸਾਡੀ ਕੋਸ਼ਿਸ਼ ਹੈ ਕਿ ਜ਼ਿਲ੍ਹੇ ਦਾ ਕੋਈ ਵੀ ਯੋਗ ਨਾਗਰਿਕ ਇਨ੍ਹਾਂ ਸਕੀਮਾਂ ਤੋਂ ਵਾਂਝਾ ਨਾ ਰਹੇ ਉਨ੍ਹਾਂ ਅੱਗੇ ਕਿਹਾ ਪੰਜਾਬੀਆਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਜੇਕਰ ਤੁਸੀਂ ਜਾਂ ਤੁਹਾਡਾ ਕੋਈ ਜਾਣਕਾਰ ਇਨ੍ਹਾਂ ਸਕੀਮਾਂ ਤੋਂ ਵਾਂਝਾ ਹੈ ਤਾਂ ਤੁਰੰਤ ਸੰਪਰਕ ਕਰੋ ਅਤੇ ਆਪਣੀ ਰਜਿਸਟ੍ਰੇਸ਼ਨ ਕਰਵਾਓ ਇਹ ਸਰਕਾਰ ਗਰੀਬਾਂ, ਕਿਸਾਨਾਂ, ਮਜ਼ਦੂਰਾਂ, ਵਪਾਰੀਆਂ, ਔਰਤਾਂ ਅਤੇ ਨੌਜਵਾਨਾਂ ਦੇ ਹਿੱਤ ਵਿੱਚ ਕੰਮ ਕਰ ਰਹੀ ਹੈ ਅਸੀਂ 'ਸਬਕਾ ਸਾਥ, ਸਬਕਾ ਵਿਕਾਸ' ਦੇ ਸੰਕਲਪ ਨੂੰ ਸਾਕਾਰ ਕਰਨ ਲਈ ਪੂਰੀ ਤਰ੍ਹਾਂ ਸਮਰਪਿਤ ਹਾਂ।



### ਐੱਸ. ਸੀ. ਬੀ. ਸੀ ਅਧਿਆਪਕ ਯੂਨੀਅਨ ਪੰਜਾਬ ਦਾ ਵਫ਼ਦ

# ਨੈਸ਼ਨਲ ਐੱਸ ਸੀ ਕਮਿਸ਼ਨ ਭਾਰਤ ਸਰਕਾਰ ਨੂੰ ਮਿਲਿਆ



**ਚੰਡੀਗੜ੍ਹ - (ਵਰਿਆਮ ਹਠੂਰ)**-ਐੱਸ ਸੀ ਬੀ ਸੀ ਅਧਿਆਪਕ ਯੂਨੀਅਨ (ਪੰਜਾਬ) ਦਾ ਵਫ਼ਦ ਸੂਬਾ ਪ੍ਰਧਾਨ ਬਲਜੀਤ ਸਿੰਘ ਸਲਾਣਾ ਦੀ ਅਗਵਾਈ ਵਿੱਚ ਯੂ ਟੀ ਗੈਸਟ ਹਾਊਸ ਚੰਡੀਗੜ੍ਹ ਵਿਖੇ ਸ੍ਰੀ ਅਸ਼ੋਕ ਮਕਵਾਨਾ ਚੇਅਰਮੈਨ ਨੈਸ਼ਨਲ ਕਮਿਸ਼ਨ ਫਾਰ ਸ਼ਿਡਊਲਡ ਕਾਸਟ ਭਾਰਤ ਸਰਕਾਰ ਨੂੰ ਮਿਲਿਆ, ਵਫ਼ਦ ਵਿੱਚ ਬਲਜੀਤ ਸਿੰਘ ਸਲਾਣਾ ਤੋਂ ਇਲਾਵਾ ਕਾਰਜਕਾਰੀ ਪ੍ਰਧਾਨ ਕ੍ਰਿਸ਼ਨ ਸਿੰਘ ਦੁੱਗਾਂ, ਜਨਰਲ ਸਕੱਤਰ ਲਛਮਣ ਸਿੰਘ ਨਬੀ ਪੁਰ, ਮੀਤ ਪ੍ਰਧਾਨ ਪਰਵਿੰਦਰ ਭਾਰਤੀ ਤੇ ਵਿੱਤ ਸਕੱਤਰ ਗੁਰਪ੍ਰੀਤ ਸਿੰਘ ਗੁਰੂ ਸ਼ਾਮਲ ਸਨ।ਸਲਾਣਾ ਨੇ ਕਮਿਸ਼ਨ ਦੇ ਧਿਆਨ ਵਿੱਚ ਲਿਆਂਦਾ ਕਿ ਪੰਜਾਬ ਵਿੱਚ ਹਰ ਤਰ੍ਹਾਂ ਦੀ ਜਿਵੇਂ 4161,2364,6635, 5994 ਈਟੀਟੀ ਭਰਤੀ ਪ੍ਰਕਿਰਿਆ ਦੌਰਾਨ ਰੀਜ਼ਰਵੇਸ਼ਨ ਪਾਲਿਸੀ ਨੂੰ ਅੱਖੋਂ ਪਰੋਖੇ ਕੀਤਾ ਗਿਆ ਹੈ ਜ਼ੋ ਹਰ ਭਰਤੀ "ਚ ਬਾ ਦਸਤੂਰ ਜਾਰੀ ਹੈ।ਉੱਚ ਮੈਰਿਟ ਵਾਲੇ ਉਮੀਦਵਾਰਾਂ ਨੂੰ ਓਪਨ ਕੈਟਾਗਰੀ ਵਿੱਚ ਸ਼ਾਮਿਲ ਨਾ ਕਰਕੇ ਜਾਣ ਬੁੱਝ ਕੇ ਐੱਸ ਸੀ ਬੀ ਸੀ ਸਮਾਜ ਨੂੰ ਬਣਦੇ ਸਵਿਧਾਨਕ ਹੱਕਾਂ ਤੋਂ ਵਾਂਝੇ ਕੀਤਾ ਜਾ ਰਿਹਾ ਹੈ।ਕਿਸੇ ਵੀ ਭਰਤੀ ਚ ਸਮਾਜਿਕ ਨਿਆਂ ਅਧਿਕਾਰਤਾ ਤੇ ਘਟ ਗਿਣਤੀ ਵਿਭਾਗ ਵੱਲੋਂ ਜਾਰੀ ਪੱਤਰਾਂ, ਆਰ ਕੇ ਸੱਭਰਵਾਲ ਜੱਜ ਮੇਂਟ ਸਮੇਤ ਐਸ ਸੀ ਬੀ ਸੀ ਮੁਲਾਜ਼ਮਾਂ ਦੇ ਹੱਕ ਆਏ ਕੋਰਟ ਦੇ ਫੈਸਲਿਆ ਨੂੰ ਸਹੀ ਰੂਪ ਵਿੱਚ ਲਾਗੂ ਨਹੀਂ ਕੀਤਾ ਜਾ ਰਿਹਾ।ਵੱਖ ਵੱਖ ਭਰਤੀਆਂ ਚ ਮੈਰਿਟ ਸੂਚੀ ਜਾਰੀ ਨਹੀਂ ਕੀਤੀ ਜਾ ਰਹੀ ।ਜੇਕਰ ਮੈਰਿਟ ਸੂਚੀ ਜਾਰੀ ਕੀਤੀ ਜਾਂਦੀ ਹੈ ਤਾਂ ਉਹ ਅੱਧ ਅਧੂਰੀ ਜਾਂ ਟੁੱਟਵੀਂ ਮੈਰਿਟ ਸੂਚੀ ਜਾਰੀ ਕਰਕੇ ਰਿਜ਼ਰਵ ਸ੍ਰੇਣੀਆਂ ਦੇ ਉਮੀਦਵਾਰਾਂ ਨੂੰ ਭਰਤੀਆਂ ਦੀ ਮੈਰਿਟ ਸੂਚੀ ਚ ਪਿੱਛੇ ਕਰ ਦਿੱਤਾ ਗਿਆ ਹੈ।ਪੰਜਾਬ ਚ 85ਵੀਂ ਸਵਿਧਾਨਕ ਸੋਧ ਨੂੰ ਲਾਗੂ ਨਾ ਕਰਕੇ ਐੱਸ ਸੀ ਉਮੀਦਵਾਰਾਂ ਦੇ ਸਵਿਧਾਨਕ ਹੱਕਾਂ ਦੀ ਲੁੱਟ ਕੀਤੀ ਜਾ ਰਹੀ ਹੈ। ਦੁੱਗਾਂ, ਨਬੀਪੁਰ ਤੇ ਭਾਰਤੀ ਨੇ ਵੱਖ ਵੱਖ ਵਿਭਾਗਾਂ ਦੇ ਰੋਸਟਰ ਰਜਿਸਟਰਾਂ ਦੀਆਂ ਖਾਮੀਆਂ ਕਮਿਸ਼ਨ ਅੱਗੇ ਰੱਖੀਆਂ। ਪੰਜਾਬ ਚ ਹਰ ਵਿਭਾਗ ਵੱਲੋਂ ਗਲਤ ਰੋਸਟਰ ਰਜਿਸਟਰਾਂ ਨੂੰ ਪ੍ਰਵਾਨ ਕਰਵਾ ਕੇ ਕੀਤੇ ਜਾਂਦੇ ਧੱਕੇ ਬਾਰੇ ਵੀ ਦੱਸਿਆ। ਜਿਸ ਕਾਰਨ ਵੱਡੀ ਗਿਣਤੀ ਵਿੱਚ ਐੱਸ ਸੀ ਉਮੀਦਵਾਰ ਤਰੱਕੀਆਂ ਤੋਂ ਵਾਂਝੇ ਰਹਿ ਜਾਂਦੇ ਹਨ। ਜਿਸ ਦੀ ਤਾਜ਼ਾ ਮਿਸਾਲ 2024 ਦੌਰਾਨ ਮਾਸਟਰ ਕੇਡਰ ਤੋਂ ਲੈਕਚਰਾਰ ਦੀਆਂ ਕੀਤੀਆਂ ਗਈਆਂ ਤਰੱਕੀਆਂ ਵੇਲੇ ਸਾਹਮਣੇ ਆਇਆ ਹੈ। ਯੂਨੀਅਨ ਆਗੂਆਂ ਵੱਲੋਂ ਕਮਿਸ਼ਨ ਸਹਮਣੇ ਇਹ ਵੀ ਜ਼ਿਕਰ ਕੀਤਾ ਗਿਆ ਕਿ ਅੰਗਰੇਜ਼ੀ, ਮੈਥੇਮੈਟਿਕਸ ਤੇ ਬਾਇਓਲੋਜੀ ਵਿਸ਼ਿਆਂ ਚ ਜੱਥੇਬੰਦੀ ਵੱਲੋਂ ਵਿਭਾਗ ਦੇ ਅਧਿਕਾਰੀਆਂ ਨੂੰ ਕੱਢ ਕੇ ਦਿੱਤੇ ਗਏ ਬੈਕਲੋਗ ਤੇ ਇਸ ਨਾਲ ਸੰਬਧੀ ਅੰਕੇੜਿਆਂ ਤੇ ਅਜੇ ਤਕ ਇਸ ਬਾਕਲੋਗ ਪੋਸਟਾਂ ਤੇ ਤਰੱਕੀਆਂ ਕਰਨ ਦੀ ਕੋਈ ਵੀ ਕਰਵਾਈ ਅਮਲ ਵਿਚ ਨਹੀਂ ਲਿਆਂਦੀ ਗਈ, ਵਫ਼ਦ ਨੇ ਪੋਸਟ ਮੈਟ੍ਰਿਕ ਸਕਾਲਰਸ਼ਿਪ ਦੀ ਰਾਸ਼ੀ ਸਮੇਂ ਸਿਰ ਜਾਰੀ ਨਾ ਕਰਕੇ ਵਿਦਿਆਰਥੀਆਂ ਦੀ ਹੁੰਦੀ ਖੱਜਲਖੁਆਰੀ ਨੂੰ ਵੀ ਕਮਿਸ਼ਨ ਅੱਗੇ ਰੱਖਿਆ। ਆਗੂਆਂ ਵਲੋਂ ਚਮਕੌਰ ਸਾਹਿਬ ਦੇ ਨਜ਼ਦੀਕ ਪਿੰਡ ਕੰਧੋਲੇ ਦੀ ਧੀ ਨਾਲ਼ ਪਿੰਡ ਦੇ ਸਰਪੰਚ ਵੱਲੋਂ ਕੀਤੇ ਕੁਕਰਮ ਤੇ ਪੁਲਿਸ ਤੇ ਪ੍ਰਸ਼ਾਸ਼ਨ ਦੀ ਢਿੱਲੀ ਕਾਰਗੁਜ਼ਾਰੀ ਕਮਿਸ਼ਨ ਅੱਗੇ ਰੱਖੀ ਤੇ ਧੀ ਲਈ ਨਿਆ ਦੀ ਮੰਗ ਕੀਤੀ। ਇਸ ਤੋਂ ਇਲਾਵਾ ਵਫ਼ਦ ਨੇ ਕਮਿਸ਼ਨ ਨੂੰ ਮੰਗ ਪੱਤਰ ਵੀ ਸੌਂਪਿਆ। ਜਿਸ ਵਿੱਚ ਜਾਅਲੀ ਐੱਸ ਸੀ ਸਰਟੀਫਿਕੇਟ ਬਣਾਉਣ ਵਾਲੇ ਅਧਿਕਾਰੀਆਂ ਤੇ ਗਲਤ ਰੋਸਟਰ ਰਜਿਸਟਰ ਤਿਆਰ ਕਰਨ ਵਾਲਿਆਂ ਅਧਿਕਾਰੀਆਂ ਤੇ ਕਰਮਚਾਰੀਆਂ ਖ਼ਿਲਾਫ਼ ਐਟਰੋ ਸਿਟੀ ਐਕਟ ਤਹਿਤ ਪਰਚਾ ਦਰਜ ਕਰਨ, ਮਜ਼ਦੂਰਾਂ ਤੇ ਨਰੇਗਾ ਕਾਮਿਆਂ ਦੇ ਕਰਜ਼ੇ ਮੁਆਫ਼ ਕਰਨ ਤੇ ਐੱਸ ਸੀ ਵਿਦਿਆਰਥੀਆਂ ਦੇ ਵਜ਼ੀਫ਼ੇ ਦੀ ਰਾਸ਼ੀ ਵਧਾ ਕੇ ਸਮੇਂ ਸਿਰ ਜਾਰੀ ਕਰਨ , ਆਦਿ ਮੁੱਦੇ ਸ਼ਾਮਲ ਸਨ। ਇਸ ਸਮੇਂ ਕੁਲਵਿੰਦਰ ਸਿੰਘ ਝੱਲੀਆਂ, ਕੁਲਵਿੰਦਰ ਸਿੰਘ ਬਿੱਟੂ ਤੇ ਹਰਜਿੰਦਰ ਸਿੰਘ ਅਰਜ਼ ਵੀ ਹਾਜ਼ਰ ਸਨ।

**ਐੱਸ ਸੀ ਬੀ ਸੀ ਸਮਾਜ ਨੂੰ ਬਣਦੇ ਸੰਵਿਧਾਨਕ ਹੱਕਾਂ ਤੋਂ ਬਾਂਝੇ ਕੀਤਾ ਜਾ ਰਿਹਾ ਹੈ : ਯੂਨੀਅਨ ਆਗੂ**

### ਪੀਰਖਾਨਾ ਭਾਗੀਵਾਂਦਰ ਵਿਖੇ

# ਮਨਾਇਆ ਸ਼ੁਭ ਭੰਡਾਰਾ



**ਤਲਵੰਡੀ ਸਾਬੋ, 09 ਮਾਰਚ (ਗੁਰਜੰਟ ਸਿੰਘ ਨਥੇਹਾ)**- ਤਲਵੰਡੀ ਸਾਬੋ ਦੇ ਨੇੜਲੇ ਪਿੰਡ ਭਾਗੀਵਾਂਦਰ ਦੇ ਪੀਰਖਾਨਾ ਵਿਖੇ ਬਾਬਾ ਬੰਟੂ ਸ਼ਾਹ ਪੁੱਤਰ ਸੰਧੂਰਾ ਸ਼ਾਹ ਮੁਰਸ਼ਦ ਬਾਬਾ ਗੁਰਦੀਪ ਸ਼ਾਹ ਜੈ ਸਿੰਘ ਵਾਲਾ ਵੱਲੋਂ ਬਾਬਾ ਪੀਰ ਲੱਖਦਾਤਾ ਸਾਹਿਬ ਜੀ ਦਾ ਤੀਜਾ ਦਿਵਾਨ ਅਤੇ ਸ਼ੁਭ ਭੰਡਾਰਾ ਮਨਾਇਆ ਗਿਆ ਜਿੱਥੇ ਹਜ਼ਾਰਾਂ ਦੀ ਗਿਣਤੀ ਵਿੱਚ ਬਾਬੇ ਦੇ ਸ਼ਰਧਾਲੂ ਬਾਬਾ ਦਾ ਅਸ਼ੀਰਵਾਦ ਪ੍ਰਾਪਤ ਕਰਨ ਪਹੁੰਚੇ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਗੱਦੀ ਨਸ਼ੀਨ ਬਾਬਾ ਬੰਟੂ ਸ਼ਾਹ ਨੇ ਦੱਸਿਆ ਕਿ ਬਾਬਾ ਪੀਰ ਲੱਖ ਦਾਤਾ ਦੀ ਕਿਰਪਾ ਨਾਲ ਬਾਬਾ ਪੀਰ ਲੱਖਦਾਤਾ ਸਾਹਿਬ ਦੀ ਇਸ ਜਗਾ 'ਤੇ ਹਰ ਸਾਲ ਭੰਡਾਰਾ ਕਰਵਾਇਆ ਜਾਂਦਾ ਹੈ ਇਸ ਸਾਲ ਵੀ ਉਹਨਾਂ ਵੱਲੋਂ ਤੀਜਾ ਭੰਡਾਰਾ ਸੰਗਤਾਂ ਦੇ ਸਹਿਯੋਗ ਨਾਲ ਮਨਾਇਆ ਗਿਆ। ਉਹਨਾਂ ਦੱਸਿਆ ਕਿ ਸੰਗਤਾਂ ਦੇ ਦੀਵਾਨ ਵਿੱਚ ਸੂਫੀ ਗਾਇਕ ਸਾਜਨ ਪ੍ਰੀਤ ਐਂਡ ਪਾਰਟੀ ਅਤੇ ਚੜਤ ਸਿੰਘ ਭਾਗੀਵਾਂਦਰ ਵੱਲੋਂ ਰਸ ਭਰੇ ਬਾਬਾ ਜੀ ਦੇ ਗੁਣਗਾਨਾਂ ਨਾਲ ਸੰਗਤਾਂ ਨੂੰ ਨਿਹਾਲ ਕੀਤਾ। ਭੰਡਾਰੇ ਵਿੱਚ ਖਾਣ ਪੀਣ ਲਈ ਜਲੇਬੀਆਂ, ਖੀਰ, ਛੋਲੇ ਪੂਰੀਆਂ ਦਾ ਲੰਗਰ ਸੰਗਤਾਂ ਲਈ ਸਵੇਰ ਤੋਂ ਲੈ ਕੇ ਸ਼ਾਮ ਤੱਕ ਚਲਾਇਆ ਗਿਆ। ਇਸ ਮੌਕੇ ਭੰਡਾਰੇ ਵਿੱਚ ਬਾਬਾ ਬੰਟੂ ਸਾਹਿਬ ਵੱਡੇ ਭਾਈ ਬਾਬਾ ਜੀਵਨ ਸ਼ਾਹ, ਬਲਦੇਵ ਚੀਮਾ ਨੇ ਵਿਸ਼ੇਸ਼ ਤੌਰ 'ਤੇ ਹਾਜਰੀ ਭਰੀ।



# ਨਗਰ ਕੌਂਸਲ ਤਲਵੰਡੀ ਸਾਬੋ ਦੀ ਸਾਬਕਾ ਪ੍ਰਧਾਨ ਬੀਬੀ ਸ਼ਿਵੰਦਰ ਕੌਰ ਚੱਠਾ ਦਾ ਦੇਹਾਂਤ, ਸਿਆਸੀ ਸਫਾਂ 'ਚ ਸੋਗ ਦੀ ਲਹਿਰ



**ਤਲਵੰਡੀ ਸਾਬੋ, 08 ਮਾਰਚ (ਗੁਰਜੰਟ ਸਿੰਘ ਨਥੇਹਾ)**- ਇਤਿਹਾਸਿਕ ਨਗਰ ਤਲਵੰਡੀ ਸਾਬੋ ਦੀਆਂ ਸਿਆਸੀ ਸਫਾਂ 'ਚ ਅੱਜ ਉਦੋਂ ਸੋਗ ਦੀ ਲਹਿਰ ਦੌੜ ਗਈ ਜਦੋਂ ਮੁਹਤਬਰ ਸਖਸ਼ੀਅਤ ਅਤੇ ਨਗਰ ਕੌਂਸਲ ਤਲਵੰਡੀ ਸਾਬੋ ਦੀ ਪਹਿਲੀ ਮਹਿਲਾ ਪ੍ਰਧਾਨ ਰਹਿ ਚੁੱਕੀ ਬੀਬੀ ਸ਼ਿਵੰਦਰ ਕੌਰ ਚੱਠਾ (ਕੌਂਸਲਰ) ਅੱਜ ਦਿਲ ਦਾ ਦੌਰਾ ਪੈਣ ਕਾਰਣ ਅਕਾਲ ਚਲਾਣਾ ਕਰ ਗਏ। ਬੀਬੀ ਸ਼ਿਵੰਦਰ ਕੌਰ ਚੱਠਾ ਉੱਘੀ ਸਾਹਿਤਕ ਸਖਸ਼ੀਅਤ ਜਥੇਦਾਰ ਦਰਸ਼ਨ ਸਿੰਘ ਚੱਠਾ ਦੇ ਧਰਮਪਤਨੀ ਜਦੋਂਕਿ ਸੀਨੀਅਰ ਕਾਂਗਰਸੀ ਆਗੂ ਸੁਖਬੀਰ ਸਿੰਘ ਚੱਠਾ ਅਤੇ ਨੌਜਵਾਨ ਆਗੂ ਜਸਵੀਰ ਸਿੰਘ ਚੱਠਾ ਦੇ ਮਾਤਾ ਜੀ ਸਨ। ਅੱਜ ਸਥਾਨਕ ਸਮਸ਼ਾਨਘਾਟ ਵਿਖੇ ਬੀਬੀ ਸ਼ਿਵੰਦਰ ਕੌਰ ਦੀ ਮ੍ਰਿਤਕ ਦੇਹ ਦੇ ਅੰਤਿਮ ਸਸਕਾਰ ਮੌਕੇ ਨਗਰ ਚੋਂ ਜਿੱਥੇ ਸੈਂਕੜਿਆਂ ਦੀ ਗਿਣਤੀ ਚ ਲੋਕਾਂ ਨੇ ਸ਼ਮੂਲੀਅਤ ਕੀਤੀ ਉੱਥੇ ਗੁ: ਬੁੰਗਾ ਮਸਤੂਆਣਾ ਮੁਖੀ ਬਾਬਾ ਕਾਕਾ ਸਿੰਘ, ਬੁੱਢਾ ਦਲ ਮੁਖੀ ਬਾਬਾ ਬਲਬੀਰ ਸਿੰਘ ਵੱਲੋਂ ਬਾਬਾ ਜੱਸਾ ਸਿੰਘ, ਕੈਬਨਿਟ ਰੈਂਕ ਪ੍ਰਾਪਤ ਹਲਕਾ ਵਿਧਾਇਕਾ ਬੀਬਾ ਬਲਜਿੰਦਰ ਕੌਰ, ਹਲਕੇ ਦੇ ਸਾਬਕਾ ਵਿਧਾਇਕ ਅਤੇ ਪਰਿਵਾਰ ਦੇ ਨਜ਼ਦੀਕੀ ਜੀਤਮਹਿੰਦਰ ਸਿੰਘ ਸਿੱਧੂ ਵੱਲੋਂ ਉਨਾਂ ਦੇ ਸਪੁੱਤਰ ਗੁਰਬਾਜ਼ ਸਿੰਘ ਸਿੱਧੂ, ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਰਵੀਪ੍ਰੀਤ ਸਿੰਘ ਸਿੱਧੂ, ਸੀ.ਕਾਂਗਰਸੀ ਆਗੂ ਬਲਵੀਰ ਸਿੰਘ ਸਿੱਧੂ ਅਤੇ ਰਣਬੀਰ ਸਿੰਘ ਸਿੱਧੂ, ਸੀਨੀ.'ਆਪ' ਆਗੂ ਐਡਵੋਕੇਟ ਉਦੈਵੀਰ ਸਿੰਘ ਜਗਾ, ਕਾਂਗਰਸ ਹਲਕਾ ਇੰਚਾਰਜ ਖੁਸ਼ਬਾਜ ਸਿੰਘ ਜਟਾਣਾ ਵੱਲੋਂ ਦਿਲਪ੍ਰੀਤ ਸਿੰਘ ਜਟਾਣਾ, ਬਸਪਾ ਦੇ ਸੂਬਾ ਆਗੂ ਮਾ. ਜਗਦੀਪ ਸਿੰਘ ਗੋਗੀ, ਬਾਰ ਐਸੋਸੀਏਸ਼ਨ ਪ੍ਰਧਾਨ ਐਡਵੋਕੇਟ ਸਤਿੰਦਰ ਸਿੰਘ ਸਿੱਧੂ, ਲੋਕ ਅਧਿਕਾਰ ਲਹਿਰ ਆਗੂ ਰੁਪਿੰਦਰ ਸਿੱਧੂ, ਨਗਰ ਕੌਂਸਲ ਤਲਵੰਡੀ ਸਾਬੋ ਪ੍ਰਧਾਨ ਕੁਲਵੀਰ ਕੌਰ ਸਰਾਂ ਦੇ ਪੁੱਤਰ ਹਰਜੀਤ ਸਿੰਘ ਸਰਾਂ, ਭਾਜਪਾ ਹਲਕਾ ਇੰਚਾਰਜ ਗੋਪਾਲ ਕ੍ਰਿਸ਼ਨ ਬਾਂਸਲ, ਦਵਿੰਦਰ ਸਿੰਘ ਸੂਬਾ, ਸੁਖਦੇਵ ਸਿੰਘ, ਰਵੀ ਕੁਮਾਰ ਕੋਕੀ, ਬੱਬੀ ਚੱਠਾ ਚਾਰੇ ਕੌਂਸਲਰ, ਗੱਤਕਾ ਦਲ ਪੰਜਾਬ ਦੇ ਪ੍ਰਧਾਨ ਭਾਈ ਸਰਬਜੀਤ ਸਿੰਘ, ਕ੍ਰਿਸ਼ਨ ਕੁਮਾਰ ਕਾਲਾ ਸਾਬਕਾ ਪ੍ਰਧਾਨ ਨਗਰ ਕੌਂਸਲ ਰਾਮਾਂ, ਗੁਰਪ੍ਰੀਤ ਸਿੰਘ ਮਾਨਸ਼ਾਹੀਆ ਸਾਬਕਾ ਪ੍ਰਧਾਨ ਨਗਰ ਪੰਚਾਇਤ, ਹਰਬੰਸ ਸਿੰਘ ਸਾਬਕਾ ਕਾ. ਪ੍ਰਧਾਨ ਨਗਰ ਕੌਂਸਲ, ਮਨੋਜ ਸੀਂਗੋ ਕੌਂਸਲਰ ਰਾਮਾਂ, ਰਾਮਪਾਲ ਸਿੰਘ ਮਲਕਾਣਾ ਅਤੇ ਗੁਰਜੀਵਨ ਗਾਟਵਾਲੀ ਦੋਵੇਂ ਸਾਬਕਾ ਪ੍ਰਧਾਨ ਟਰੱਕ ਯੂਨੀਅਨ ਰਾਮਾਂ, ਕਾਂਗਰਸੀ ਆਗੂ ਵਿਕਾਸ ਤਲਵੰਡੀ, ਬਲਵੰਤ ਲੇਲੇਵਾਲਾ, ਬਹਾਦੁਰ ਸਿੰਘ ਲੇਲੇਵਾਲਾ, ਸੁਰਜੀਤ ਸ਼ਿੰਦੀ, ਜਗਤਾਰ ਨੰਗਲਾ, ਕਾਲਾ ਰਾਮਾਂ, ਜੀਤ ਔਲਖ, ਅਕਾਲੀ ਆਗੂ ਦਵਿੰਦਰ ਸਿੰਘ ਕੋਟਬਖਤੂ, ਜਸਵਿੰਦਰ ਸਿੰਘ ਜੈਲਦਾਰ, ਠਾਣਾ ਸਿੰਘ ਚੱਠਾ, ਸੁਰਜੀਤ ਸਿੰਘ ਭੰਮ, ਭਿੰਦਾ ਜੱਜਲ, ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਪ੍ਰਦੀਪ ਸਿੰਘ ਸੋਨੀ ਬਾਬਾ, ਨਾਮਦੇਵ ਸਭਾ ਵੱਲੋਂ ਭੁਪਿੰਦਰ ਸਿੰਘ ਜੱਸਲ, ਅਗਰਵਾਲ ਸਭਾ ਵੱਲੋਂ ਰਾਕੇਸ਼ ਚੌਧਰੀ, ਸਮਾਜ ਸੇਵੀ ਬਰਿੰਦਰਪਾਲ ਮਹੇਸ਼ਵਰੀ, ਦਮਦਮਾ ਸਾਹਿਬ ਪ੍ਰੈੱਸ ਕਲੱਬ ਪ੍ਰਧਾਨ ਜਗਜੀਤ ਸਿੰਘ ਸਿੱਧੂ, ਪੰਜਾਬ ਐਂਡ ਚੰਡੀਗੜ੍ਹ ਜਰਨਲਿਸਟ ਯੂਨੀਅਨ ਦੇ ਜਿਲ੍ਹਾ ਮੀਤ ਪ੍ਰਧਾਨ ਰਣਜੀਤ ਸਿੰਘ ਰਾਜੂ ਤੋਂ ਇਲਾਵਾ ਵੱਡੀ ਗਿਣਤੀ 'ਚ ਮੁਹਤਬਰ ਸਖਸ਼ੀਅਤਾਂ ਨੇ ਹਾਜ਼ਰੀ ਭਰਦਿਆਂ ਚੱਠਾ ਪਰਿਵਾਰ ਨਾਲ ਦੁੱਖ ਪ੍ਰਗਟਾਇਆ।

## ਤਿੰਨ ਜੱਥੇਦਾਰਾਂ ਨੂੰ ਧੱਕੇ ਨਾਲ ਅਹੁਦੇ ਤੋਂ ਹਟਾਉਣਾ, ਸਿੱਖ ਕੌਮ ਕਦੇ ਵੀ ਬਰਦਾਸ਼ਤ ਨਹੀਂ ਕਰੇਗੀ: ਬੀਬੀ ਸਰਨਜੀਤ ਕੌਰ ਕਿਲਾ ਹਕੀਮਾਂ, ਸਰਪੰਚ ਅਮਰੀਕ ਸਿੰਘ ਕਿਲਾ ਹਕੀਮਾਂ





**ਧੂਰੀ ( ਰਣਜੀਤ ਸਿੰਘ ਪੇਧਨੀ )**-ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਅਤੇ ਤਖਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਸੁਲਤਾਨ ਸਿੰਘ ਅਤੇ ਗਿਆਨੀ ਹਰਪ੍ਰੀਤ ਸਿੰਘ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੇ ਕਾਬਜ ਬਾਦਲ ਧੜੇ ਵੱਲੋਂ ਜਥੇਦਾਰਾਂ ਨੂੰ ਧੱਕੇ ਨਾਲ ਹਟਾਉਣ ਦੀ ਘਟਨਾ ਨੂੰ ਸਿੱਖ ਕੌਮ ਕਦੇ ਵੀ ਬਰਦਾਸ਼ਤ ਨਹੀਂ ਕਰੇਗੀ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਹਲਕਾ ਧੂਰੀ ਤੋ ਸ੍ਰੋਮਣੀ ਕਮੇਟੀ ਮੈਂਬਰ ਬੀਬੀ ਸਰਨਜੀਤ ਕੌਰ ਕਿਲਾ ਹਕੀਮਾਂ ਅਤੇ ਨੌਜਵਾਨ ਆਗੂ ਸਰਪੰਚ ਅਮਰੀਕ ਸਿੰਘ ਕਿਲਾ ਹਕੀਮਾਂ ਨੇ ਕੀਤਾ। ਉਨ੍ਹਾਂ ਕਿਹਾ ਕਿ ਇਸ ਫੈਸਲੇ ਦੇ ਨਾਲ ਸਿੱਖ ਕੌਮ ਦੀਆਂ ਦੇਸ਼ ਵਿਦੇਸ਼ ਵਿੱਚ ਵੱਸਦੀਆਂ ਨਾਨਕ ਨਾਮ ਲੇਵਾ ਸੰਗਤਾਂ ਦੇ ਮਨਾਂ ਨੂੰ ਠੇਸ ਪਹੁੰਚੀ ਹੈ । ਉਨ੍ਹਾਂ ਕਿਹਾ ਕਿ ਜੋ ਫੈਸਲੇ ਅਕਾਲ ਤਖਤ ਸਾਹਿਬ ਤੋਂ 2 ਦਸੰਬਰ 2024 ਨੂੰ ਲਏ ਗਏ ਸਨ ਜੋ ਕਿ ਬਾਦਲ ਧੜੇ ਨੂੰ ਕਦਾਚਿਤ ਮਨਜ਼ੂਰ ਨਹੀਂ ਸੀ,ਜਿਸ ਕਰਕੇ ਬਾਦਲ ਪਰਿਵਾਰ ਨੂੰ ਬਚਾਉਣ ਲਈ ਅਤੇ ਇੱਕ ਪਰਿਵਾਰ ਦੀ ਗੱਦੀ ਨੂੰ ਪੱਕਿਆ ਕਰਨ ਲਈ 26 ਦਿਨਾਂ ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੇ ਕਾਬਜ ਬਾਦਲ ਧੜੇ ਨੇ ਤਿੰਨ ਜਥੇਦਾਰਾ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਜੀ ਤਖਤ ਸ੍ਰੀ ਦਮਦਮਾ ਸਾਹਿਬ, ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਜੀ ਅਕਾਲ ਤਖਤ ਸਾਹਿਬ ਅਤੇ ਅਤੇ ਗਿਆਨੀ ਸੁਲਤਾਨ ਸਿੰਘ ਜੱਥੇਦਾਰ ਤਖਤ ਸ੍ਰੀ ਕੇਸਗੜ੍ਹ ਸਾਹਿਬ ਦੀ ਸਿਧਾਂਤਾਂ ਨੂੰ ਛਿੱਕੇ ਟੰਗ ਕੇ ਬਲੀ ਦਿੱਤੀ ਗਈ ਹੈ।

## ਫੁੱਟਬਾਲ ਟੂਰਨਾਮੈਂਟ 'ਚ ਚੱਲੀਆਂ ਗੋਲੀਆਂ ਇਕ ਦੀ ਮੌਤ, ਇਕ ਜਖਮੀ



**ਚੌਂਕ ਮਹਿਤਾ, 9 ਮਾਰਚ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਅੱਜ ਦੇਰ ਸ਼ਾਮ ਕਸਬਾ ਚੌਂਕ ਮਹਿਤਾ ਦੇ ਨੇੜੇ ਪਿੰਡ ਖੱਬੇ ਰਾਜਪੂਤਾਂ ਵਿਖੇ ਗੋਲੀਆਂ ਚੱਲਣ ਨਾਲ ਇਕ ਦੀ ਮੌਤ ਅਤੇ ਇਕ ਨੌਜਵਾਨ ਦੇ ਗੰਭੀਰ ਜਖਮੀਂ ਹੋਣ ਦਾ ਮਾਮਲਾ ਸਾਹਮਣੇ ਆਇਆ ਹੈ। ਇਸ ਵਾਰਦਾਤ ਕਾਰਨ ਪੂਰੇ ਇਲਾਕੇ ਵਿਚ ਸਹਿਮ ਦਾ ਮਹੌਲ ਬਣ ਗਿਆ। ਜਿਕਰਯੋਗ ਹੈ ਕਿ ਪਿੰਡ ਖੱਬੇ ਰਾਜਪੂਤਾਂ ਦੀ ਖੇਡ ਗਰਾਊਂਡ ਵਿੱਚ ਚੱਲ ਰਹੇ ਫੁੱਟਬਾਲ ਟੂਰਨਾਂਮੈਂਟ ਦੀ ਸਮਾਪਤੀ ਮੌਕੇ ਜੇਤੂ ਟੀਮਾਂ ਨੂੰ ਇਨਾਮ ਵੰਡੇ ਜਾਣ ਦੇ ਤੁਰੰਤ ਬਾਅਦ ਮੋਟਰਸਾਈਕਲ ਤੇ ਆਏ 2 ਨਕਾਬਪੋਸ਼ ਵਿਅਕਤੀ ਗੋਲੀਆਂ ਚਲਾ ਕੇ ਫ਼ਰਾਰ ਹੋ ਗਏ। ਇਸ ਦੌਰਾਨ ਫੁੱਟਬਾਲ ਖਿਡਾਰੀ ਗੁਰਸੇਵਕ ਸਿੰਘ ਸਾਬੂ ਪਿੰਡ ਨੰਗਲੀ ਕਲਾਂ ਉਮਰ ਕਰੀਬ 15 ਸਾਲ ਦੀ ਗੋਲੀ ਲੱਗਣ ਨਾਲ ਮੌਤ ਹੋ ਗਈ। ਜਦ ਕਿ ਟੂਰਨਾਮੈਂਟ ਦੇ ਗੋਲ ਕੀਪਰ ਗੁਰਪ੍ਰੀਤ ਸਿੰਘ ਪਿੰਡ ਖੱਬੇਰਾਜ ਪੂਤਾਂ ਦੇ ਗੋਲੀਆਂ ਲੱਗਣ ਨਾਲ ਉਹ ਗੰਭੀਰ ਜਖਮੀਂ ਹੋ ਗਿਆ। ਜਿਸ ਨੂੰ ਤੁਰੰਤ ਇਕ ਨਿੱਜੀ ਹਸਪਤਾਲ ਵਿਚ ਦਾਖਲ ਕਰਵਾਇਆ ਗਿਆ। ਇਸ ਮਾਮਲੇ ਵਿਚ ਐੱਸ.ਐੱਚ.ਓ.ਸ਼ਮਸ਼ੇਰ ਸਿੰਘ ਨੇ ਆਖਿਆ ਕਿ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ।

### ਪੰਜਾਬੀ ਸੱਭਿਆਚਾਰ ਦੀ ਹੋਂਦ ਬਚਾਉਣ ਲਈ

# ਸਰਕਾਰੀ ਤੌਰ 'ਤੇ 'ਸੱਭਿਆਚਾਰਕ ਦਿਵਸ' ਮਨਾਏ ਜਾਣ



ਸ਼ਿੰਗਾਰਾ ਸਿੰਘ ਢਿੱਲੋਂ (ਪ੍ਰੋ.)

**ਸੱਭਿਆਚਾਰ** ਦੋ ਲਫਜ਼ਾਂ (ਸੱਭਿਆ + ਅਚਾਰ) ਦੇ ਸੁਮੇਲ ਤੋਂ ਬਣਿਆ ਹੋਇਆ ਕਿੰਨਾ ਖੂਬਸੂਰਤ ਤੇ ਸੋਹਣਾ ਲਫਜ਼ ਹੈ, ਜਿਸ ਦੇ ਅਰਥ ਹਨ, ਸਾਊ, ਸੋਹਣਾ, ਸੁਚੱਜਾ, ਬੀਬਾ, ਵਧੀਆ, ਚੰਗਾ ਅਤੇ ਸੁੰਦਰ ਵਿਵਹਾਰ, ਵਤੀਰਾ, ਸਲੀਕਾ ਜਾਂ ਢੰਗ।

ਸੱਭਿਆਚਾਰ ਦਰਅਸਲ ਕਿਸੇ ਖਿੱਤੇ ਵਿਸ਼ੇਸ਼ ਵਿਚ ਰਹਿਣ ਵਿਚਰਣ ਵਾਲੇ ਲੋਕਾਂ ਦਾ ਸਮੁੱਚਾ ਜੀਵਨ ਢੰਗ ਹੁੰਦਾ ਹੈ ਜਿਸ ਵਿਚ ਉਥੋਂ ਦੇ ਲੋਕਾਂ ਦਾ ਸਮੁੱਚਾ ਰਹਿਣ ਬਹਿਣ, ਸੋਚਣ ਸਲੀਕਾ, ਵਿਸ਼ਵਾਸ਼, ਖਾਣ ਪੀਣ, ਬੋਲੀ, ਪ੍ਰਾਹੁਣਚਾਰੀ ਦਾ ਸਲੀਕਾ, ਨਾਚ ਨਾਟ, ਗੀਤ ਲੋਕ ਗੀਤ, ਪਹਿਨ ਪਹਿਰਾਵਾ, ਰੀਤਾਂ ਰਸਮਾਂ, ਖੇਡਾਂ, ਧਰਮ, ਕਿੱਤੇ, ਮਾਨਤਾਵਾਂ ਅਤੇ ਅਮਾਨਤਾਵਾਂ ਆਦਿ ਸਭ ਕੁੱਝ ਆ ਜਾਂਦਾ ਹੈ ਜਿਹਨਾਂ ਤੋਂ ਸਬੰਧਿਤ ਸੱਭਿਆਚਾਰ ਵਿਸ਼ੇਸ਼ ਦੀ ਅਮੀਰੀ ਜਾਂ ਗਰੀਬੀ, ਅਗਾਂਹ ਵਧੂ ਜਾਂ ਪਿਛੜੇ ਹੋਣ ਦਾ ਅੰਦਾਜਾ ਸਹਿਜੇ ਹੀ ਲਗਾਇਆ ਜਾ ਸਕਦਾ ਹੈ ।

ਸੱਭਿਆਚਾਰ ਦਾ ਪਰਵਾਹ ਪੀੜ੍ਹੀ ਦਰ ਪੀੜ੍ਹੀ ਚਲਦਾ ਰਹਿੰਦਾ ਹੈ, ਪਿਛਲੀ ਪੀੜ੍ਹੀ ਅਗਲੀ ਪੀੜ੍ਹੀ ਨੂੰ ਇਹ ਵਿਰਸਾ ਮੌਖਿਕ ਸੰਸਕਾਰੀ ਰੂਪ ਵਿਚ ਅਗੇ ਦਰ ਅਗੇਰੇ ਸੌਂਪਦੀ ਚਲੀ ਜਾਂਦੀ ਹੈ, ਪਰ ਬਹੁਤ ਚੰਗਾ ਹੁੰਦਾ ਹੈ ਜੇਕਰ ਖਿੱਤੇ ਵਿਸ਼ੇਸ਼ ਦੇ ਲੋਕ ਆਪਣੇ ਸੱਭਿਆਚਾਰ ਨੂੰ ਕਿਸੇ ਨ ਕਿਸੇ ਰੂਪ ਵਿਚ ਪੱਕੇ ਤੌਰ 'ਤੇ ਨਾਲ ਦੀ ਨਾਲ ਸਾਂਭਦੇ ਵੀ ਜਾਣ ਤਾਂ ਕਿ ਸੱਭਿਆਚਾਰ ਦੀ ਹੋਂਦ ਮਜਬੂਤੀ ਨਾਲ ਬਣੀ ਰਹੇ ਕਿਉਂਕਿ ਜੇਕਰ ਇਸ ਨੂੰ ਮੂੰਹ ਜੁਬਾਨੀ ਹੀ ਅੱਗੇ ਤੋਰਿਆ ਜਾਂਦਾ ਹੈ ਤਾਂ ਇਹ ਸੰਭਾਵਨਾ ਹਮੇਸ਼ਾ ਬਣੀ ਰਹਿੰਦੀ ਹੈ ਕਿ ਕਿਸੇ ਸੱਭਿਆਚਾਰ ਉਤੇ ਦੂਸਰਿਆ ਸੱਭਿਆਚਾਰਾਂ ਦਾ ਚੰਗਾ ਮੰਦਾ ਅਸਰ ਹਮੇਸ਼ਾ ਪੈਂਦਾ ਰਹੇਗਾ ।ਅਸੀਂ ਅਜੋਕੇ ਪੰਜਾਬੀ ਸੱਭਿਆਚਾਰ ਨੂੰ ਹੀ ਦੇਖ ਲਈਏ ਤਾਂ ਕਹਿ ਸਕਦੇ ਹਾਂ ਕਿ ਅੱਜ ਦੇ ਜਮਾਨੇ ਵਿਚ ਸੱਭਿਆਚਾਰ ਨੂੰ ਸਿਰਫ ਨਾਚ ਗਾਣੇ ਤੱਕ ਹੀ ਸੀਮਤ ਕਰ ਦਿੱਤਾ ਗਿਆ ਹੈ ਜਦ ਕਿ ਨਾਚ, ਗਾਣਾ ਅਤੇ ਪੀਣਾ ਸਿਰਫ ਇਸ ਦਾ ਇਕ ਛੋਟਾ ਜਿਹਾ ਹਿੱਸਾ ਹਨ ।ਇਸੇ ਤਰਾਂ ਧਰਮ ਦੀ ਗੱਲ ਕੀਤੀ ਜਾ ਸਕਦੀ ਹੈ ਜੋ ਕਿ ਹਰ ਵਿਅਕਤੀ ਦਾ ਨਿੱਜੀ ਵਿਸ਼ਾ ਹੁੰਦਾ ਹੈ ਤੇ ਸੱਭਿਆਚਾਰ ਦਾ ਅਨਿੱਖੜ ਅੰਗ ਹੁੰਦਾ ਹੈ ।

ਇੱਕ ਸਮਾਜ ਵਿਚ, ਇੱਕ ਤੋਂ ਬਹੁਤੇ ਸੱਭਿਆਚਾਰ ਹੋ ਸਕਦੇ ਹਨ ਇਸ ਦੀ ਵਧੀਆ ਮਿਸਾਲ ਭਾਰਤ ਦੇ ਰਾਜਾਂ ਦੀ ਦਿੱਤੀ ਜਾ ਸਕਦੀ ਹੈ, ਜਿਹਨਾਂ ਵਿਚ ਰਾਜਾਂ ਮੁਤਾਬਿਕ ਵੱਖੋ ਵੱਖ ਬੋਲੀਆਂ, ਧਰਮ, ਮਾਨਤਾਵਾਂ, ਅਮਾਨਤਾਵਾਂ ਤੇ ਅਚਾਰ ਵਿਵਹਾਰ ਦੇ ਬਹੁਤ ਸਾਰੇ ਜੀਵਨ ਢੰਗ ਹਨ ।

ਇਸੇ ਤਰਾਂ ਇਕ ਸੱਭਿਆਚਾਰ ਵਿਚ ਬਹੁਤ ਸਾਰੇ ਧਰਮ ਹੋ ਸਕਦੇ ਹਨ, ਬਹੁਤੇ ਰੰਗਾਂ ਤੇ ਨਸਲਾਂ ਦੇ ਲੋਕ ਹੋ ਸਕਦੇ ਹਨ ।ਕਹਿਣ ਦਾ ਭਾਵ ਇਹ ਕਿ ਸੱਭਿਆਚਾਰ ਦਾ ਘੇਰਾ ਬਹੁਤ ਵਿਸ਼ਾਲ ਹੁੰਦਾ ਹੈ, ਇਸ ਨੂੰ ਕਦਾਚਿਤ ਵੀ ਸੀਮਤ ਘੇਰੇ ਵਿਚ ਨਾ ਹੀ ਰੱਖਿਆ ਜਾ ਸਕਦਾ ਹੈ ਤੇ ਨਾ ਹੀ ਸੱਭਿਆਚਾਰ ਦੇ ਕਿਸੇ ਇਕ ਹਿੱਸੇ ਨੂੰ ਉਸ ਦਾ ਸਮੁੱਚ ਸਮਝਣ ਦੀ ਗਲਤੀ ਕੀਤੀ ਜਾ ਸਕਦੀ ਹੈ ।

ਬਦਲਾਵ ਕੁਦਰਤ ਦਾ ਇਕ ਅਟੱਲ ਨਿਯਮ ਹੈ ।ਦੁਨੀਆ ਦੀ ਹਰ ਵਸਤ ਸਮੇਂ ਦੀ ਗਤੀ ਨਾਲ ਬਦਲਦੀ ਹੈ ।ਧਰਤੀ ਸੂਰਜ ਦੇ ਇਰਦ ਗਿਰਦ 24 ਘੰਟੇ ਚ ਇਕ ਚੱਕਰ ਲਗਾਉਂਦੀ ਹੈ ਤਾਂ ਦਿਨ ਰਾਤ ਬਣਦੇ ਹਨ ਜਦ ਕਿ ਤਿਰਛੇ ਰੁਖ ਸਾਲ ਚ ਇਕ ਗੇੜਾ ਪੂਰਾ ਕਰਦੀ ਹੋਈ ਵੱਖ ਵੱਖ ਰੁੱਤਾਂ ਦੇ ਰੰਗ ਦਿਖਾਉਂਦੀ ਹੈ ।ਫੁੱਲ ਖਿੜਦੇ ਹਨ ਤੇ ਸਮੇਂ ਦੀ ਗਤੀ ਮੁਤਾਬਿਕ ਮੁਰਝਾ ਜਾਂਦੇ ਹਨ, ਦਿਨ ਰਾਤ ਦਾ ਚੱਕਰ ਨਿਰੰਤਰ ਚਲਦਾ ਰਹਿੰਦਾ ਹੈ, ਬਿਲਕੁਲ ਠੀਕ ਇਸੇ ਤਰਾਂ ਸੱਭਿਆਚਾਰੀਕਰਨ ਦਾ ਅਮਲ ਵੀ ਚਲਦਾ ਰਹਿੰਦਾ ਹੈ ।ਕਹਿਣ ਦਾ ਭਾਵ ਇਹ ਕਿ ਸੱਭਿਆਚਾਰ ਵਿਚ ਬਦਲਾਵ ਦੀ ਪ੍ਰਕਿਰਿਆ ਵੀ ਨਿਰੰਤਰ ਚਲਦੀ ਰਹਿੰਦੀ ਹੈ, ਕਮਜੋਰ ਸੱਭਿਆਚਾਰ, ਮਜਬੂਤ ਸੱਭਿਆਚਾਰ ਦੀ ਮਾਰ ਹੇਠ ਆ ਕੇ ਆਪਣੀ ਹੋਂਦ ਨੂੰ ਖੋਰਾ ਲਾ ਬਹਿੰਦਾ ਹੈ ।ਪੰਜਾਬੀ ਸੱਭਿਆਚਾਰ ਇਕ ਬੜਾ ਅਮੀਰ ਸੱਭਿਆਚਾਰ ਹੈ, ਪਰ ਪਿੱਛਲੀ ਪੌਣੀ ਕੁ ਸਦੀ ਤੋਂ ਇਹ ਸੱਭਿਆਚਾਰ , ਪੱਛਮੀ ਸੱਭਿਆਚਾਰ ਦੀ ਮਾਰ ਹੇਠ ਆ ਕੇ ਨਿਰੰਤਰ ਆਪਣੀ ਦਿੱਖ ਬਦਲਦਾ ਜਾ ਰਿਹਾ ਹੈ ।ਜੇਕਰ ਇੰਜ ਕਹਿ ਲਈਏ ਕਿ ਮਾਤ ਬੋਲੀ ਪੰਜਾਬੀ ਸਮੇਤ ਪੂਰਾ ਸੱਭਿਆਚਾਰ ਹੀ ਇਸ ਵਕਤ ਆਪਣੀ ਹੋਂਦ ਹੀ ਖਤਰੇ ਦੀ ਦਲਦਲ ਵਿਚ ਫਸਾ ਚੁੱਕਾ ਹੈ ਤਾਂ ਕਿਸੇ ਤਰਾਂ ਵੀ ਗਲਤ ਨਹੀਂ ਹੋਵੇਗਾ ।ਮਹਾਂ ਪੰਜਾਬ ਦਾ ਸੱਭਿਆਚਾਰ ਇੱਕ ਹੁੰਦਾ ਸੀ ਜੋ ਹੁਣ ਚੜ੍ਹਦੇ ਅਤੇ ਲਹਿੰਦੇ ਪੰਜਾਬ ਦੀ ਦੁਫੇੜ ਪੈ ਜਾਣ ਕਾਰਨ ਦੋਹੀਂ ਪਾਸੀਂ ਕਾਫੀ ਬਦਲਿਆ ਹੋਇਆ ਨਜਰ ਆ ਰਿਹਾ ਹੈ ।

ਮੀਡੀਆ 21ਵੀਂ ਸਦੀ ਦੀ ਸਭ ਤੋਂ ਵੱਡੀ ਤਾਕਤ ਹੈ, ਪਰ ਇਸ ਵਿਚ ਵੀ ਸ਼ੋਸ਼ਲ ਮੀਡੀਆ {Floating Media}, ਪਰੈੱਸ ਤੇ ਬਿਜਲਈ ਮੀਡੀਏ ਤੋਂ 100 ਗੁਣਾਂ ਵਧੇਰੇ ਸ਼ਕਤੀਸ਼ਾਲੀ ਹੈ ।ਜੇਕਰ ਸ਼ੋਸ਼ਲ ਮੀਡੀਏ ਦੀ ਸਹੀ ਵਰਤੋਂ ਕੀਤੀ ਜਾਵੇ ਤਾਂ ਸੱਭਿਆਚਾਰ ਦੀ ਹੋਂਦ ਬਰਕਰਾਰ ਰੱਖਣ ਨੂੰ ਕਾਫੀ ਵੱਡਾ ਹੁਲਾਰਾ ਮਿਲ ਸਕਦਾ ਹੈ, ਪਰੰਤੂ ਜੇਕਰ ਇਸ ਤੋਂ ਉਲਟ ਹੁੰਦਾ ਹੈ ਤਾਂ ਸਮਝ ਲਓ ਕਿ ਸਬੰਧਿਤ ਸੱਭਿਆਚਾਰ ਵਿਸ਼ੇਸ਼ ਦਾ ਖਾਤਮਾ ਤਹਿ ਹੈ ।ਸੋ ਇਹ ਹੁਣ ਲੋਕਾਂ ਅਤੇ ਸਰਕਾਰਾਂ 'ਤੇ ਨਿਰਭਰ ਕਰਦਾ ਹੈ ਕਿ ਉਹਨਾਂ ਨੇ ਆਪਣੇ ਸੱਭਿਆਚਾਰ ਦੀ ਹੋਂਦ ਹਸਤੀ ਨੂੰ ਬਚਾਈ ਤੇ ਬਣਾਈ ਰੱਖਣਾ ਹੈ ਜਾਂ ਫਿਰ ਇਸ ਦਾ ਆਪਣੇ ਹੱਥੀਂ ਆਪ ਹੀ ਵਿਨਾਸ਼ ਹੁੰਦਾ ਦੇਖਣਾ ਹੈ।

ਮੇਰੇ ਵਲੋਂ ਇਸ ਲੇਖ ਨੂੰ ਲਿਖਣ ਦਾ ਮੁੱਖ ਮੰਤਵ ਇਹ ਹੈ ਕਿ ਅਸੀਂ ਪੰਜਾਬੀ ਹੋਣ ਦੇ ਨਾਤੇ ਆਪਣੇ ਸੱਭਿਆਚਾਰ ਦੀ ਹੋਂਦ ਬਚਾਉਣ ਅਤੇ ਪੀੜ੍ਹੀ ਦਰ ਪੀੜ੍ਹੀ ਇਸ ਨੂੰ ਬਹਾਲ ਰੱਖਣ ਪ੍ਰਤੀ ਸੁਚੇਤ ਹੋਈਏ, ਬੋਲੀ ਅਤੇ ਸਾਹਿਤਕ ਕਾਨਫਰੰਸਾਂ ਆਯੋਜਿਤ ਕਰਨ ਦੇ ਨਾਲ ਨਾਲ ਸੱਭਿਆਚਾਰਕ ਕਾਨਫਰੰਸਾਂ ਆਯੋਜਿਤ ਕਰਨ ਵੱਲ ਵੀ ਧਿਆਨ ਦੇਈਏ, ਇਹ ਮੁੱਦਾ ਵੀ ਹੁਣ ਬਹੁਤ ਗੰਭੀਰ ਬਣ ਚੁੱਕਾ ਹੈ, ਇਸ ਵਾਸਤੇ ਵੀ ਸਿਰ ਜੋੜ ਕੇ ਬੈਠਣ ਦੀ ਸਖਤ ਜਰੂਰਤ ਹੈ, ਇਸ ਦੇ ਅਰਥਾਂ ਦਾ ਘੇਰਾ ਨੱਚਣ ਟੱਪਣ ਤੇ ਖਾਣ ਪੀਣ ਤੱਕ ਸੀਮਤ ਕਰ ਦਿੱਤਾ ਗਿਆ ਹੈ, ਪੰਜਾਬੀ ਸੱਭਿਆਚਾਰ ਇਕ ਸੱਚਾ ਸੁੱਚਾ, ਬਹੁਤ ਹੀ ਸੋਹਣਾ ਤੇ ਸੁਚੱਜਾ ਸੱਭਿਆਚਾਰ ਹੈ, ਇਸ ਨੂੰ ਕੰਜਰਗਿਰੀ ਤੱਕ ਸੀਮਤ ਕਰਨਾ, ਵੱਖ ਵੱਖ ਰਿਸ਼ਤਿਆਂ ਵਾਸਤੇ ਬਿਨਾ ਸੋਚੇ ਸਮਝੇ ਇਕੋ ਸ਼ਬਦ Uncle - Aunty ਵਰਤੀ ਜਾਣਾ, ਭਾਅ ਜੀ ਨੂੰ "ਪਾਅ ਜੀ" ਕਹਿਣਾ , ਭੈਣ ਨੂੰ ਦੀਦੀ, ਪਿਓ ਨੂੰ "ਪਾਪਾ" ਅਤੇ ਮਾਤਾ ਨੂੰ "ਮੰਮਾਂ" ਕਹਿਣਾ ਆਦਿ ਸ਼ਬਦ ਕਿਸੇ ਵੀ ਤਰਾਂ ਸਾਡੇ ਸੱਭਿਆਚਾਰ ਨਾਲ ਮੇਂਚਵੇਂ ਨਹੀਂ ਹਨ ।ਪੰਜਾਬੀ ਮੀਡੀਏ ਵਿਚਲੇ ਪਰੋਗਰਾਮ ਦੇਖੇ ਸੁਣੇ ਜਾ ਸਕਦੇ ਹਨ, ਸ਼ਰੇਆਮ ਪੰਜਾਬੀ ਬੋਲੀ ਤੇ ਸੱਭਿਆਚਾਰ ਦਾ ਅੱਖਾਂ ਸਾਹਮਣੇ ਘਾਣ ਹੁੰਦਾ ਦੇਖਿਆ ਜਾ ਸਕਦਾ ਹੈ ।

ਪੰਜਾਬੀ ਸੱਭਿਆਚਾਰ ਵਿਚ ਬਨਾਵਟ ਵਾਸਤੇ ਬਿਲਕੁਲ ਵੀ ਕੋਈ ਜਗਾ ਨਹੀਂ ਹੈ ।ਇਹ ਉਹ ਸੱਭਿਆਚਾਰ ਹੈ ਜੋ ਪੂਰੀ ਵਿਸ਼ਵ ਸੱਭਿਅਤਾ ਦਾ ਪੰਘੂੜਾ ਹੈ ।ਅੱਜ ਦੁੱਖ ਹੁੰਦਾ ਹੈ, ਇਹ ਦੇਖਕੇ ਕਿ ਇਸ ਦੇ ਰਸਮਾਂ ਰਿਵਾਜਾਂ ਵਿਚ ਬਨਾਵਟ ਘਸੋੜ ਦਿੱਤੀ ਗਈ ਹੈ , ਮਸਲਨ ਵਿਆਹਾਂ ਚ ਕੇਕ ਕੱਟਣ ਦੀ ਰਸਮ ਅਦਾ ਕਰਨੀ, ਵੱਡੇ ਵੱਡੇ ਮੈਰਿਜ ਪੈਲੇਸ ਬੁੱਕ ਕਰਕੇ ਆਪਣੀ ਹਾਊਮੈਂ ਨੂੰ ਪੱਠੇ ਪਾਉਣ ਦੇ ਅਡੰਬਰ ਰਚਣੇ, ਰਿਸ਼ਤਿਆਂ ਚ ਟੁੱਟ ਭੱਜ, ਮੋਹ ਦੀਆਂ ਤੰਦਾਂ ਦਾ ਉੱਡਣ ਸ਼ੂ ਹੋ ਜਾਣਾ ਤੇ ਮਤਲੱਬ ਪ੍ਰਸਤੀ ਦੀ ਪ੍ਰਧਾਨਗੀ ਦੇ ਨਾਲ ਨਾਲ ਨਾਚ ਤੇ ਨਾਟ ਕਲਾਵਾਂ ਵਿਚ ਬਦਲਾਵ ਤੇ ਆਲੋਪਗੀ ਦਾ ਨਿਰੰਤਰ ਵਾਧਾ ਆਦਿ, ਇਹ ਸੱਭ ਮੁੱਦੇ ਹਨ ਜੋ ਇਸ ਵੇਲੇ ਗੰਭੀਰ ਚਿੰਤਾ ਦਾ ਵਿਸ਼ਾ ਹਨ ।

ਬੇਸ਼ੱਕ ਇਹ ਸਾਡਾ ਸਭਨਾ ਦਾ ਇਕ ਬਹੁਤ ਹੀ ਭਖਵਾਂ ਮਸਲਾ ਹੈ, ਪਰ ਜੇਕਰ ਸਾਡੇ ਵਿੱਦਿਅਕ ਅਦਾਰੇ ਜਰਾ ਜਾਗ੍ਰਿਤ ਹੋ ਕੇ ਆਪਣੀ ਬਣਦੀ ਭੂਮਿਕਾ ਨਿਭਾਉਣ ਤਾਂ ਹਾਲਾਤਾਂ ਨੂੰ ਸੁਖਾਵਾਂ ਰੁਖ ਦਿੱਤਾ ਦਾ ਸਕਦਾ ਹੈ ।ਅਜਿਹਾ ਕਰਨ ਵਾਸਤੇ ਸੱਭਿਆਚਾਰਕ ਕਾਨਫਰੰਸਾਂ ਦੇ ਸੰਦਰਭ ਵਿਚ ਇਕ ਨਵੀਂ ਚਰਚਾ ਛੇੜਨੀ, ਇਸ ਵੇਲੇ ਸਮੇਂ ਦੀ ਮੰਗ ਬਣ ਚੁੱਕੀ ਹੈ ।

ਖੁਸ਼ੀ ਵਾਲੀ ਗੱਲ ਇਹ ਹੈ ਕਿ ਲਹਿੰਦੇ ਪੰਜਾਬ ਵਲੋਂ ਜਿਥੇ ਪੰਜਾਬੀ ਬੋਲੀ ਅਤੇ ਸਾਹਿਤ ਨੂੰ ਲੈ ਕੇ ਨਿਰੰਤਰ ਸਾਹਿਤਕ ਕਾਨਫਰੰਸਾਂ ਕਰਵਾਈਆਂ ਜਾ ਰਹੀਆਂ, ਉਥੇ ਲਹਿੰਦੇ ਪੰਜਾਬ ਦੀ ਸਰਕਾਰ ਨੇ ਹੁਣ ਵੱਖ ਵੱਖ ਪੰਜਾਬੀ ਤਨਜੀਮਾਂ ਅਤੇ ਲੋਕਾਂ ਦੀ ਜੋਰਦਾਰ ਮੰਗ ਨੂੰ ਮੁੱਖ ਰੱਖਦਿਆਂ ਅਤੇ ਇਸ ਮਸਲੇ ਦੀ ਅਹਿਮੀਅਤ ਨੂੰ ਸਮਝਦਿਆ, ਸੱਭਿਆਚਾਰਕ ਕਾਨਫਰੰਸਾਂ ਆਯੋਜਿਤ ਕਰਨ ਦੀ ਸ਼ੁਰੂਆਤ ਕੀਤੀ ਹੈ ਜੋ ਕਿ ਇਕ ਬਹੁਤ ਹੀ ਵਧੀਆ ਉੱਦਮ ਹੈ ।ਇਸੇ ਦਿਸ਼ਾ ਚ ਪਹਿਲੀ ਕਾਨਫਰੰਸ ਮਾਰਚ ਦੇ ਅੱਧ ਵਿਚ ਕੀਤੀ ਜਾ ਰਹੀ ਹੈ ਜੋ ਕਿ ਸਰਕਾਰੀ ਹੁਕਮਾਂ ਮੁਤਾਬਿਕ ਪੂਰੇ ਸੂਬੇ ਦੇ ਵੱਖ ਵੱਖ ਵਿੱਦਿਅਕ ਤੇ ਸੱਭਿਆਚਾਰਕ ਅਦਾਰਿਆਂ ਵਿਚ ਆਯੋਜਿਤ ਹੋਵੇਗੀ ।

ਸਾਨੂੰ ਇਸ ਨਿੱਗਰ ਉੱਦਮ ਵਾਸਤੇ ਪਾਕਿਸਤਾਨੀ ਪੰਜਾਬ ਦੀ ਮੁੱਖ ਮੰਤਰੀ ਬੀਬੀ ਮਰੀਅਮ ਨਵਾਜ ਸ਼ਰੀਫ ਦਾ ਹਿਰਦੇ ਦੀ ਗਹਿਰਾਈ ਤੋਂ ਕੋਟਿਨ ਕੋਟਿ ਧੰਨਵਾਦ ਕਰਨਾ ਚਾਹੀਦਾ ਹੈ ਤੇ ਇਸ ਦੇ ਨਾਲ ਹੀ ਚੜ੍ਹਦੇ ਪੰਜਾਬ ਦੀ ਭਗਵੰਤ ਮਾਨ ਸਰਕਾਰ ਨੂੰ ਵੀ ਅਪੀਲ ਕਰਨੀ ਚਾਹੀਦੀ ਹੈ ਕਿ ਉਹ ਵੀ ਇਸ ਦਿਸ਼ਾ ਵਿਚ ਕੋਈ ਸਕਾਰਾਤਮਕ ਕਦਮ ਚੁੱਕੇ ।

ਬਹੁਤ ਚੰਗਾ ਹੋਵੇਗਾ ਜੇਕਰ ਪੰਜਾਬ ਸਰਕਾਰ ਹਰ ਸਾਲ ਕੋਈ ਇਕ ਜਾਂ ਦੋ ਦਿਨ ਦਿਨ ਤਹਿ ਕਰਕੇ ਸੂਬੇ ਦੇ ਸਮੂਹ ਵਿੱਦਿਅਕ ਅਦਾਰਿਆਂ ਵਿਚ "ਪੰਜਾਬੀ ਸੱਭਿਆਚਾਰਕ ਦਿਵਸ" ਮਨਾਉਣ ਦੀ ਕਵਾਇਦ ਸ਼ੁਰੂ ਕਰੇ, ਸੱਭਿਆਚਾਰ ਦੀ ਹੋਂਦ ਬਚਾਉਣ ਵਾਸਤੇ ਕੋਈ ਕਾਨੂੰਨ ਬਣਾਵੇ, ਵਿੱਦਿਅਕ ਅਦਾਰਿਆਂ ਵਿਚ ਇਸ ਦੀ ਪੜ੍ਹਾਈ ਵਾਸਤੇ ਕੋਈ ਸਿਲੇਬਸ ਲਾਗੂ ਕਰੇ ।

ਇਸ ਤਰਾਂ ਕਰਨ ਨਾਲ ਪੰਜਾਬੀ ਸੱਭਿਆਚਾਰ ਅਤੇ ਬੋਲੀ ਦੀ ਹੋਂਦ ਨੂੰ ਬਚਾਈ ਰੱਖਣ ਵਾਸਤੇ ਪੱਕਾ ਬਾਨਣੂ ਵੀ ਬੰਨ੍ਹਿਆ ਜਾ ਸਕਦਾ ਹੈ, ਪੰਜਾਬੀ ਕਲਾਕਾਰਾਂ ਨੂੰ ਸੇਧ ਵੀ ਦਿੱਤੀ ਦਾ ਸਕਦੀ ਹੈ, ਨਵੀਆਂ ਨਸਲਾਂ ਨੂੰ ਵੀ ਸੱਭਿਆਚਾਰ ਨਾਲ ਜੋੜਕੇ ਰੱਖਿਆ ਜਾ ਸਕਦਾ ਹੈ ।ਇਹ ਸਿਲਸਿਲਾ ਪੰਜਾਬੀ ਸੱਭਿਆਚਾਰਕ ਹਫਤਾ ਜਾਂ ਪੰਦਰਵਾੜਾ ਆਯੋਜਿਤ ਕਰਕੇ ਵੀ ਸ਼ੁਰੂ ਕੀਤਾ ਦਾ ਸਕਦਾ ਹੈ ।

ਆਖਿਰ ਵਿਚ ਏਹੀ ਕਹਾਂਗਾ ਕਿ ਪੰਜਾਬੀ ਸੱਭਿਆਚਾਰ ਬਹੁਤ ਅਮੀਰ ਤੇ ਸੱਚਾ ਤੇ ਸੁੱਚਾ ਸੱਭਿਆਚਾਰ ਹੈ ।ਇਸ ਵਿਚ ਜੋ ਅਰਥ ਵਿਗਾੜ ਪੈਦਾ ਕਰਕੇ ਸੱਭਿਆਚਾਰਕ ਪ੍ਰਦੂਸ਼ਣ ਪੈਦਾ ਕੀਤਾ ਜਾ ਰਿਹਾ ਹੈ, ਉਸ ਦੀ ਰੋਕਥਾਮ ਕਰਕੇ ਇਸ ਦੀ ਸੁੱਧਤਾ ਤੇ ਪਾਕੀਜ਼ਗੀ ਨੂੰ ਬਣਾਏ ਰੱਖਣ ਦੀ ਅੱਜ ਬੇਹੱਦ ਲੋੜ ਹੈ ।ਆਸ ਹੈ ਕਿ ਲਹਿੰਦੇ ਪੰਜਾਬ ਦੀ ਤਰਾਂ ਚੜ੍ਹਦੇ ਪੰਜਾਬ ਦੀ ਸਰਕਾਰ ਵੀ ਇਸ ਦਿਸ਼ਾ ਵੱਲ ਢੁੱਕਵੇਂ ਕਦਮ ਜਲਦੀ ਹੀ ਚੁੱਕੇਗੀ ਤੇ ਇਸ ਦਿਸ਼ਾ ਵਿਚ ਮੁਹਿੰਮ ਦਾ ਅਗਾਜ਼ ਕਰੇਗੀ।

ਆਵਾਜ਼ਿ ਕੌਮ AWAZE QAUM International Newspaper & WEB TV

## ਝੁੱਗੀਆਂ ਵਿੱਚ ਰਹਿਣ ਵਾਲੇ ਬੱਚੇ ਨੇ ਖੋਲੀ ਮੋਬਾਇਲ ਰਿਪੇਅਰ ਦੀ ਦੁਕਾਨ, ਸਮਾਜ ਸੇਵੀ ਭਾਨ ਸਿੰਘ ਜੱਸੀ ਨੇ ਕੀਤਾ ਉਦਘਾਟਨ



**ਬਰਨਾਲਾ ( ਰਣਜੀਤ ਸਿੰਘ ਪੇਧਨੀ )**-ਲਗਭਗ 15 ਸਾਲਾਂ ਤੋਂ ਬਰਨਾਲਾ ਦੀ ਦਾਣਾ ਮੰਡੀ ਵਿੱਚ ਸਮਾਜ ਸੇਵੀ ਭਾਨ ਸਿੰਘ ਜੱਸੀ (ਜੱਸੀ ਪੇਦਨੀ ) ਦੀ ਅਗਵਾਈ ਵਿੱਚ ਝੁੱਗੀਆਂ ਵਿੱਚ ਰਹਿਣ ਵਾਲੇ ਗਰੀਬਾਂ ਦੇ ਬੱਚਿਆਂ ਨੂੰ ਮੁਫਤ ਸਿੱਖਿਆ ਦੇਣ ਦੀ ਸੇਵਾ ਚਲਾਈ ਜਾ ਰਹੀ ਹੈ, ਸ੍ਰੀ ਗੁਰੂ ਨਾਨਕ ਸਲਮ ਸੇਵਾ ਮਿਸ਼ਨ ਦੇ ਵਿਦਿਆਰਥੀ ਸੁਰਜੀਤ ਕੁਮਾਰ ਨੇ ਪੜ੍ਹਾਈ ਦੇ ਨਾਲ ਨਾਲ ਮੋਬਾਇਲ ਰਿਪੇਅਰ ਦਾ ਕੰਮ ਸਿੱਖਿਆ ਅਤੇ ਕਾਮਯਾਬੀ ਹਾਸਿਲ ਕਰਦੇ ਹੋਏ ਬਰਨਾਲਾ ਦੀ ਸਬਜ਼ੀ ਮੰਡੀ ਦੁਕਾਨ ਨੰ: 18 ਵਿੱਚ ਆਪਣੀ ਦੁਕਾਨ ਖੋਲ ਕੇ ਗਰੀਬੀ ਦੇ ਬੇਕਿਰਕੇ ਵਰਤਾਰੇ ਨੂੰ ਚੁਨੌਤੀ ਦਿੰਦਿਆਂ ਨਿਰਾਸਾਵਾਦੀ ਦੌਰ ਵਿੱਚੋਂ ਗੁਜ਼ਰ ਰਹੇ ਨੌਜਵਾਨਾਂ ਨੂੰ ਨਵਾਂ ਸੁਨੇਹਾ ਦੇਣ ਵਿੱਚ ਕਾਮਯਾਬੀ ਹਾਸਿਲ ਕੀਤੀ ਹੈ, ਦੁਕਾਨ ਦਾ ਉਦਘਾਟਨ ਕਰਨ ਉਪਰੰਤ ਬੋਲਦਿਆਂ ਸਮਾਜ ਸੇਵੀ ਭਾਨ ਸਿੰਘ ਜੱਸੀ ਨੇ ਕਿਹਾ ਕਿ ਇਸ ਮਿਹਨਤੀ ਬੱਚੇ ਸੁਰਜੀਤ ਨੇ ਝੁੱਗੀਆਂ ਵਿੱਚ ਰਹਿਕੇ +2 ਦੀ ਪੜ੍ਹਾਈ ਕਰਨ ਦੇ ਨਾਲ ਨਾਲ ਮੋਬਾਇਲ ਰਿਪੇਅਰ ਕਰਨ ਦੇ ਕੰਮ ਦੀ ਟ੍ਰੇਨਿੰਗ ਪ੍ਰਾਪਤ ਕੀਤੀ, ਉਹਨਾਂ ਕਿਹਾ ਕਿ ਮਿਸ਼ਨ ਦੇ 22 ਸਾਲਾਂ ਦੇ ਸਮੇਂ ਦੌਰਾਨ ਇਹ ਪਹਿਲਾ ਬੱਚਾ ਹੈ ਜਿਸ ਨੇ ਪੜ੍ਹਾਈ ਦੇ ਨਾਲ ਨਾਲ ਹੱਥੀ ਕੰਮ ਕਰਨ ਦੀ ਕਲਾ ਨੂੰ ਪ੍ਰਵਾਨ ਕਰਦਿਆਂ ਸਫਲਤਾ ਦੀਆਂ ਪੌੜੀਆਂ ਚੜਨ ਦਾ ਜਿਗਰਾ ਕੀਤਾ ਹੈ, ਸਮਾਜ ਸੇਵੀ ਭਾਈ ਤੇਜਿੰਦਰ ਸਿੰਘ ਨੇ ਇਸ ਬੱਚੇ ਦਾ ਪਹਿਲੇ ਮਹੀਨੇ ਦਾ 5000 ਰੁਪਏ ਦਾ ਕਿਰਾਇਆ ਭੇਂਟ ਕਰਦੇ ਹੋਏ ਨਵੇਂ ਕੰਮ ਦੀ ਸ਼ੁਰੂਆਤ ਕਰਨ ਤੇ ਉਸਨੂੰ ਵਧਾਈਆਂ ਦਿੱਤੀਆਂ, ਇਸ ਮੌਕੇ ਮਨਰੇਗਾ ਯੂਨੀਅਨ ਪੰਜਾਬ ਦੇ ਆਗੂ ਕਾ: ਖੁਸ਼ੀਆ ਸਿੰਘ , ਅਲੀ ਖਾਨ , ਸਮਾਜ ਸੇਵੀ ਬੰਟੀ ਗਰੋਵਰ ,ਰਾਮ ਚੰਦ , ਟੀਚਰ ਅਤੇ ਬੱਚੇ ਵੀ ਸ਼ਾਮਿਲ ਸਨ, ਅੰਤ ਵਿੱਚ ਸਮਾਜ ਸੇਵੀ ਭਾਨ ਸਿੰਘ ਜੱਸੀ ਨੇ ਉਦਘਾਟਨੀ ਸਮ੍ਹੋ ਵਿੱਚ ਸ਼ਾਮਿਲ ਸਾਰੀਆਂ ਸ਼ਖਸੀਅਤਾਂ ਦਾ ਧੰਨਵਾਦ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

## ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਕੋਠੇ ਚੇਤ ਸਿੰਘ ਵਾਲਾ ਨੂੰ ਸਟੇਟ ਬੈਂਕ ਆਫ ਇੰਡੀਆ ਵੱਲੋਂ ਏ.ਸੀ, ਕੰਪਿਊਟਰ ਤੇ ਹੋਰ ਸਮਾਨ ਦਾਨ

### ਸਕੂਲ ਨੂੰ ਏ.ਸੀ ਸਮਾਰਟ ਸਕੂਲ ਬਣਨ ਦਾ ਮਾਣ ਹਾਸਲ ਹੋਇਆ- ਰਾਮ ਸਿੰਘ ਰੁਪਾਣਾ







**ਬਠਿੰਡਾ, 9 ਮਾਰਚ (ਗੁਰਜੰਟ ਸਿੰਘ ਨਥੇਹਾ)**-ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਕੋਠੇ ਚੇਤ ਸਿੰਘ ਵਾਲਾ ਵਿਖੇ ਮੁੱਖ ਅਧਿਆਪਕ ਰਾਮ ਸਿੰਘ ਰੁਪਾਣਾ ਦੀ ਅਗਵਾਈ ਹੇਠ ਵਿਸ਼ੇਸ਼ ਸਮਾਗਮ ਦਾ ਆਯੋਜਨ ਕੀਤਾ ਗਿਆ। ਜਿਸ ਵਿੱਚ ਮੁੱਖ ਮਹਿਮਾਨ ਦੇ ਤੌਰ 'ਤੇ ਸਟੇਟ ਬੈਂਕ ਆਫ਼ ਇੰਡੀਆ ਬਠਿੰਡਾ ਦੇ ਮੁੱਖ ਪ੍ਰਬੰਧਕ ਮਨਜੀਤ ਸਿੰਘ ਤੇ ਵਿਸ਼ੇਸ਼ ਮਹਿਮਾਨ ਦੇ ਤੌਰ 'ਤੇ ਪਾਲ ਕੁਮਾਰ ਡਿਪਟੀ ਜਨਰਲ ਸੈਕਟਰੀ ਤੇ ਦਯਾ ਰਾਮ ਡਿਪਟੀ ਮੈਨੇਜਰ ਸ਼ਾਮਿਲ ਹੋਏ। ਇਸ ਬਾਰੇ ਗੱਲਬਾਤ ਕਰਦਿਆਂ ਮੁੱਖ ਅਧਿਆਪਕ ਰਾਮ ਸਿੰਘ ਰੁਪਾਣਾ ਨੇ ਦੱਸਿਆ ਕਿ ਬੱਚਿਆਂ ਨੂੰ ਮਿਆਰੀ ਸਿੱਖਿਆ ਦੇਣ ਲਈ ਸਿੱਖਿਆ ਵਿਭਾਗ ਤੇ ਹੋਰ ਦਾਨੀ ਸੰਸਥਾਵਾਂ ਦੀ ਸਹਾਇਤਾ ਨਾਲ ਬੱਚਿਆਂ ਨੂੰ ਹਰੇਕ ਤਰ੍ਹਾਂ ਦੀ ਸਹੂਲਤ ਪ੍ਰਦਾਨ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਇਸ ਲੜੀ ਤਹਿਤ ਸਟੇਟ ਬੈਂਕ ਆਫ ਇੰਡੀਆ ਮੁੱਖ ਸ਼ਾਖਾ ਬਠਿੰਡਾ ਵੱਲੋਂ ਸਕੂਲ ਨੂੰ 02 ਸਪਲਿਟ ਏ. ਸੀ, 05 ਕੰਪਿਊਟਰ, 01 ਪ੍ਰਿੰਟਰ, 01 ਇਨਵਰਟਰ, 01 ਐੱਲ. ਈ. ਡੀ, 05 ਪੱਖੇ, 03 ਅਲਮਾਰੀਆਂ ਤੇ 12 ਆਫ਼ਿਸ ਕੁਰਸੀਆਂ ਦਾਨ ਵਜੋਂ ਦਿੱਤੀਆਂ ਗਈਆਂ। ਸਮਾਗਮ ਦੌਰਾਨ ਮੁੱਖ ਅਧਿਆਪਕ ਰਾਮ ਸਿੰਘ ਰੁਪਾਣਾ ਨੇ ਕਿਹਾ ਕਿ ਸਟੇਟ ਬੈਂਕ ਆਫ ਇੰਡੀਆ ਮੁੱਖ ਸਾਖਾ ਬਠਿੰਡਾ ਦੇ ਮੁੱਖ ਪ੍ਰਬੰਧਕ ਮਨਜੀਤ ਸਿੰਘ, ਪਾਲ ਕੁਮਾਰ ਡਿਪਟੀ ਜਨਰਲ ਸੈਕਟਰੀ ਤੇ ਦਯਾ ਰਾਮ ਡਿਪਟੀ ਮੈਨੇਜਰ ਦੀ ਰਹਿਨੁਮਾਈ ਹੇਠ ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਕੋਠੇ ਚੇਤ ਸਿੰਘ ਵਾਲਾ ਨੂੰ ਸਮਾਰਟ ਏ.ਸੀ ਸਕੂਲ ਬਣਨ ਦਾ ਮਾਣ ਪ੍ਰਾਪਤ ਹੋਇਆ ਹੈ। ਜਿਸ ਲਈ ਸਕੂਲ ਦੇ ਮੁੱਖ ਅਧਿਆਪਕ ਰਾਮ ਸਿੰਘ ਰੁਪਾਣਾ, ਈ.ਟੀ.ਟੀ ਅਧਿਆਪਕ ਚਮਕੌਰ ਸਿੰਘ, ਪ੍ਰਦੀਪ ਸਿੰਘ ਤੇ ਅਧਿਆਪਕਾ ਅੰਮ੍ਰਿਤਪਾਲ ਕੌਰ ਵੱਲੋਂ ਮੁੱਖ ਮਹਿਮਾਨ ਤੇ ਵਿਸ਼ੇਸ਼ ਮਹਿਮਾਨ ਦਾ ਸਕੂਲ ਦੇ ਬੱਚਿਆਂ ਲਈ ਦਾਨ ਕਰਨ ਲਈ ਧੰਨਵਾਦ ਕੀਤਾ ਗਿਆ ਤੇ ਉਨ੍ਹਾਂ ਨੂੰ ਸਕੂਲ ਵੱਲੋਂ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਵੀ ਕੀਤਾ ਗਿਆ।

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ AWAZE QAUM International Newspaper & WEB TV
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਤਖ਼ਤਾਂ ਦੇ ਜਥੇਦਾਰਾਂ ਦੀ ਨਿਯੁਕਤੀ ਤੇ ਸੇਵਾ ਮੁਕਤੀ ਦੇ

# ਸਿਧਾਂਤ ਨੂੰ ਬਾਦਲਾਂ ਛਿੱਕੇ ਟੰਗਿਆ: ਜਰਮਨੀ ਸਿੱਖ ਜਥੇਬੰਦੀਆਂ







**ਨਵੀਂ ਦਿੱਲੀ 9 ਮਾਰਚ (ਮਨਪ੍ਰੀਤ ਸਿੰਘ ਖਾਲਸਾ)**:- ਜਰਮਨੀ ਦੀਆਂ ਪੰਥਕ ਜਥੇਬੰਦੀਆਂ ਦੇ ਆਗੂਆਂ ਭਾਈ ਗੁਰਮੀਤ ਸਿੰਘ ਖਨਿਆਣ, ਭਾਈ ਗੁਰਦਿਆਲ ਸਿੰਘ ਲਾਲੀ, ਭਾਈ ਅਮਰਜੀਤ ਸਿੰਘ ਮੰਗੂਪੁਰ, ਜਥੇਦਾਰ ਰੇਸ਼ਮ ਸਿੰਘ ਬੱਬਰ, ਭਾਈ ਰਜਿੰਦਰ ਸਿੰਘ, ਭਾਈ ਲਖਵਿੰਦਰ ਸਿੰਘ ਮੱਲ੍ਹੀ, ਭਾਈ ਹੀਰਾ ਸਿੰਘ ਮੱਤੇਵਾਲ ਨੇ ਸਾਂਝੇ ਬਿਆਨ 'ਚ ਕਿਹਾ ਕਿ 2 ਦਸੰਬਰ ਨੂੰ ਸੁਖਬੀਰ ਸਿੰਘ ਬਾਦਲ ਤੇ ਉਨ੍ਹਾਂ ਦੇ ਸਾਥੀਆਂ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਨਮੁੱਖ ਪੇਸ਼ ਹੋ ਕੇ ਆਪਣੇ ਰਾਜ ਭਾਗ ਸਮੇਂ ਸਿੱਖ ਪੰਥ ਵਿਰੋਧੀ ਕੀਤੇ ਬੱਜਰ ਗੁਨਾਹਾਂ ਨੂੰ ਮੰਨਿਆ। ਸਿੰਘ ਸਾਹਿਬਾਨਾਂ ਵੱਲੋਂ ਲਗਾਈ ਗਈ ਧਾਰਮਿਕ ਸੇਵਾ ਤਾਂ ਕਰ ਲਈ ਬਾਅਦ ਇਹ ਲਾਣਾ ਬਾਕੀ ਹੁਕਮਨਾਮੇ ਤੋਂ ਬਾਗ.ੀ ਹੋ ਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੀਆਂ ਪ੍ਰੰਪਰਾਵਾਂ ਦਾ ਮਜ਼ਾਕ ਉਡਾਉਂਦਾ ਆ ਰਿਹਾ ਹੈ । ਜਥੇਦਾਰਾਂ ਦੀ ਨਿਯੁਕਤੀ ਅਤੇ ਸੇਵਾ ਮੁਕਤੀ ਦੇ ਹਰ ਸਿਧਾਂਤ ਨੂੰ ਛਿੱਕੇ ਟੰਗ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਬਾਦਲ ਟੱਬਰ ਦੀ ਸਿਆਸਤ ਬਚਾਉਣ ਲਈ ਤਖ਼ਤ ਸਾਹਿਬਾਨਾਂ ਦੇ ਜਥੇਦਾਰਾਂ ਪ੍ਰਤੀ ਨਾਦਰਸ਼ਾਹੀ ਫੁਰਮਾਨ ਜਾਰੀ ਕਰ ਰਹੀ ਹੈ ਜੋ ਕਿ ਬਹੁਤ ਹੀ ਨਿੰਦਣਯੋਗ ਗੈਰ-ਸਿਧਾਂਤਿਕ ਕਾਰਵਾਈਆਂ ਹਨ। ਪਿਛਲੇ ਦਿਨਾਂ 'ਚ ਜਥੇਦਾਰਾਂ ਨੂੰ ਹਟਾਉਣ ਤੇ ਲਾਉਣ ਦੀਆਂ ਮਨਮਰਜ਼ੀਆਂ ਕੀਤੀਆਂ ਗਈਆਂ ਹਨ। ਇਸ ਬਾਰੇ ਸਮੁੱਚੇ ਪੰਥ ਚ ਰੋਹ ਤਾਂ ਹੈ ਹੀ ਉਸ ਦੇ ਨਾਲ ਨਾਲ ਅਕਾਲੀ ਦਲ ਦੇ ਅੰਦਰ ਵੀ ਇਸ ਗੈਰ- ਸਿਧਾਂਤਿਕ ਫ਼ੈਸਲਿਆਂ ਦਾ ਸਖ਼ਤ ਵਿਰੋਧ ਹੋਣਾ ਅਤੇ ਅਸਤੀਫ਼ਿਆਂ ਦੀ ਵਧਦੀ ਗਿਣਤੀ ਕੀਤੇ ਗਏ ਫੈਸਲਿਆਂ ਤੋ ਅਤਿ ਨਿਰਾਸ਼ ਦਿੱਖ ਰਹੀ ਹੈ। ਸਿੱਖਾਂ ਤੇ ਹੋਏ ਪਹਿਲੇ ਹਮਲਿਆਂ ਨੇ ਅਕਾਲ ਤਖ਼ਤ ਸਾਹਿਬ ਦਰਬਾਰ ਸਾਹਿਬ ਦੀਆਂ ਇਮਾਰਤਾਂ, ਸਰੋਵਰਾਂ ਅਤੇ ਸਿੱਖਾਂ ਨੂੰ ਖ਼ਤਮ ਕਰਨ ਦਾ ਨਿਸ਼ਾਨਾ ਬਣਾਇਆ ਜਿਸ ਦਾ ਸਿੱਖਾਂ ਡਟ ਕੇ ਮੁਕਾਬਲਾ ਕੀਤਾ।ਮੁੜ ਦੁਸ਼ਮਣ ਨੂੰ ਵੰਗਾਰਦੇ ਰਹੇ ਤੇ ਉਨ੍ਹਾਂ ਨੂੰ ਮੂੰਹ ਤੋੜ ਜਵਾਬ ਦੇਕੇ ਦੁਸ਼ਮਣ ਨੂੰ ਪਛਾੜਦੇ ਰਹੇ।

**ਦਲ ਪੰਥ, ਸੰਸਥਾਵਾਂ, ਪੰਥਕ ਜਥੇਬੰਦੀਆਂ, ਪੰਥਕ ਸਖਸ਼ੀਅਤਾਂ ਰੋਸ ਵਜੋਂ ਦਸਤਾਰ- ਬੰਦੀ ਸਮਾਗਮ ਚ ਸ਼ਮੂਲੀਅਤ ਨਾ ਕਰਨ**

ਸਰਬ ਉੱਚ ਤਖ਼ਤ ਸ੍ਰੀ ਅਕਾਲ ਤਖ਼ਤ ਸਾਹਿਬ ਜੋ ਸੰਸਾਰ ਭਰ ਚ ਵੱਸਦੇ ਗੁਰੂ ਨਾਨਕ ਨਾਮ ਲੇਵਾ ਸਿੱਖਾਂ ਲਈ ਮੀਰੀ-ਪੀਰੀ ਦੇ ਸਿਧਾਂਤ ਦੀ ਸੇਧ ਦਿੰਦਾ ਹੈ। ਬਾਦਲ ਦਲੀਏ ਆਪਣੀ ਜਕੜ ਸਦਕਾ ਮਨ ਮਰਜ਼ੀ ਦੇ ਫ਼ੈਸਲੇ ਅਤੇ ਨਿਯੁਕਤੀਆਂ ਕਰ ਰਿਹਾ ਹੈ ਸਿੱਖਾਂ ਦੇ ਹਿਰਦਿਆ ਨੂੰ ਵਲੂੰਧਰਿਆ ਹੀ ਨਹੀਂ ਸਗੋਂ ਸਿੱਖੀ ਸਿਧਾਂਤ ਦੀਆਂ ਜੜ੍ਹਾਂ ਵੱਡਣ ਦਾ ਕੁਹਾੜਾ ਚਲਾਇਆ ਜਾ ਰਿਹਾ ਹੈ, ਇਹ ਬਰਦਾਸ਼ਤ ਯੋਗ ਨਹੀਂ ਹੈ । ਸਮੂਹ ਆਗੂਆਂ ਵੱਲੋਂ ਬੇਨਤੀ ਕੀਤੀ ਗਈ ਕਿ ਸਮੂੰਹ ਸੰਪਰਦਾਵਾਂ, ਗੁਰੂ ਘਰ, ਪੰਥਕ ਜਥੇਬੰਦੀਆਂ, ਸਭਾ , ਸੁਸਾਇਟੀਆਂ ਅਤੇ ਪੰਥਕ ਸ਼ਖਸ਼ੀਅਤਾਂ ਬਾਦਲ ਜੁੰਡਲੀ ਵੱਲੋਂ ਗੈਰ ਸਿਧਾਂਤਕ ਥਾਪੇ ਜਥੇਦਾਰਾਂ ਦੇ ਹੋਣ ਵਾਲੇ ਦਸਤਾਰ-ਬੰਦੀ ਸਮਾਗਮ ਚ ਸ਼ਮੂਲੀਅਤ ਨਾ ਕਰਨ ।

# ਵਿਕਾਸ ਕਾਰਜਾਂ ਲਈ ਪੈਸੇ ਦੀ ਕਮੀ ਨਹੀ ਆਉਣ ਦਿੱਤੀ ਜਾਵੇਗੀ—ਦਹੀਆ

ਫ਼ਿਰੋਜ਼ਪੁਰ, 9 ਮਾਰਚ (ਮਨੋਹਰ ਲਾਲ) :— ਹਲਕਾ ਫਿਰੋਜ਼ਪੁਰ ਦਿਹਾਤੀ ਦੇ ਵਿਧਾਇਕ ਰਜਨੀਸ਼ ਕੁਮਾਰ ਦਹੀਆ ਵੱਲੋਂ ਪਿੰਡ ਤੂਤ ਦੇ ਕਈ ਵਿਕਾਸ ਕਾਰਜਾਂ ਦੇ ਨੀਹ ਪੱਥਰ ਰੱਖੇ ਗਏ। ਇਸ ਮੌਕੇ ਵਿਧਾਇਕ ਨੇ ਕਿਹਾ ਕਿ ਵਿਕਾਸ ਕਾਰਜਾਂ ਲਈ ਪੈਸੇ ਦੀ ਕਮੀ ਨਹੀਂ ਆਉਣ ਦਿੱਤੀ ਜਾਏਗੀ।ਇਸ ਮੌਕੇ ਉਨ੍ਹਾਂ ਨਾਲ ਬੇਅੰਤ ਸਿੰਘ ਚੇਅਰਮੈਨ ਮਾਰਕੀਟ ਕਮੇਟੀ ਫਿਰੋਜਪੁਰ ਛਾਉਣੀ, ਮਨਿੰਦਰ ਸਿੰਘ ਸੰਧੂ, ਸਿਮਰਜੀਤ ਸਿੰਘ ਪੰਚਾਇਤ ਸਕੱਤਰ, ਲਖਵੀਰ ਸਿੰਘ ਬੁੱਟਰ ਬੀ.ਡੀ.ਪੀ.ਓ ਘੱਲ ਖੁਰਦ, ਗੌਰਵ ਨਾਰੰਗ ਜੇਈ ਆਦਿ ਹਾਜ਼ਰ ਸਨ।ਇਸ ਮੌਕੇ ਪਿੰਡ ਤੂਤ ਵਿੱਚ ਇੰਟਰਲਾਕਿੰਗ ਟਾਇਲ ਦੀਆਂ ਗਲੀਆਂ ਤੋਂ ਇਲਾਵਾ ਸ਼ਮਸ਼ਾਨ ਘਾਟ ਵਿੱਚ ਬਣਨ ਵਾਲੇ ਬਾਥਰੂਮ, ਸ਼ੈੱਡ ਅਤੇ ਭੱਠੀ ਦਾ ਨੀਹ ਪੱਥਰ ਵੀ ਰੱਖਿਆ ਗਿਆ। ਇਸ ਮੌਕੇ ਪਿੰਡ ਤੂਤ ਦੇ ਸਰਪੰਚ ਸਵਰਨ ਸਿੰਘ ਧਾਲੀਵਾਲ ਦੀ ਅਗਵਾਈ ਹੇਠ ਹੇਠ 15 ਪਰਿਵਾਰਾਂ ਵੱਲੋਂ ਆਮ ਆਦਮੀ ਪਾਰਟੀ ਵਿੱਚ ਸ਼ਮੂਲੀਅਤ ਕੀਤੀ ਗਈ, ਜਿਨ੍ਹਾਂ ਨੂੰ ਵਿਧਾਇਕ ਨੇ ਜੀ ਆਇਆ ਆਖਿਆ। ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋਣ ਵਾਲੇ ਪਰਿਵਾਰਾਂ ਵਿੱਚ ਸ਼ਿੰਗਾਰਾ ਸਿੰਘ ਪੰਚ, ਚਮਕੌਰ ਸਿੰਘ ਰਿਟਾਇਰਡ ਕਾਨੂੰਗੋ, ਬਲਜਿੰਦਰ ਸਿੰਘ ਨੰਬਰਦਾਰ, ਰਜਿੰਦਰ ਸਿੰਘ, ਬੂਟਾ ਸਿੰਘ, ਬਲੌਰ ਸਿੰਘ, ਨਿਰੰਜਨ ਸਿੰਘ, ਸੁਖਮੰਦਰ ਸਿੰਘ, ਸਤਪਾਲ ਸਿੰਘ, ਕੁਲਵਿੰਦਰ ਸਿੰਘ, ਗੁਰਮੇਲ ਸਿੰਘ ਧਾਲੀਵਾਲ, ਅਮਰੀਕ ਸਿੰਘ ਗੋਗੂ, ਬਲਦੇਵ ਸਿੰਘ ਟਾਹਲੀ ਵਾਲਾ, ਸੁਰਜੀਤ ਸਿੰਘ ਟਾਹਲੀ ਵਾਲਾ ਆਦਿ ਆਗੂ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋਏ। ਇਸ ਮੌਕੇ ਸਵਰਨ ਸਿੰਘ ਧਾਲੀਵਾਲ ਸਰਪੰਚ ਗ੍ਰਾਮ ਪੰਚਾਇਤ ਤੂਤ, ਲਖਵੀਰ ਸਿੰਘ ਬੁੱਟਰ ਪੰਚਾਇਤ ਸਕੱਤਰ ਮੇਹਰ ਸਿੰਘ ਧਾਲੀਵਾਲ, ਗੁਰਮੀਤ ਸਿੰਘ ਤੂਤ, ਸ਼ਿੰਗਾਰਾ ਸਿੰਘ ਬਾਠ, ਗੁਰਮੇਲ ਸਿੰਘ ਪੰਚ, ਅਵਤਾਰ ਸਿੰਘ ਬਾਠ ਪੰਚ, ਸੀਰਾ ਸਿੰਘ ਬਾਠ ਪੰਚ, ਸ਼ਿੰਗਾਰਾ ਸਿੰਘ ਬਾਠ ਪੰਚ, ਸਿਵਰਜੀਤ ਕੌਰ ਸਿੱਧੂ ਪੰਚ,



ਅਵਤਾਰ ਸਿੰਘ ਫੌਜੀ, ਜਸਵੀਰ ਕੌਰ ਬਾਠ ਪੰਚ, ਸੁਖਜੀਤ ਕੌਰ ਬਾਠ ਪੰਚ, ਮੇਹਰ ਸਿੰਘ ਧਾਲੀਵਾਲ, ਗੁਰਪ੍ਰੀਤ ਸਿੰਘ ਧਾਲੀਵਾਲ, ਅਰਵਿੰਦਰ ਸਿੰਘ ਰੂਬੀ, ਗੁਰਤਾਰ ਸਿੰਘ ਕਾਨੂਗੋ, ਚਮਕੌਰ ਸਿੰਘ ਬਾਠ, ਭਗਤ ਸਿੰਘ ਧਾਲੀਵਾਲ ਅਤੇ ਗੁਰਚਰਨ ਸਿੰਘ ਧਾਲੀਵਾਲ ਆਦਿ ਆਗੂ ਵੀ ਹਾਜ਼ਰ ਸਨ। ਹਲਕਾ ਵਿਧਾਇਕ ਨੇ ਪਾਰਟੀ ਵਿਚ ਸ਼ਾਮਲ ਹੋਏ ਪਰਿਵਾਰਾਂ ਅਤੇ ਪਿੰਡ ਵਾਸੀਆਂ ਨੂੰ ਭਰੋਸਾ ਦਵਾਇਆ ਕਿ ਆਮ ਆਦਮੀ ਪਾਰਟੀ ਵਿੱਚ ਉਨ੍ਹਾਂ ਦੇ ਕੰਮ ਬਿਨਾਂ ਕਿਸੇ ਭੇਦ—ਭਾਵ ਦੇ ਕੀਤੇ ਜਾਣਗੇ। ਇਸ ਮੌਕੇ ਪਿੰਡ ਦੇ ਹਰਜੀਤ ਸਿੰਘ ਸਿੱਧੂ ਨੇ ਆਏ ਪਤਵੰਤਿਆਂ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਪਿੰਡ ਦੇ ਵਿਕਾਸ ਕਾਰਜ ਨਿਰੰਤਰ ਜਾਰੀ ਰਹਿਣਗੇ ਅਤੇ ਬਿਨਾ ਕਿਸੇ ਭੇਦ—ਭਾਵ ਦੇ ਪਿੰਡ ਦਾ ਵਿਕਾਸ ਹੋਵੇ।

# ਪਿੰਡ ਕਮੱਗਰ ਵਿਖੇ ਮਨਾਇਆ ਅੰਤਰ-ਰਾਸ਼ਟਰੀ ਮਹਿਲਾ ਦਿਵਸ, ਸਿੱਖਿਅਤ ਮਹਿਲਾਵਾਂ ਹੁੰਦੀਆਂ ਹਨ ਦੇਸ਼ ਦਾ ਆਧਾਰ : ਸੁਦੇਸ਼ ਰਾਣੀ



**ਫ਼ਿਰੋਜ਼ਪੁਰ, 9 ਮਾਰਚ (ਮਨੋਹਰ ਲਾਲ)** :— ਸਿੱਖਿਆ ਮਹਿਲਾਵਾਂ ਹੀ ਸਮਾਜ ਅਤੇ ਦੇਸ਼ ਦੇ ਸਸ਼ਕਤੀਕਰਨ ਅਤੇ ਨਿਰਮਾਣ ਵਿੱਚ ਆਧਾਰ ਬਣਦੀਆਂ ਹਨ। ਇਹ ਵਿਚਾਰ ਸਾਂਝੇ ਕਰਦਿਆਂ ਸ੍ਰੀਮਤੀ ਸੁਦੇਸ਼ ਰਾਣੀ ਨੇ ਕਿਹਾ ਕਿ ਔਰਤ ਮਾਂ ਦੇ ਰੂਪ ਵਿੱਚ ਬੱਚਿਆਂ ਦਾ ਪਹਿਲਾ ਅਧਿਆਪਕ ਹੁੰਦੀਆਂ ਹਨ ਅਤੇ ਮਾਂ ਦੀ ਬਚਪਨ ਤੋਂ ਮਿਲੀ ਸਿੱਖਿਆ ਬੱਚੇ ਨੂੰ ਇਕ ਆਦਰਸ਼ ਨਾਗਰਿਕ ਦਾ ਨਿਰਮਾਣ ਕਰਦੀ ਹੈ। ਵਿਧਾਇਕ ਫ਼ਿਰੋਜ਼ਪੁਰ ਦਿਹਾਤੀ ਸ਼੍ਰੀ ਰਜਨੀਸ਼ ਦਹੀਯਾ ਦੀ ਧਰਮ ਪਤਨੀ ਸੁਦੇਸ਼ ਰਾਣੀ ਨੇ ਪਿੰਡ ਕਮੱਗਰ ਵਿਖੇ ਹੋਏ ਅੰਤਰ—ਰਾਸ਼ਟਰੀ ਮਹਿਤਾ ਦਿਵਸ ਵਿਚ ਬਤੌਰ ਮੁੱਖ ਮਹਿਮਾਨ ਸ਼ਮੂਲੀਅਤ ਕਰਦਿਆਂ ਜਿਥੇ ਔਰਤਾਂ ਦੇ ਹੱਕਾਂ—ਅਧਿਕਾਰਾਂ ਦੀ ਵਕਾਲਤ ਕੀਤੀ, ਉਥੇ ਔਰਤਾਂ ਨੂੰ ਨਿਰੋਇਆ ਸਮਾਜ ਸਿਰਜਣ ਦੇ ਸਮਰੱਥ ਕਰਾਰ ਦਿੱਤਾ। ਇਸ ਮੌਕੇ ਪਿੰਡ ਦੀ ਸਰਪੰਚ ਸ੍ਰੀਮਤੀ ਦਿਲਜੋਤ ਧਵਨ ਵੱਲੋਂ ਔਰਤਾਂ ਦੇ ਸਮਾਗਮ ਵਿਚ ਪੁੱਜੇ ਮੁੱਖ ਮੰਤਰੀ ਸ੍ਰੀਮਤੀ ਸੁਦੇਸ਼ ਰਾਣੀ ਦਾ ਸਵਾਗਤ ਕੀਤਾ। ਇਸ ਮੌਕੇ ਉਨ੍ਹਾਂ ਸਮੂਹ ਮਹਿਲਾਵਾਂ ਨੂੰ ਅੰਤਰ—ਰਾਸ਼ਟਰੀ ਮਹਿਲਾ ਦਿਵਸ ਦੀ ਮੁਬਾਰਕਬਾਦ ਦਿੱਤੀ। ਉਨ੍ਹਾਂ ਕਿਹਾ ਕਿ ਅੱਜ ਔਰਤ ਦੁਨੀਆਂ ਭਰ ਵਿਚ ਹਰੇਕ ਖੇਤਰ ਵਿਚ ਅਹਿਮ ਯੋਗਦਾਨ ਅਦਾ ਕਰ ਰਹੀਆਂ ਹਨ। ਉਨ੍ਹਾਂ ਕਿਹਾ ਕਿ ਮਹਿਲਾਵਾਂ ਅੱਜ ਦੇ ਸਮੇਂ ਵਿਚ ਕਿਸੇ ਵੀ ਖੇਤਰ ਵਿੱਚ ਪੁਰਸ਼ਾਂ ਨਾਲੋਂ ਘੱਟ ਨਹੀਂ ਸਗੋਂ ਉਹ ਉਨ੍ਹਾਂ ਨਾਲ ਮੋਢੇ ਨਾਲ ਮੋਢਾ ਜੋੜ ਕੇ ਸਮਾਜ ਅਤੇ ਦੇਸ਼ ਦੀ ਉੱਨਤੀ ਵਿੱਚ ਯੋਗਦਾਨ ਪਾ ਰਹੀਆਂ ਹਨ। ਪਿੰਡ ਦੀ ਸਰਪੰਚ ਦਿਲਜੋਤ ਧਵਨ ਨੇ ਮਹਿਲਾਵਾਂ ਨੂੰ ਆਪਣੇ ਅਧਿਕਾਰਾਂ ਅਤੇ ਸਮਾਜ ਵਿਚ ਅਗਾਂਹ ਵਧ ਕੇ ਵਿਚਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਵੱਡੀ ਗਿਣਤੀ ਮਹਿਲਾਵਾਂ ਅਤੇ ਪਿੰਡ ਦੇ ਪਤਵੰਤੇ ਹਾਜ਼ਰ ਸਨ।

# ਅੰਤਰਰਾਜੀ ਮਹਿਲਾ ਦਿਵਸ ਤੇ ਟੀ.ਬੀ.ਐਸ ਇੰਟਰਨੈਸ਼ਨਲ ਸਕੂਲ ਨੇ ਕਰਵਾਇਆ ਸੈਮੀਨਾਰ




**ਫ਼ਿਰੋਜ਼ਪੁਰ, 9 ਮਾਰਚ (ਮਨੋਹਰ ਲਾਲ)** :— ਟੀ.ਬੀ.ਐਸ ਇੰਟਰਨੈਸ਼ਨਲ ਸਕੂਲ ਜੋ ਕਿ ਚੇਅਰਮੈਨ ਡਾ: ਹੀਰਾ ਲਾਲ ਸ਼ਰਮਾ, ਵਾਈਸ ਚੇਅਰਮੈਨ ਵਿਭੋਰ ਸ਼ਰਮਾ, ਜਨਰਲ ਸਕੱਤਰ ਸ਼ਿਵਮ ਸ਼ਰਮਾ ਅਤੇ ਮੈਨੇਜਿੰਗ ਡਾਇਰੈਕਟਰ ਦੀਪਾਲੀ ਸ਼ਰਮਾ ਦੀ ਨਿਗਰਾਨੀ ਹੇਠ ਚੱਲ ਰਿਹਾ ਹੈ। ਸਕੂਲ ਵਿੱਚ ਵਿਸ਼ਵ ਮਹਿਲਾ ਦਿਵਸ ਬਹੁਤ ਉਤਸ਼ਾਹ ਨਾਲ ਮਨਾਇਆ ਗਿਆ, ਜਿਸ ਵਿੱਚ ਸਕੂਲ ਦੀਆਂ ਮਹਿਲਾ ਅਧਿਆਪਕਾਂ ਨੇ ਉਤਸ਼ਾਹ ਨਾਲ ਹਿੱਸਾ ਲਿਆ। ਇਸ ਸਮਾਗਮ ਦੌਰਾਨ ਕਈ ਤਰ੍ਹਾਂ ਦੇ ਮੁਕਾਬਲੇ ਕਰਵਾਏ ਗਏ ਜਿਨ੍ਹਾਂ ਵਿਚ ਗਾਇਨ, ਕਲਾ ਅਤੇ ਸ਼ਿਲਪਕਾਰੀ, ਨਾਚ ਅਤੇ ਭਾਸ਼ਣ ਮੁਕਾਬਲੇ ਸ਼ਾਮਲ ਸਨ।ਆਪਣੀਆਂ ਪੇਸ਼ਕਾਰੀਆਂ ਰਾਹੀਂ ਅਧਿਆਪਕਾਂ ਨੇ ਸਿੱਖਿਆ, ਖੇਡਾਂ, ਸੱਭਿਆਚਾਰ, ਸਵੈ—ਰੱਖਿਆ ਅਤੇ ਹਰ ਹੋਰ ਖੇਤਰ ਵਿੱਚ ਔਰਤਾਂ ਦੇ ਮਹੱਤਵਪੂਰਨ ਯੋਗਦਾਨ ਨੂੰ ਦਰਸਾਇਆ ਅਤੇ ਔਰਤਾਂ ਨੂੰ ਬਿਨਾਂ ਰੁਕੇ ਅੱਗੇ ਵਧਦੇ ਰਹਿਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਆਪਣੀਆਂ ਮਨਮੋਹਕ ਪੇਸ਼ਕਾਰੀਆਂ ਨਾਲ ਅਧਿਆਪਕਾਂ ਨੇ ਵਿਸ਼ਵ ਮਹਿਲਾ ਦਿਵਸ ਨੂੰ ਵਿਸ਼ੇਸ਼ ਬਣਾਇਆ, ਜਦੋਂ ਕਿ ਸਕੂਲ ਵਿੱਚ ਮੌਜੂਦ ਪੁਰਸ਼ ਅਧਿਆਪਕਾਂ ਨੇ ਇਸ ਖਾਸ ਦਿਨ ਤੇ ਆਪਣੀਆਂ ਮਹਿਲਾ ਸਹਿਯੋਗੀਆਂ ਨਾਲ ਆਪਣੇ ਵਿਚਾਰ ਸਾਂਝੇ ਕੀਤੇ ਅਤੇ ਉਨ੍ਹਾਂ ਨੂੰ ਅੱਗੇ ਵਧਦੇ ਰਹਿਣ ਲਈ ਉਤਸ਼ਾਹਿਤ ਕੀਤਾ। ਇਸ ਮੌਕੇ ਸਕੂਲ ਪ੍ਰਿੰਸੀਪਲ ਰੇਖਾ ਪਾਸੀ ਨੇ ਜਾਣਕਾਰੀ ਸਾਂਝੀ ਕਰਦਿਆਂ ਕਿਹਾ ਕਿ ਇਸ ਸਮਾਗਮ ਦਾ ਮੁੱਖ ਉਦੇਸ਼ ਔਰਤਾਂ ਨੂੰ ਕਾਬਲ ਬਣਾਉਣਾ ਅਤੇ ਉਨ੍ਹਾਂ ਨੂੰ ਜੀਵਨ ਦੇ ਹਰ ਖੇਤਰ ਵਿੱਚ ਅੱਗੇ ਵਧਣ ਲਈ ਪ੍ਰੇਰਿਤ ਕਰਨਾ ਹੈ। ਉਨ੍ਹਾਂ ਕਿਹਾ ਕਿ ਟੀ.ਬੀ.ਐਸ ਇੰਟਰਨੈਸ਼ਨਲ ਸਕੂਲ ਹਮੇਸ਼ਾ ਮਹਿਲਾਵਾਂ ਦੇ ਹੱਕਾਂ ਦੀ ਵਕਾਲਤ ਕਰਦਾ ਆ ਰਿਹਾ ਹੈ ਅਤੇ ਸਕੂਲ ਸੰਸਥਾ ਵੱਲੋਂ ਹਮੇਸ਼ਾ ਮਹਿਤਾ ਸ਼ਕਤੀਕਰਨ ਨੂੰ ਉਤਸ਼ਾਹਿਤ ਕੀਤਾ ਜਾਂਦਾ ਰਹੇਗਾ ਤਾਂ ਜ਼ੋ ਸਮਾਜ ਦੀ ਸਿਰਜਣਹਾਰੀ ਦੀ ਕਾਬਲੀਅਤ ਨੂੰ ਸਲਾਮ ਹੋ ਸਕੇ।

# ਸਰਬੱਤ ਦਾ ਭਲਾ ਵੈਲਫੇਅਰ ਸੁਸਾਇਟੀ ਲਾਏਗੀ ਮੁਫਤ ਮੈਡੀਕਲ ਕੈਂਪ

ਫ਼ਿਰੋਜ਼ਪੁਰ, 8 ਮਾਰਚ (ਮਨੋਹਰ ਲਾਲ) :— ਸਰਬੱਤ ਦਾ ਭਲਾ ਵੈਲਫੇਅਰ ਸੋਸਾਇਟੀ ਵੱਲੋਂ ਅੱਜ ਇਕ ਮੀਟਿੰਗ ਸੁਸਾਇਟੀ ਪ੍ਰਧਾਨ ਜਰਨੈਲ ਸਿੰਘ ਗਾਬੜੀਆ ਦੇ ਗ੍ਰਹਿ ਵਿਖੇ ਰੱਖੀ ਗਈ। ਇਸ ਮੌਕੇ ਸੁਸਾਇਟੀ ਦੇ ਅਹੁਦੇਦਾਰ ਸਵਰਨ ਸਿੰਘ ਐਸ.ਜੀ.ਪੀ.ਸੀ ਭਾਈ ਮਨਜੀਤ ਸਿੰਘ ਲੋਕੋ, ਸਤਨਾਮ ਸਿੰਘ ਹਰਿਆਣਾ, ਅਮਰ ਸਿੰਘ ਗਾਬੜੀਆ, ਕੁਲਦੀਪ ਸਿੰਘ ਲੋਕੋ ਅਤੇ ਹਰਜਿੰਦਰ ਸਿੰਘ ਬੱਗਾ ਆਦਿ ਹਾਜ਼ਰ ਸਨ। ਮੀਟਿੰਗ ਵਿੱਚ ਫ਼ਿਰੋਜ਼ਪੁਰ ਸ਼ਹਿਰ ਵਿੱਚ



ਇੱਕ ਮੈਡੀਕਲ ਕੈਂਪ ਲਗਾਉਣ ਬਾਰੇ ਵਿਚਾਰ ਕੀਤੀ ਗਈ ਜਿਸ ਵਿੱਚ ਅੱਖਾਂ ਦੇ ਲੈਂਜ ਪਾਉਣ ਦਾ ਕੈਂਪ ਅਤੇ ਹਰ ਤਰ੍ਹਾਂ ਦੀ ਬਿਮਾਰੀ ਦੇ ਇਲਾਜ ਲਈ ਦਵਾਈ ਬਿਲਕੁਲ ਮੁਫਤ ਦਿੱਤੀਆਂ ਜਾਣਗੀਆਂ। ਆਗੂਆਂ ਨੇ ਦੱਸਿਆ ਕਿ ਕੈਂਪ ਦੌਰਾਨ ਜੋ ਅੱਖਾਂ ਦੇ ਲੈਂਜ ਪਾਏ ਜਾਣਗੇ ਉਹ ਬਿਲਕੁਲ ਫਰੀ ਪਾਏ ਜਾਣਗੇ ਅਤੇ ਲੋੜਵੰਦਾਂ ਨੂੰ ਐਨਕਾਂ ਫਰੀ ਦਿੱਤੀਆਂ ਜਾਣਗੀਆਂ। ਉਨ੍ਹਾਂ ਦੱਸਿਆ ਕਿ ਸੋਸਾਇਟੀ ਨੇ ਪਹਿਲਾਂ ਵੀ ਕਾਫੀ ਮੈਡੀਕਲ ਕੈਂਪ ਲਗਾਏ ਸਨ ਅਹੁਦੇਦਾਰਾਂ ਨੇ ਕਿਹਾ ਕਿ ਇਸ ਵਕਤ ਸਰਕਾਰ ਜੋ ਨਸ਼ਿਆਂ ਖਿਲਾਫ ਕਾਰਵਾਈ ਕਰ ਰਹੀ ਹੈ ਉਹ ਕਾਫੀ ਸਲਾਗਾ ਯੋਗ ਹੈ ਨਸ਼ਿਆਂ ਖਿਲਾਫ ਸਰਕਾਰ ਨੂੰ ਜਾਂ ਪ੍ਰਸ਼ਾਸਨ ਨੂੰ ਕਿਸੇ ਤਰ੍ਹਾਂ ਦੀ ਵੀ ਮਦਦ ਦੀ ਲੋੜ ਹੋਵੇ ਤਾਂ ਸੋਸਾਇਟੀ ਦਾ ਹਰ ਵਰਕਰ ਉਹਨਾਂ ਦਾ ਪੂਰਾ ਸਹਿਯੋਗ ਦੇਵੇਗਾ। ਸੋਸਾਇਟੀ ਆਉਣ ਵਾਲੇ ਦਿਨਾਂ ਵਿੱਚ ਇੱਕ ਭਰਤੀ ਮੁਹਿੰਮ ਸ਼ੁਰੂ ਕਰ ਰਹੀ ਹੈ ਜਿਸ ਵਿੱਚ ਹਰ ਵਰਗ ਦੇ ਇਨਸਾਨ ਨੂੰ ਨਾਲ ਜੋੜਿਆ ਜਾਵੇਗਾ ਤਾਂ ਕਿ ਸੋਸਾਇਟੀ ਆਉਣ ਵਾਲੇ ਦਿਨਾਂ ਵਿੱਚ ਹੋਰ ਵੀ ਲੋਕ ਭਲਾਈ ਦੇ ਕੰਮ ਕਰ ਸਕੇ।

### ਸੰਤ ਗਿਆਨੀ ਕਰਤਾਰ ਸਿੰਘ ਮੈਮੋਰੀਅਲ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਵਿੱਚ

# ਸਲਾਨਾ ਅਰਦਾਸ ਦਿਵਸ ਮਨਾਇਆ ਗਿਆ




**ਫ਼ਿਰੋਜ਼ਪੁਰ, 9 ਮਾਰਚ (ਮਨੋਹਰ ਲਾਲ)** :— ਸ੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ ਦੀ ਰਹਿਨੁਮਾਈ ਹੇਠ ਚੱਲ ਰਹੇ ਸੰਤ ਗਿਆਨੀ ਕਰਤਾਰ ਸਿੰਘ ਮੈਮੋਰੀਅਲ ਖਾਲਸਾ ਸਕੂਲ ਵਿੱਚ ਅਰਦਾਸ ਦਿਵਸ ਮਨਾਇਆ ਗਿਆ। ਇਸ ਮੌਕੇ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਉਪਰੰਤ ਭਾਈ ਲਵਪ੍ਰੀਤ ਸਿੰਘ ਦਮਦਮੀ ਟਕਸਾਲ ਵੱਲੋਂ ਗੁਰਮਤਿ ਵਿਚਾਰਾਂ ਦੀ ਸਾਂਝ ਕੀਤੀ ਗਈ ਅਤੇ ਵਿਦਿਆਰਥੀਆਂ ਵੱਲੋਂ ਕਵੀਸ਼ਰੀ ਅਤੇ ਕਵਿਤਾ ਗਾਇਨ ਕੀਤੀ ਗਈ। ਇਸ ਮੌਕੇ ਸਕੂਲ ਪ੍ਰਿੰਸੀਪਲ ਮੈਡਮ ਜਸਪ੍ਰੀਤ ਕੌਰ ਨੇ ਇਲਾਕੇ ਦੀਆਂ ਮੁੱਖ ਸਖਸੀਅਤਾਂ, ਵਿਦਿਆਰਥੀ ਅਤੇ ਵਿਦਿਆਰਥੀਆਂ ਦੇ ਮਾਤਾ—ਪਿਤਾ ਨੂੰ ਜੀ ਆਇਆਂ ਆਖਿਆ। ਮਾਪਿਆਂ ਨੂੰ ਅਪੀਲ ਕੀਤੀ ਕਿ ਵਿਦਿਆਰਥੀਆਂ ਦਾ ਦਾਖਲਾ ਇਸ ਸੰਸਥਾ ਵਿੱਚ ਕਰਵਾਇਆ ਜਾਵੇ ਤਾਂ ਜ਼ੋ ਉਹ ਆਪਣੇ ਬੱਚਿਆਂ ਨੂੰ ਦੁਨਿਆਵੀ ਵਿਦਿਆ ਦੇ ਨਾਲ—ਨਾਲ ਧਾਰਮਿਕ ਵਿਦਿਆ ਵਿੱਚ ਨਿਪੁੰਨ ਕਰ ਸਕਣ ਅਤੇ ਵਿਦਿਆਰਥੀ ਨੂੰ ਸਮੇਂ ਦੇ ਹਾਣੀ ਬਣਨ ਵਿੱਚ ਸਾਡੀ ਸੰਸਥਾ ਉਨ੍ਹਾਂ ਦਾ ਪੂਰਾ ਸਹਿਯੋਗ ਦੇਵੇਗੀ। ਪ੍ਰਿੰਸੀਪਲ ਮੈਡਮ ਵੱਲੋਂ ਵਿਦਿਆਰਥੀਆਂ ਦੀਆਂ ਪ੍ਰਾਪਤੀਆਂ ਬਾਰੇ ਜਾਣਕਾਰੀ ਸਾਂਝੀ ਕਰਦਿਆਂ ਕਿਹਾ ਕਿ ਵਿਦਿਆਰਥੀ ਹਰ ਸਾਲ ਬੋਰਡ ਦੇ ਨਤੀਜਿਆਂ ਵਿੱਚ ਖੇਡਾਂ ਦੇ ਖੇਤਰ ਅਤੇ ਅਨੇਕਾਂ ਗਤੀਵਿਧੀਆਂ ਵਿੱਚ ਮੋਹਰੀ ਰੋਲ ਅਦਾ ਕਰ ਰਹੇ ਹਨ ਅਤੇ ਕਰਦੇ ਰਹਿਣਗੇ। ਇਸ ਮੌਕੇ ਭਾਈ ਸੁਖਜਿੰਦਰ ਸਿੰਘ ਆਈ.ਪੀ.ਡੀ ਜ਼ਿਲ੍ਹਾ ਪ੍ਰਧਾਨ ਫਰੀਦਕੋਟ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਾਨੂੰ ਮਹਾਂਪੁਰਖਾਂ ਵੱਲੋਂ ਚਲਾਏ ਜਾ ਰਹੇ ਇਸ ਅਦਾਰੇ ਦਾ ਵੱਧ ਤੋਂ ਵੱਧ ਸਹਿਯੋਗ ਦੇਣਾ ਚਾਹੀਦਾ ਹੈ ਅਤੇ ਬਾਬਾ ਜੀ ਦਾ ਧੰਨਵਾਦ ਕੀਤਾ। ਇਸ ਮੌਕੇ ਭਾਈ ਰਛਪਾਲ ਸਿੰਘ ਦਮਦਮੀ ਟਕਸਾਲ ਝੋਕ ਮੋਹੜੇ ਵਾਲੇ ਵਿਦਿਆਰਥੀਆਂ ਨੂੰ ਅਸ਼ੀਰਵਾਦ ਦਿੱਤਾ, ਜਦੋਂ ਕਿ ਉਚੇਚੇ ਤੌਰ ਤੇ ਇਲਾਕੇ ਦੀਆਂ ਮੁੱਖ ਸਖਸੀਅਤਾਂ ਜਿਨ੍ਹਾਂ ਵਿੱਚ ਪ੍ਰੀਤਮ ਸਿੰਘ ਬਾਠ ਸਰਕਲ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ, ਬਲਜਿੰਦਰ ਸਿੰਘ ਸਰਪੰਚ ਪਿੰਡ ਬੁਰਜ ਮੱਖਣ ਸਿੰਘ, ਕਰਨੈਲ ਸਿੰਘ ਸਰਪੰਚ ਬੁਰਜ ਮੱਖਣ ਸਿੰਘ, ਅੰਗਰੇਜ਼ ਸਿੰਘ ਸਰਪੰਚ ਪਿੰਡ ਲੋਹੜਾ ਨਵਾਬ, ਗੁਰਲਾਲ ਸਿੰਘ ਸਰਪੰਚ ਸ਼ਰੀਹਵਾਲਾ, ਹਰਜਿੰਦਰ ਸਿੰਘ ਬੁਰਜ ਮੱਖਣ ਸਿੰਘ, ਸੁਖਮੰਦਰ ਸਿੰਘ ਸਰਪੰਚ, ਨਿਰਭੈ ਸਿੰਘ ਸਰਪੰਚ, ਜਸਵਿੰਦਰ ਸਿੰਘ ਸਰਪੰਚ, ਅਮਰਜੀਤ ਸਿੰਘ ਸੇਠੀ ਝੋਕ ਮੋਹੜੇ, ਡਾਕਟਰ ਸੁਖਦੇਵ ਸਿੰਘ, ਜੱਜ ਸਿੰਘ, ਡਾ: ਗੁਰਪ੍ਰੀਤ ਸਿੰਘ, ਮਨਜੀਤ ਸਿੰਘ, ਭਾਈ ਇੰਦਰਜੀਤ ਸਿੰਘ, ਮਾਸਟਰ ਬਲਰਾਜ ਸਿੰਘ, ਕੁਲਵਿੰਦਰ ਸਿੰਘ ਮੱਲੂਵਾਲਾ, ਰਜਿੰਦਰ ਸਿੰਘ, ਰਵਿੰਦਰ ਸਿੰਘ, ਗੁਰਵਿੰਦਰ ਸਿੰਘ ਅਤੇ ਸਕੂਲ ਦੇ ਸਮੁੱਚੇ ਵਿਦਿਆਰਥੀ ਅਤੇ ਅਧਿਆਪਕ ਸਾਹਿਬਾਨ ਸ਼ਾਮਿਲ ਹੋਏ।

ਆਵਾਜ਼ਿ ਕੌਮ AWAZE QAUM International Newspaper & WEB TV

### ਗੁਰਦੁਆਰਾ ਸ੍ਰੀ ਗੁਰੂ ਰਾਮਦਾਸ ਪੁਰੀ ਅਰਮਾਨਪੁਰਾ ਆਸਲ ਵਿਖੇ ਸੰਤਾਂ ਮਹਾਂਪੁਰਸ਼ਾਂ ਤੇ ਗੁਰੂ ਘਰ ਦੇ ਸੇਵਾਦਾਰਾਂ ਦੀ

# ਸਲਾਨਾ ਬਰਸੀ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ



**ਫ਼ਿਰੋਜ਼ਪੁਰ, 9 ਮਾਰਚ (ਮਨੋਹਰ ਲਾਲ)** :— ਗੁਰਦੁਆਰਾ ਸ੍ਰੀ ਗੁਰੂ ਰਾਮਦਾਸ ਪੁਰੀ ਅਰਮਾਨਪੁਰਾ ਆਸਲ ਵਿਖੇ ਸੰਤਾਂ ਮਹਾਂਪੁਰਸ਼ਾਂ ਤੇ ਗੁਰੂ ਘਰ ਦੇ ਸੇਵਾਦਾਰਾਂ ਦੀ ਸਲਾਨਾ ਬਰਸੀ ਨੂੰ ਸਮਰਪਿਤ ਗੁਰਮਤਿ ਸਮਾਗਮ ਬੜੀ ਸ਼ਰਧਾ ਨਾਲ ਮਨਾਇਆ ਗਿਆ। ਇਸ ਮੌਕੇ ਤੇ ਸਭ ਤੋਂ ਪਹਿਲਾਂ ਚਾਰ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ, ਭੋਗ ਉਪਰੰਤ ਦੀਵਾਨ ਸਜਾਏ ਗਏ, ਜਿਸ ਵਿਚ ਰਾਗੀ, ਢਾਡੀ, ਕਥਾਵਾਚਕ ਜਥਿਆਂ ਨੇ ਆਪਣੀ ਮਧੁਰ ਬਾਣੀ ਨਾਲ ਸੰਗਤਾਂ ਨੂੰ ਗੁਰਇਤਿਹਾਸ ਸੁਣਾ ਕੇ ਨਿਹਾਲ ਕੀਤਾ। ਇਨ੍ਹਾਂ ਮਹਾਂਪੁਰਸ਼ਾਂ ਅਤੇ ਗੁਰੂ ਘਰਾਂ ਦੇ ਸੇਵਾਦਾਰਾਂ ਜਿਨ੍ਹਾਂ ਵਿਚ ਸਚਖੰਡ ਵਾਸੀ ਸੰਤ ਬਾਬਾ ਠਾਕੁਰ ਸਿੰਘ ਗੁਰਦੁਆਰਾ ਦਰਸ਼ਨ ਪ੍ਰਕਾਸ਼ ਮਹਿਤਾ ਦਮਦਮੀ ਟਕਸਾਲ, ਸੱਚ ਖੰਡ ਵਾਸੀ ਸੰਤ ਬਾਬਾ ਦਯਾ ਸਿੰਘ ਸੁਰ ਸਿੰਘ ਵਾਲੇ ਬਾਬਾ ਬਿਧੀ ਚੰਦ ਛੀਨਾ ਗੁਰੂ ਕਾ ਸੀਨਾ, ਸੱਚਖੰਡ ਵਾਸੀ ਸੰਤ ਬਾਬਾ ਅਜੀਤ ਸਿੰਘ ਡੇਰਾ ਕਾਰ ਸੇਵਾ ਗੁਰਦੁਆਰਾ ਜੰਡ ਸਾਹਿਬ ਅਤੇ ਸ੍ਰੀ ਮੁਕਤਸਰ ਸਾਹਿਬ, ਸਚਖੰਡ ਵਾਸੀ ਸੰਤ ਬਾਬਾ ਹਰਨੇਕ ਸਿੰਘ ਸੰਪਰਦਾਇ ਰਾੜਾ ਸਾਹਿਬ ਵਾਲੇ, ਸੱਚਖੰਡ ਵਾਸੀ ਗਿਆਨੀ ਪੂਰਨ ਸਿੰਘ ਹੈਡ ਗ੍ਰੰਥੀ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ, ਸੰਤ ਬਾਬਾ ਬਚਿੱਤਰ ਸਿੰਘ ਗੁਰਦੁਆਰਾ ਬਾਬਾ ਰਾਮ ਲਾਲ ਫ਼ਿਰੋਜ਼ਪੁਰ ਦੀ ਬਰਸੀ ਮਨਾਈ ਗਈ। ਇਸ ਮੌਕੇ ਤੇ ਭਾਰੀ ਗਿਣਤੀ ਵਿਚ ਸੰਤਾਂ ਮਹਾਂਪੁਰਸ਼ਾਂ ਨੇ ਆਪਣੀ ਹਾਜ਼ਰੀ ਲੁਆਈ। ਇਸ ਮੌਕੇ ਗਿਆਨੀ ਸੁਖਜੀਤ ਸਿੰਘ ਖਾਲਸਾ, ਗਿਆਨੀ ਕੁਲਦੀਪ ਸਿੰਘ ਖਾਲਸਾ ਦਮਦਮੀ ਟਕਸਾਲ ਲੱਖੋ ਕੇ ਬਹਿਰਾਮ, ਭਾਈ ਅਜੇ ਸਿੰਘ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਸਾਹਿਬ ਵਾਲੇ ਤੋਂ ਇਲਾਵਾ ਹੋਰ ਵੀ ਬਹੁਤ ਸਾਰੇ ਸਿੱਖ ਪੰਥ ਪ੍ਰਚਾਰਕ ਹਾਜ਼ਰ ਹੋਏ। ਇਸ ਮੌਕੇ ਤੇ ਗੁਰਦੁਆਰਾ ਸ੍ਰੀ ਗੁਰੂ ਰਾਮਦਾਸ ਪੁਰੀ ਅਰਮਾਨਪੁਰਾ ਆਸਲ ਦੇ ਮੁੱਖ ਸੇਵਾਦਾਰ ਸ੍ਰੀਮਾਨ ਸੰਤ ਬਾਬਾ ਭਗਤ ਮਿਲਖਾ ਸਿੰਘ ਨੇ ਸਭ ਤੋਂ ਪਹਿਲਾਂ ਆਏ ਹੋਏ ਮਹਾਂਪੁਰਸ਼ਾਂ, ਰਾਗੀ, ਢਾਡੀ, ਕਥਾਵਾਚਕ ਜਥਿਆਂ ਦਾ ਤਹਿ ਦਿਲੋਂ ਧੰਨਵਾਦ ਕੀਤਾ, ਖਾਸ ਕਰਕੇ ਜਿਹੜੀ ਸੰਗਤ ਬੰਬਈ, ਦਿੱਲੀ, ਜੰਮੂ ਕਸ਼ਮੀਰ ਅਤੇ ਹੋਰ ਸੂਬਿਆਂ ਤੋਂ ਆਈ ਦਾ ਧੰਨਵਾਦ ਕੀਤਾ, ਜਿਨ੍ਹਾਂ ਸਾਡੇ ਛੋਟੇ ਜਿਹੇ ਕਹਿਣ ਤੇ ਆਪਣਾ ਕੀਮਤੀ ਸਮਾਂ ਕੱਢ ਕੇ ਆਏ। ਇਸ ਮੌਕੇ ਤੇ ਬਾਬਾ ਜੀ ਨੇ ਕਿਹਾ ਕਿ ਜਿਨ੍ਹਾਂ ਮਹਾਂਪੁਰਸ਼ਾਂ ਦੀ ਅਸੀ 'ਬਰਸੀ ਮਨਾ ਰਹੇ ਹਾਂ, ਇਨ੍ਹਾਂ ਨੇ ਸਾਰੀ ਉਮਰ ਸੰਗਤਾਂ ਨੂੰ ਨਾਮ ਜਪਾਇਆ ਅਤੇ ਸਿੱਖ ਰਸਤੇ ਪਾ ਕੇ ਗੁਰੂ ਘਰ ਨਾਲ ਜ਼ੋੜਿਆ ਅਤੇ ਸਾਰੀ ਉਮਰ ਗੁਰੂ ਘਰ ਬਣਾਏ, ਸਕੂਲ—ਕਾਲਜ, ਸੜਕਾਂ ਅਤੇ ਹੋਰ ਵੀ ਵੱਧ ਤੋਂ ਵੱਧ ਲੋਕ ਭਲਾਈ ਦੇ ਕੰਮ ਕੀਤੇ। ਅਸੀਂ ਵਾਹਿਗੁਰੂ ਜੀ ਦੇ ਚਰਨਾਂ ਵਿਚ ਅਰਦਾਸ ਬੇਨਤੀ ਕਰਦੇ ਹਾਂ ਕਿ ਵਾਹਿਗੁਰੂ ਜੀ ਉਨ੍ਹਾਂ ਮਹਾਨ ਪੁਰਸ਼ਾਂ ਦੀ ਆਤਮਾ ਨੂੰ ਸ਼ਾਂਤੀ ਬਖਸ਼ੇ। ਇਸ ਮੌਕੇ ਤੇ ਸਟੇਜ਼ ਦੀ ਸੇਵਾ ਗਿਆਨੀ ਕੁਲਦੀਪ ਸਿੰਘ ਖਾਲਸਾ ਦਮਦਮੀ ਟਕਸਾਲ ਲੱਖੋ ਕੇ ਬਹਿਰਾਮ ਨੇ ਬਹੁਤ ਹੀ ਸੁਚੱਜੇ ਢੰਗ ਨਾਲ ਨਿਭਾਈ। ਇਸ ਮੌਕੇ ਗੁਰੂ ਕਾ ਲੰਗਰ, ਮਿਠਾਈਆਂ ਦਾ ਲੰਗਰ ਅਤੁੱਟ ਵਰਤਾਇਆ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

# ਸਿੱਖ ਕੌਮ ਦੇ ਹੀਰੇ ਸ਼ਹੀਦ ਭਾਈ ਰਸਾਲ ਸਿੰਘ ਆਰਿਫਕੇ ਦੀ ਬਰਸੀ ਪਿੰਡ ਆਰਿਫਕੇ ਵਿਖੇ ਸ਼ਰਧਾ ਨਾਲ ਮਨਾਈ ਜਾਵੇਗੀ—ਲਖਬੀਰ ਸਿੰਘ ਮਹਾਲਮ



ਫ਼ਿਰੋਜ਼ਪੁਰ, 9 ਮਾਰਚ (ਮਨੋਹਰ ਲਾਲ) :— ਸਾਕਾ ਨੀਲਾ ਤਾਰਾ 6 ਜੂਨ 1984 ਨੂੰ ਪਾਵਨ ਅਸਥਾਨ ਸ੍ਰੀ ਹਰਿਮੰਦਰ ਸਾਹਿਬ ਦੀ ਪਵਿੱਤਰਤਾ ਲਈ ਜੂਝਦੇ ਸਿੰਘ ਸ਼ਹੀਦ ਭਾਈ ਰਸਾਲ ਸਿੰਘ ਆਰਿਫਕੇ ਫ਼ਿਰੋਜ਼ਪੁਰ ਸ਼ਹੀਦ ਹੋ ਗਏ ਸਨ, ਦੀ ਬਰਸੀ ਉਨ੍ਹਾਂ ਦੇ ਗ੍ਰਹਿ ਪਿੰਡ ਆਰਿਫਕੇ ਜ਼ਿਲ੍ਹਾ ਫ਼ਿਰੋਜ਼ਪੁਰ ਵਿਖੇ ਬੜੀ ਸ਼ਰਧਾ ਭਾਵਨਾ ਨਾਲ ਮਨਾਈ ਜਾਵੇਗੀ। ਇਹ ਜਾਣਕਾਰੀ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਕਮੇਟੀ ਦੇ ਆਗੂ ਲਖਬੀਰ ਸਿੰਘ ਮਹਾਲਮ ਨੇ ਸਾਂਝੇ ਕਰਦਿਆਂ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਸ਼ਹੀਦ ਭਾਈ ਰਸਾਲ ਸਿੰਘ ਆਰਿਫਕੇ ਦੀ ਬਰਸੀ 23 ਮਾਰਚ 2025 (10 ਚੇਤਰ) ਦਿਨ ਐਤਵਾਰ ਨੂੰ ਬੜੀ ਸ਼ਰਧਾ ਭਾਵਨਾ ਨਾਲ ਸ਼ਹੀਦ ਦੇ ਪਿੰਡ ਮਨਾਈ ਜਾਵੇਗੀ। ਉਨ੍ਹਾਂ ਕਿਹਾ ਕਿ ਸਭ ਤੋਂ ਪਹਿਲਾਂ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ, ਭੋਗ ਉਪਰੰਤ ਖੁੱਲੇ ਪੰਡਾਲ ਵਿਚ ਦੀਵਾਨ ਸਜਾਏ ਜਾਣਗੇ, ਜਿਸ ਵਿਚ ਸਿੱਖ ਕੌਮ ਦੇ ਰਾਗੀ, ਢਾਡੀ, ਕਵੀਸ਼ਰੀ ਅਤੇ ਕਥਾਵਾਚਕ ਜਥਿਆਂ ਵੱਲੋਂ ਗੁਰਇਤਿਹਾਸ ਸੁਣਾ ਕੇ ਸੰਗਤਾਂ ਨੂੰ ਨਿਹਾਲ ਕਰਨਗੇ। ਇਸ ਮੌਕੇ ਤੇ ਭਾਰੀ ਗਿਣਤੀ ਵਿਚ ਸੰਤਾਂ ਮਹਾਂਪੁਰਸ਼ਾਂ ਅਤੇ ਹੋਰ ਜਥੇਬੰਦੀਆਂ ਜਿਨ੍ਹਾਂ ਵਿਚ ਸ੍ਰੀਮਾਨ ਸੰਤ ਬਾਬਾ ਅਵਤਾਰ ਸਿੰਘ ਦਲ ਪੰਥ ਬਾਬਾ ਬਿਧੀ ਚੰਦ ਛੀਨਾ ਗੁਰੂ ਕਾ ਸੀਨਾ, ਸੰਤ ਬਾਬਾ ਜ਼ੋਗਾ ਸਿੰਘ ਤਰਨਾ ਦਲ ਵਾਲੇ, ਸੰਤ ਬਾਬਾ ਕੁਲਦੀਪ ਸਿੰਘ ਝਾੜ ਸਾਹਿਬ ਵਾਲੇ, ਸੰਤ ਬਾਬਾ ਸ਼ਿੰਦਰ ਸਿੰਘ ਸਭਰਾਵਾਂ ਵਾਲੇ, ਸੰਤ ਬਾਬਾ ਜ਼ਸਵੰਤ ਸਿੰਘ ਸੋਢੀ ਆਸਲ ਉਤਾੜ ਵਾਲੇ, ਸੰਤ ਬਾਬਾ ਜੁਗਰਾਜ ਸਿੰਘ ਸਰਗਿੰਦਪੁਰ ਵਾਲੇ, ਸੰਤ ਬਾਬਾ ਦਰਸ਼ਨ ਸਿੰਘ ਬੋਰੀ ਵਾਲੇ, ਸੰਤ ਬਾਬਾ ਜ਼ਸਕਰਨ ਸਿੰਘ ਅਕਬਰਪੁਰ ਵਾਲੇ, ਜਥੇਦਾਰ ਬਾਬਾ ਨਿਹਾਲ ਸਿੰਘ ਵੱਡੇ ਸਭਰਾਂ ਵਾਲੇ, ਬਾਬਾ ਦਿਲਬਾਗ ਸਿੰਘ ਆਰਿਫਕੇ, ਗਿਆਨੀ ਤੇਜਬੀਰ ਸਿੰਘ ਵਿਦਿਆਰਥੀ ਦਮਦਮੀ ਟਕਸਾਲ, ਭਾਈ ਸੁਖਦੇਵ ਸਿੰਘ ਮੁੱਖ ਬੁਲਾਰਾ ਦਮਦਮੀ ਟਕਸਾਲ, ਭਾਈ ਰਣਜੀਤ ਸਿੰਘ ਸਿੱਖ ਪ੍ਰਚਾਰਕ, ਪੰਥਕ ਲੇਖਕ ਅਤੇ ਸਿੱਖ ਯੂਥ ਫੈਡਰੇਸ਼ਨ ਭਿੰਡਰਾਂ ਵਾਲੇ ਦੇ ਕੌਮੀ ਪ੍ਰਧਾਨ ਬਾਬਾ ਸਜਣ ਸਿੰਘ ਵਾੜਾ ਸ਼ੇਰ ਸਿੰਘ, ਭਾਈ ਗੁਰਨਾਮ ਸਿੰਘ ਬੰਡਾਲਾ, ਬਾਬਾ ਅਮਰ ਸਿੰਘ ਇਲਮੇਵਾਲਾ, ਭਾਈ ਜ਼ਸਕਰਨ ਸਿੰਘ ਕਾਹਨ ਸਿੰਘ ਵਾਲੇ ਪ੍ਰਧਾਨ, ਭਾਈ ਅਨੂਪ ਸਿੰਘ, ਭਾਈ ਗੁਰਜੰਟ ਸਿੰਘ ਬਾਠ, ਜਥੇਦਾਰ ਭਾਈ ਪ੍ਰਗਟ ਸਿੰਘ ਵਾਹਕੇ, ਭਾਈ ਸੁਖਦੇਵ ਸਿੰਘ ਬੁੱਕਣ ਖਾਂ ਵਾਲੇ, ਭਾਈ ਲਖਬੀਰ ਸਿੰਘ ਮਹਾਲਮ, ਗੁਰੂ ਗ੍ਰੰਥ ਸਾਹਿਬ ਸਤਿਕਾਰ ਕਮੇਟੀ ਤੋਂ ਇਲਾਵਾ ਦਾਸ ਰਾਗੀ ਜਥਾ ਭਾਈ ਹਰਮਨਪ੍ਰੀਤ ਸਿੰਘ ਪੋਤਰੇ ਸ਼ਹੀਦ ਭਾਈ ਰਸਾਲ ਸਿੰਘ ਆਰਿਫਕੇ ਹਜ਼ੂਰੀ ਢਾਡੀ ਜਥਾ ਸ੍ਰੀ ਮਿਸਲ ਸ਼ਹੀਦਾਂ ਤਰਨਾ ਦਲ ਬਾਬਾ ਬਕਾਲਾ ਸਾਹਿਬ ਗਿਆਨੀ ਜਤਿੰਦਰਪਾਲ ਸਿੰਘ ਜ਼ੋਧ ਐਮ.ਏ ਸੰਪ੍ਰਦਾਇ ਢਾਬਸਰ ਸਾਹਿਬ ਦਾ ਹਜ਼ੂਰੀ ਕਵੀਸ਼ਰੀ ਜਥਾ ਭਾਈ ਗੁਰਪਾਲ ਸਿੰਘ ਮਾੜੀ ਮੇਘਾ ਤੋਂ ਇਲਾਵਾ ਹੋਰ ਵੀ ਬਹੁਤ ਸਾਰੇ ਸੰਤ ਮਹਾਂਪੁਰਸ਼ ਹਾਜ਼ਰੀ ਲੁਆਉਣਗੇ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਜਾਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

# ਸੀਨੀਅਰ ਅਕਾਲੀ ਆਗੂ ਮਹਿੰਦਰ ਸਿੰਘ ਵਿਰਕ ਵਲੋਂ ਅਕਾਲੀ ਦਲ ਬਾਦਲ ਦੀ ਮੁਢਲੀ ਮੈਂਬਰਸ਼ਿਪ ਤੋਂ ਅਸਤੀਫਾ

### ਜਥੇਦਾਰਾਂ ਨੂੰ ਜਬਰੀ ਸੇਵਾ ਮੁਕਤ ਕਰਨਾ ਸਿੱਖ ਧਰਮ ਦੀ ਮਰਿਯਾਦਾ ਦਾ ਘਾਣ—ਮਹਿੰਦਰ ਸਿੰਘ ਵਿਰਕ



ਫ਼ਿਰੋਜ਼ਪੁਰ, 9 ਮਾਰਚ (ਮਨੋਹਰ ਲਾਲ) :— ਅਕਾਲੀ ਦਲ ਦੇ ਸੂਬਾ ਮੀਤ ਪ੍ਰਧਾਨ ਤੇ ਜਿਲ੍ਹਾ ਫਿਰੋਜ਼ਪੁਰ ਦੇ ਸੀਨੀਅਰ ਅਕਾਲੀ ਆਗੂ ਮਹਿੰਦਰ ਸਿੰਘ ਵਿਰਕ ਨੇ ਸ਼੍ਰੋਮਣੀ ਅਕਾਲੀ ਦਲ (ਬਾਦਲ) ਦੀ ਮੁਢਲੀ ਮੈਂਬਰਸ਼ਿਪ ਤੋਂ ਅਸਤੀਫਾ ਦੇ ਦਿੱਤਾ ਹੈ। ਗੱਲਬਾਤ ਕਰਦਿਆਂ ਮਹਿੰਦਰ ਸਿੰਘ ਵਿਰਕ ਨੇ ਕਿਹਾ ਕਿ ਕੋਈ ਸਮਾਂ ਸੀ ਜਦ ਸ਼੍ਰੋਮਣੀ ਅਕਾਲੀ ਦਲ ਸਿੱਖ ਧਰਮ ਦੀ ਪੈਰਵਈ ਕਰਦੇ ਹੋਏ ਸਿੱਖਾਂ ਦੇ ਹੱਕ ਵਿਚ ਫੈਸਲੇ ਲੈਂਦਾ ਸੀ, ਪਰ ਹੁਣ ਬੀਤੇ ਦਿਨਾਂ ਤੋਂ ਸਿੱਖ ਧਰਮ ਦੀ ਸਿਰਮੌਰ ਸੰਸਥਾ ਸ਼੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰਾਂ ਨੂੰ ਪਰੇਸ਼ਾਨ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਅਕਾਲੀ ਦਲ ਦੀ ਇਸ ਧਾਰਮਿਕ ਦਖਲ ਅੰਦਾਜੀ ਕਰਕੇ ਬਹੁਤ ਸਿੱਖ ਪਹਿਲਾ ਹੀ ਅਕਾਲੀ ਦਲ ਤੋਂ ਦੂਰੀ ਬਣਾ ਰਹੇ ਹਨ। ਉਨ੍ਹਾਂ ਕਿਹਾ ਕਿ ਕੁਝ ਦਿਨ ਪਹਿਲਾ ਸ਼੍ਰੋਮਣੀ ਗੁਰਦਵਾਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਨੇ ਅਸਤੀਫਾ ਦਿੱਤਾ ਸੀ ਅਤੇ ਬੀਤੇ ਦਿਨ ਸ਼੍ਰੋਮਣੀ ਗੁਰਦਵਾਰਾ ਪ੍ਰਬੰਧਕ ਕਮੇਟੀ ਦੇ ਅਡਜੈਕਟਿਵ ਮੈਂਬਰਾ ਤੋਂ ਜਬਰੀ ਸ਼੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘੁਬੀਰ ਸਿੰਘ ਅਤੇ ਜਥੇਦਾਰ ਸੁਲਤਾਨ ਸਿੰਘ ਨੂੰ ਵੀ ਲਾਂਭੇ ਕਰ ਦਿੱਤਾ ਗਿਆ, ਜਿਸ ਨਾਲ ਉਨ੍ਹਾਂ ਦੇ ਮਨ ਨੂੰ ਬਹੁਤ ਠੇਸ ਪਹੁਚੀ ਹੈ। ਅਕਾਲੀ ਲੀਡਰ ਵਿਰਕ ਨੇ ਕਿਹਾ ਕਿ ਕੁਝ ਦਿਨਾਂ ਤੋਂ ਅਕਾਲੀ ਦਲ ਦੇ ਸੀਨੀਅਰ ਆਗੂਆਂ ਵਲੋਂ ਜੋ ਜਥੇਦਾਰਾ ਵਿ➡ਧ ਬੇਤੁਕੀ ਦੁਸ਼ਣਬਾਜੀ ਕੀਤੀ ਜਾ ਰਹੀ ਹੈ, ਉਸ ਨਾਲ ਸਿੱਖ ਕੌਮ ਨੂੰ ਵੱਡੀ ਢਾਹ ਲੱਗ ਰਹੀ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਗੁਰਦਵਾਰਾ ਪ੍ਰਬੰਧਕ ਕਮੇਟੀ ਤੇ ਸ਼੍ਰੋਮਣੀ ਅਕਾਲੀ ਦਲ ਹੀ ਸਿੱਖ ਕੌਮ ਦਾ ਨਾਮ ਰੋਸ਼ਨ ਕਰਨ ਵਾਲੀ ਸੰਸਥਾ ਤੇ ਪਾਰਟੀ ਸੀ, ਪਰ ਅਕਾਲੀ ਦਲ ਦੇ ਸੀਨੀਅਰ ਆਗੂਆ ਵਲੋਂ ਆਪਣੇ ਸਿਆਸਤ ਦੇ ਲੋਭ ਕਰਕੇ ਸਿੱਖ ਸੰਸਥਾਵਾਂ ਦੇ ਆਗੂਆਂ ਨੂੰ ਹੀ ਨਿਸ਼ਾਨਾ ਬਣਾ ਲਿਆ, ਜਿਸ ਦੀ ਸਿੱਖ ਕੌਮ ਵਲੋਂ ਭਰਪੂਰ ਨਿੰਦਾ ਕੀਤੀ ਜਾ ਰਹੀ ਹੈ। ਗੱਲਬਾਤ ਕਰਦਿਆਂ ਸ੍ਰੀ ਵਿਰਕ ਨੇ ਕਿਹਾ ਕਿ ਇਸ ਕਰਕੇ ਉਨ੍ਹਾਂ ਸ਼੍ਰੋਮਣੀ ਅਕਾਲੀ ਦਲ ਬਾਦਲ ਦੀ ਮੁਢਲੀ ਮੈਂਬਰਸ਼ਿਪ ਤੋਂ ਅਸਤੀਫਾ ਦੇਣ ਦਾ ਅਹਿਮ ਫੈਸਲਾ ਲਿਆ ਹੈ। ਜਿਕਰਯੋਗ ਹੈ ਕਿ ਮਹਿੰਦਰ ਸਿੰਘ ਵਿਰਕ ਫ਼ਿਰੋਜ਼ਪੁਰ ਅਤੇ ਆਸ ਪਾਸ ਦੇ ਇਲਾਕੇ ਵਿੱਚ ਚੰਗੀ ਪਕੜ ਵਾਲੇ ਆਗੂ ਹਨ ਅਤੇ ਉਨ੍ਹਾਂ ਦਾ ਇਲਾਕੇ ਵਿੱਚ ਚੰਗਾ ਅਧਾਰ ਹੈ ਅਤੇ ਇਸ ਅਸਤੀਫ਼ੇ ਨਾਲ ਅਕਾਲੀ ਦਲ ਨੂੰ ਵੱਡਾ ਨੁਕਸਾਨ ਹੋ ਸਕਦਾ ਹੈ। ਪੱਤਰਕਾਰਾ ਨਾਲ ਗੱਲ ਕਰਦਿਆ ਸੀਨੀਅਰ ਆਗੂ ਵਿਰਕ ਨੇ ਕਿਹਾ ਕਿ ਉਹ ਇਕ ਸੱਚੇ ਸਿੱਖ ਵਜੋਂ ਅਕਾਲ ਤਖ਼ਤ ਸਾਹਿਬ ਨੂੰ ਸਮਰਿਪਤ ਹਨ ਅਤੇ ਅਕਾਲ ਤਖਤ ਸਾਹਿਬ ਤੋਂ ਜਾਰੀ ਹਰ ਹੁਕਮ ਨੂੰ ਪ੍ਰਵਾਨ ਕਰਨ ਲਈ ਵਚਨ ਬੰਦ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

### ਨਿਹੰਗ ਸਿੰਘ ਜਥੇਬੰਦੀਆਂ ਦੇ ਆਗੂਆਂ ਦਾ ਐਲਾਨ, ਨਹੀਂ ਹੋਣ ਦਿਆਂਗੇ ਨਵੇਂ ਜਥੇਦਾਰ ਦੀ ਤਾਜਪੋਸ਼ੀ

# ਕਰਾਂਗੇ ਗਿਆਨੀ ਹਰਪ੍ਰੀਤ ਸਿੰਘ ਸਮੇਤ ਜਥੇਦਾਰਾਂ ਦੀ ਵਾਪਸੀ : ਭਾਈ ਵਿਰਸਾ ਸਿੰਘ ਖਾਲਸਾ

**ਜੰਡਿਆਲਾ ਗੁਰੂ, 9 ਮਾਰਚ ( ਕੁਲਵੰਤ ਸਿੰਘ ਵਿਰਦੀ)**-ਗਿਆਨੀ ਰਘਬੀਰ ਸਿੰਘ ਜੀ ਨੂੰ ਗੈਰ ਸਿਧਾਂਤਕ ਆਹੁਦੇ ਤੋਂ ਹਟਾਉਣ ਵਿਰੁੱਧ ਸਿੱਖ ਪੰਥ ਇੱਕ ਜੁੱਟ ਹੋ ਗਿਆ ਹੈ ਅਤੇ ਇਸ ਵਿੱਚ ਅਹਿਮ ਭੂਮਿਕਾ ਨਿਭਾਉਣ ਜਾ ਰਹੀਆਂ ਨਿਹੰਗ ਸਿੰਘ ਜਥੇਬੰਦੀਆਂ ਨੇ ਐਲਾਨ ਕਰ ਦਿੱਤਾ ਹੈ ਨਹੀਂ ਹੋਣ ਦਿਆਂਗੇ ਕੱਲ੍ਹ ਨੂੰ ਸਾਬੋ ਕੀ ਤਲਵੰਡੀ ਦੇ ਨਵੇਂ ਦਾਗ.ੀ ਜਥੇਦਾਰ ਦੀ ਤਾਜਪੋਸ਼ੀ ,ਉਹਨਾਂ ਇਹ ਵੀ ਕਿਹਾ ਹਟਾਏ ਗਏ ਗਿਆਨੀ ਰਘਬੀਰ ਸਿੰਘ ਜੀ ਦੀ ਜਥੇਦਾਰੀ ਨੂੰ ਬਹਾਲ ਕਰਵਾਇਆ ਜਾਵੇਗਾ, ਇਸ ਸਬੰਧੀ ਬੁੱਢੇ ਦਲ ਦੇ ਮੁਖੀ ਜਥੇਦਾਰ ਬਾਬਾ ਬਲਬੀਰ ਸਿੰਘ ਜੀ ਨੇ ਜਥੇਦਾਰ ਬਾਬਾ ਜੋਗਾ ਸਿੰਘ ਮੁਖੀ ਤਰਨਾ ਦਲ ਬਾਬਾ ਬਕਾਲਾ ਸਾਹਿਬ,ਦਲਪੰਥ ਬਿਧੀ ਚੰਦ ਜਥੇਦਾਰ ਬਾਬਾ ਅਵਤਾਰ ਸਿੰਘ ਸੁਰਸਿੰਘ ਵਾਲੇ ਤੇ ਹੋਰ ਜਥੇਬੰਦੀਆਂ ਨਾਲ਼ ਗੁਰਮਤਾ ਕਰ ਲਿਆ ਹੈ, ਇਸ ਕਰਕੇ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਜਿਥੇ ਜਥੇਦਾਰ ਬਾਬਾ ਬਲਬੀਰ ਸਿੰਘ ਬੁਢੇ ਦਲ ਵੱਲੋਂ ਲੈ ਫੈਸਲੇ ਦੀ ਪੂਰਨ ਹਮਾਇਤ ਅਤੇ ਇਸ ਫੈਸਲੇ ਨੂੰ ਸਮੁੱਚੇ ਸਿੱਖ ਪੰਥ ਦੀ ਅਵਾਜ਼ ਵਾਲਾ ਫੈਸਲਾ ਮੰਨਦੀ ਹੈ ਉਥੇ ਸਮੁੱਚੀਆਂ ਸਿੱਖ ਸੰਗਤਾਂ ਨੂੰ ਬੇਨਤੀ ਕਰਦੀ ਹੈ ਕਿ ਕੱਲ੍ਹ ਨੂੰ ਵੱਡੀ ਪੱਧਰ ਤੇ ਅਨੰਦਪੁਰ ਸਾਹਿਬ ਵਿਖੇ ਪਹੁੰਚ ਕੇ ਨਿਹੰਗ ਸਿੰਘਾਂ ਵੱਲੋਂ ਅਕਾਲ ਤਖ਼ਤ ਸਾਹਿਬ ਦੀ ਸਰਬਉਚਤਾ ਲੈ ਫੈਸਲੇ ਦੀ ਹਮਾਇਤ ਵਿਚ ਸ਼ਾਮਿਲ ਹੋਣ ਦੀ ਲੋੜ ਤੇ ਜ਼ੋਰ ਦੇਣ ,ਤਾਂ ਕਿ ਬਾਦਲਕਿਆਂ ਵੱਲੋਂ ਜਥੇਦਾਰ ਸਾਹਿਬਾਨਾਂ ਨੂੰ ਨਿੱਤ ਦਿਨ ਕਿਰਦਾਰਕੁਸ਼ੀ ਕਰਕੇ ਆਹੁਦੇ ਤੋਂ ਹਟਾਉਣ ਵਾਲੀ ਤਖ਼ਤ ਵਿਰੋਧੀ ਨੀਤੀ ਦਾ ਮੁਕਾਬਲਾ ਕੀਤਾ ਜਾ ਸਕੇ, ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਦੇ ਕੌਮੀ ਪ੍ਰਧਾਨ ਭਾਈ ਵਿਰਸਾ ਸਿੰਘ ਖਾਲਸਾ ਨੇ ਜਥੇਦਾਰ ਬਾਬਾ ਬਲਬੀਰ ਸਿੰਘ ਬੁਢੇ ਦਲ ਵੱਲੋਂ ਬਾਦਲਕਿਆਂ ਵੱਲੋਂ ਕੱਲ੍ਹ ਨੂੰ ਨਵ ਨਿਯੁਕਤ ਜਥੇਦਾਰ ਦੀ ਤਾਜਪੋਸ਼ੀ ਨੂੰ ਰੋਕਣ ਲਈ ਸਮੂਹ ਨਿਹੰਗ ਸਿੰਘ ਜਥੇਬੰਦੀਆਂ ਨੂੰ ਅਨੰਦਪੁਰ ਸਾਹਿਬ ਪਹੁੰਚਣ ਵਾਲੇ ਸੱਦੇ ਦੀ ਪੂਰਨ ਹਮਾਇਤ, ਸਮੂਹ ਸੰਗਤਾਂ ਨੂੰ ਅਨੰਦਪੁਰ ਸਾਹਿਬ ਪਹੁੰਚਣ ਦੇ ਨਾਲ ਨਾਲ ਨਵ ਨਿਯੁਕਤ ਹੋਣ ਵਾਲੇ ਜਥੇਦਾਰ ਨੂੰ ਤਾਜਪੋਸ਼ੀ ਨਾ ਕਰਵਾਉਣ ਦੀ ਬੇਨਤੀ ਕਰਦਿਆਂ ਇੱਕ ਲਿਖਤੀ ਪ੍ਰੈਸ ਬਿਆਨ ਰਾਹੀਂ ਕੀਤਾ, ਉਹਨਾਂ ਭਾਈ ਖਾਲਸਾ ਨੇ ਦੱਸਿਆ ਬੀਤੇ ਦਿਨੀਂ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਨੇ ਵੀ ਨਿਹੰਗ ਸਿੰਘ ਜਥੇਬੰਦੀਆਂ ਦੇ ਆਗੂਆਂ ਨੂੰ ਅਪੀਲ ਕੀਤੀ ਸੀ ਉਹ ਕਹਿਣੀ ਤੇ ਕਥਨੀ ਦੇ ਸੂਰੇ ਬਣਕੇ ਗਿਆਨੀ ਰਘਬੀਰ ਸਿੰਘ ਜੀ ਨੂੰ ਗੈਰ ਸਿਧਾਂਤਕ ਆਹੁਦੇ ਤੋਂ ਹਟਾਉਣ ਸਬੰਧੀ ਮੈਦਾਨ ਵਿੱਚ ਆਉਣ, ਭਾਈ ਖਾਲਸਾ ਨੇ ਦੱਸਿਆ ਸਾਡੀ ਜਥੇਬੰਦੀ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਜਿਥੇ ਜਥੇਦਾਰ ਬਾਬਾ ਬਲਬੀਰ ਸਿੰਘ ਵੱਲੋਂ ਦਿੱਤੇ ਬਿਆਨਾਂ ਦੀ ਪੂਰਨ ਹਮਾਇਤ ਕਰਦੀ ਹੈ ਅਤੇ ਇਸ ਨੂੰ ਸਮੇਂ ਦੀ ਲੋੜ ਵਾਲਾਂ ਸ਼ਲਾਘਾਯੋਗ ਫ਼ੈਸਲਾ ਮੰਨਦੀ ਹੋਈ ਨਾਨਕ ਨਾਮ ਲੇਵਾ ਸੰਗਤਾਂ ਨੂੰ ਅਪੀਲ ਕਰਦੀ ਹੈ ਕੱਲ੍ਹ ਨੂੰ ਵੱਡੀ ਗਿਣਤੀ ਵਿੱਚ ਨਿਹੰਗ ਸਿੰਘ ਫ਼ੌਜਾਂ ਵੱਲੋਂ ਲਾਏ ਜਾ ਰਹੇ ਇਤਿਹਾਸਕ ਮੋਰਚੇ'ਚ ਸ਼ਾਮਲ ਹੋ ਕੇ ਬਾਦਲਕਿਆਂ ਨੂੰ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਤਖ਼ਤ ਨਾਲ ਟੱਕਰ ਲੈਣ ਦਾ ਸਬਕ. ਸਿਖਾਇਆ ਜਾ ਸਕੇ, ਭਾਈ ਖਾਲਸਾ ਨੇ ਕਿਹਾ ਸਾਡੀ ਜਥੇਬੰਦੀ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਨਵ ਨਿਯੁਕਤ ਬਣਨ ਵਾਲੇ ਜਥੇਦਾਰ ਸਾਹਿਬਾਨਾਂ ਨੂੰ ਬੇਨਤੀ ਕਰਦੀ ਹੈ ਕਿ ਉਹ ਇਸ ਤੋਂ ਪਿੱਛੇ ਹਟ ਜਾਣ ਨਹੀਂ ਤਾਂ ਸਿੱਖ ਕੌਮ ਨੂੰ ਇਹਨਾਂ ਜਥੇਦਾਰਾਂ ਵਿਰੁੱਧ ਵੀ ਕੋਈ ਢੁੱਕਵੀਂ ਕਾਰਵਾਈ ਕੀਤੀ ਜਾਵੇਗੀ ਕਿਉਂਕਿ ਮਸਲਾ ਬਾਦਲਕਿਆਂ ਵੱਲੋਂ ਕਿਰਦਾਰਕੁਸ਼ੀ ਕਰਕੇ ਜਥੇਦਾਰਾਂ ਨੂੰ ਆਹੁਦੇ ਤੋਂ ਹਟਾਉਣ ਦੀ, ਭਾਈ ਖਾਲਸਾ ਨੇ ਦੱਸਿਆ ਅਗਰ ਇਹ ਜਥੇਦਾਰ ਆਹੁਦੇ ਤੋਂ ਬਿਰਾਜਮਾਨ ਹੋਣ ਤੋਂ ਪਹਿਲਾਂ ਹੀ ਬਾਦਲਕਿਆਂ ਨੂੰ ਜੁਵਾਬ ਦੇ ਦੇਣ ਅਸੀਂ ਪੰਥ ਦੋਖੀਆਂ ਨਾਲ ਨਹੀਂ ਸਿਖ ਸੰਗਤਾਂ ਤੇ ਮੀਰੀ ਪੀਰੀ ਦੇ ਮਾਲਕ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਨਾਲ ਹਾਂ ਤਾਂ ਉਹਨਾਂ ਦੀ ਇਹ ਕਾਰਵਾਈ ਇਸ ਮੌਕੇ ਤੇ ਇਤਿਹਾਸਕ ਬਣ ਸਕਦੀ ਹੈ ਭਾਈ ਖਾਲਸਾ ਦੱਸਿਆ ਅਗਰ ਉਹ ਤਾਜਪੋਸ਼ੀ ਕਰਵਾਉਂਦੇ ਹਨ ਸਾਰੀ ਉਮਰ ਲੋਕ ਇਹਨਾਂ ਨੂੰ ਨਹੀਂ ਬਖਸ਼ਣਗੇ।



ਆਵਾਜ਼ਿ ਕੌਮ AWAZE QAUM International Newspaper & WEB TV

### ਗੁਰਦੁਆਰਾ ਗੁਰੂ ਨਾਨਕ ਦਰਬਾਰ ਲਸਾਲ ਪਾਰਕ ਕੈਨੇਡਾ ਵਿਖੇ ਸਿੱਖ ਪਰੰਪਰਾਵਾ ਨਾਲ ਜੁੜੇ ਰਹਿਣ ਲਈ

# ਦਸਤਾਰ ਅਤੇ ਗੱਤਕਾ ਸਿਖਲਾਈ ਦੇ ਨਾਲ ਗੁਰਮਤਿ ਕਲਾਸਾਂ ਹੋਈਆਂ ਸ਼ੁਰੂ: ਜਸਵਿੰਦਰ ਸਿੰਘ



**ਨਵੀਂ ਦਿੱਲੀ, 9 ਮਾਰਚ (ਮਨਪ੍ਰੀਤ ਸਿੰਘ ਖਾਲਸਾ)**:- ਗੁਰਦੁਆਰਾ ਗੁਰੂ ਨਾਨਕ ਦਰਬਾਰ ਲਸਾਲ ਪਾਰਕ ਕੈਨੇਡਾ ਵੱਲੋਂ ਦਸਤਾਰ ਅਤੇ ਦੁਮਾਲਾ ਸਜਾਉਣ ਦੇ ਪ੍ਰੋਗਰਾਮ ਕਰਵਾਏ ਗਏ। ਇਹ ਪ੍ਰੋਗਰਾਮ ਵਿਸ਼ੇਸ਼ ਤੌਰ ਤੇ ਹੋਲਾ ਮਹੱਲਾ, ਵਿਸਾਖੀ ਪੁਰਬ ਦੇ ਨਾਲ ਸ਼ਹੀਦ ਸਿੰਘਾਂ ਅਤੇ ਭਾਈ ਹਰਦੀਪ ਸਿੰਘ ਨਿਝਰ ਦੀ ਯਾਦ ਨੂੰ ਸਮਰਪਿਤ ਸੀ। ਇਸ ਮੌਕੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਗੁਰਦੁਆਰਾ ਸਾਹਿਬ ਦੇ ਜਨਰਲ ਸਕੱਤਰ ਭਾਈ ਜਸਵਿੰਦਰ ਸਿੰਘ ਨੇ ਸਭ ਨੂੰ ਜੀ ਆਇਆ ਕਿਹਾ । ਇਸ ਪ੍ਰੋਗਰਾਮ ਬਾਰੇ ਦਸਦਿਆਂ ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਫ਼ਲਸਫ਼ੇ "ਵਿਦਿਆ ਵੀਚਾਰੀ ਤਾਂ ਪਰਉਪਕਾਰੀ" ਉਪਰ ਚਲਦਿਆਂ ਸਾਡਾ ਉਦੇਸ਼ ਸਿੱਖ ਰਵਾਇਤਾਂ ਅਤੇ ਗੁਰਬਾਣੀ ਵਿੱਦਿਆ ਦੀ ਲੋਅ ਨੂੰ ਹਰ ਘਰ, ਹਰ ਬੱਚੀ ਤਕ ਪਹੁੰਚਾਉਣਾ ਹੈ ਜਿਸ ਨਾਲ ਸਵੈ-ਪਹਿਚਾਣ ਦੀ ਚਿਣਗ ਬਾਲ ਕੇ ਲਗਨ ਅਤੇ ਸਿਰੜ ਨਾਲ ਜ਼ਿੰਦਗੀ ਦੇ ਉੱਚ ਨਿਸ਼ਾਨੇ ਦੀ ਪ੍ਰਾਪਤੀ ਲਈ ਆਪਣੀ ਇੱਛਾ ਸ਼ਕਤੀ ਜਗਾਉਣ ਅਤੇ ਆਤਮ-ਨਿਰਭਰ ਬਣਕੇ ਆਪਣੀ ਸਮਾਜਿਕ ਹੋਂਦ ਨੂੰ ਸਥਾਪਿਤ ਕਰਨ। ਉਨ੍ਹਾਂ ਦਸਿਆ ਕਿ ਧਾਰਮਿਕ ਪ੍ਰਚਾਰ ਦੀ ਕੜੀ ਅੰਦਰ ਗੁਰਦੁਆਰਾ ਸਾਹਿਬ ਵਿਖ਼ੇ ਸਿੱਖ ਬੱਚਿਆਂ ਨੂੰ ਸਿੱਖੀ ਪਹਿਰਾਵੇ ਨਾਲ ਜੋੜਨ ਲਈ ਅਸੀਂ ਸੰਗਤ ਅਤੇ ਸਹਿਯੋਗੀ ਵੀਰਾਂ ਦੇ ਉਪਰਾਲੇ ਨਾਲ ਗੁਰਦੁਆਰਾ ਸਾਹਿਬ ਵਿਖ਼ੇ ਦਸਤਾਰ ਅਤੇ ਦੁਮਾਲੇ ਸਜਾਉਣ ਲਈ ਹਰ ਸ਼ੁਕਰਵਾਰ ਅਤੇ ਸ਼ਨੀਵਾਰ ਨੂੰ ਵਿਸ਼ੇਸ਼ ਕੈਂਪ ਲਗਾਇਆ ਕਰਾਂਗੇ ਜਿਸ ਨਾਲ ਓਹ ਸਿੱਖੀ ਪਹਿਰਾਵਾ ਅਤੇ ਸਿੱਖਾਂ ਦੀ ਸ਼ਾਨ ਦਸਤਾਰ/ਦੁਮਾਲਾ ਸਜਾਉਣਾ ਸਿੱਖ ਸਕਣ ।ਉਨ੍ਹਾਂ ਦਸਿਆ ਕਿ ਗੁਰਦੁਆਰਾ ਸਾਹਿਬ ਵਿਖ਼ੇ ਪੰਜਾਬੀ ਅਤੇ ਗੁਰਮਤਿ ਸਿਖਾਉਣ ਦੀਆਂ ਕਲਾਸਾਂ ਚਲ ਰਹੀਆਂ ਹਨ ਤੇ ਸੰਗਤਾਂ ਇਸ ਦਾ ਭਰਪੂਰ ਸਾਥ ਦੇ ਰਹੀਆਂ ਹਨ। ਉਨ੍ਹਾਂ ਦਸਿਆ ਕਿ ਗੁਰਦੁਆਰਾ ਸਾਹਿਬ ਵਿਖ਼ੇ ਸੰਗਤਾਂ ਨੂੰ ਸ਼ਸ਼ਤਰ ਵਿਦਿਆ ਨਾਲ ਜੋੜਨ ਲਈ ਗੱਤਕਾ ਕਲਾਸਾਂ ਵੀ ਚਲ ਰਹੀਆਂ ਹਨ ਤੇ ਵਡੀ ਗਿਣਤੀ ਅੰਦਰ ਸੰਗਤਾਂ ਗੱਤਕੇ ਦੀਆਂ ਸਿਖਲਾਈ ਲੈ ਰਹੀਆਂ ਹਨ । ਭਾਈ ਜਸਵਿੰਦਰ ਸਿੰਘ ਨੇ ਇੰਨ੍ਹਾ ਸਮੂਹ ਪ੍ਰੋਗਰਾਮਾਂ ਵਿਚ ਸਹਿਯੋਗ ਦੇਣ ਵਾਲੇ ਵੀਰਾਂ ਸੱਜਣਾ ਦਾ ਉਚੇਚੇ ਤੌਰ ਤੇ ਧੰਨਵਾਦ ਕਰਦਿਆਂ ਅੱਗੇ ਵੀ ਇਸੇ ਤਰ੍ਹਾਂ ਉਨ੍ਹਾਂ ਵਲੋਂ ਸਹਿਯੋਗ ਮਿਲਦੇ ਰਹਿਣ ਦਾ ਭਰੋਸਾ ਜਤਾਇਆ ਸੀ।

ਆਵਾਜ਼ਿ ਕੌਮ AWAZE QAUM International Newspaper & WEB TV


# ਸਿੱਖ ਪੰਥ ਬਾਦਲ ਪਰਿਵਾਰ ਨੂੰ ਮੂੰਹ ਤੋੜ ਜਵਾਬ ਦੇਣ ਲਈ ਲਾਮਬੰਦ ਹੋਵੇ :ਜਥੇਦਾਰ ਹਰਚੰਦ ਸਿੰਘ ਚਕਰ



**ਐਡਮਿੰਟਨ /ਕਨੇਡਾ, 9 ਮਾਰਚ (ਜਗਮੀਤ ਸਿੰਘ ਬਾਠ)**-ਸ਼੍ਰੋਮਣੀ ਕਮੇਟੀ ਵੱਲੋਂ ਸ੍ਰੀ ਅਕਾਲ ਤਖਤ ਸਾਹਿਬ ਅੰਮ੍ਰਿਤਸਰ ਅਤੇ ਤਖਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਸਾਹਿਬਾਨਾਂ ਦੀ ਤਾਨਾਸ਼ਾਹੀ ਤਰੀਕੇ ਨਾਲ ਛੁੱਟੀ ਕੀਤੇ ਜਾਣ ਪਿੱਛੇ ਸੁਖਬੀਰ ਬਾਦਲ ਦਾ ਸਿੱਧਾ ਹੱਥ ਹੈ ਇਹਨਾਂ ਗੱਲਾਂ ਦਾ ਪ੍ਰਗਟਾਵਾ ਇੰਟਰਨੈਸ਼ਨਲ ਪੰਥਕ ਦਲ ਦੇ ਪੰਜਾਬ ਪ੍ਰਧਾਨ ਜਥੇਦਾਰ ਹਰਚੰਦ ਸਿੰਘ ਚਕਰ ਜੋ ਇਸ ਸਮੇਂ ਕਨੇਡਾ ਫੇਰੀ ਤੇ ਹਨ ਨੇ ਇੱਕ ਵਿਸ਼ੇਸ਼ ਗੱਲਬਾਤ ਦੌਰਾਨ ਕੀਤਾ ਉਹਨਾਂ ਕਿਹਾ ਕਿ ਪਿਛਲੇ ਛੱਬੀ ਦਿਨਾਂ ਵਿੱਚ ਤਖਤ ਸਾਹਿਬਾਨਾਂ ਦੇ ਤਿੰਨ ਜਥੇਦਾਰ ਸਿੰਘ ਸਾਹਿਬਾਨਾਂ ਦੀ ਛੁੱਟੀ ਕਰ ਦਿੱਤੀ ਗਈ ਹੈ ਇਸ ਦਾ ਕਾਰਨ ਇਹ ਹੈ ਕਿ ਸੁਖਬੀਰ ਬਾਦਲ ਆਪਣੇ ਪਿਤਾ ਪ੍ਰਕਾਸ਼ ਬਾਦਲ ਤੋਂ ਫਖਰ - ਏ - ਕੌਮ ਸਨਮਾਨ ਵਾਪਿਸ ਲੈਣ ਕਰਕੇ ਤਖਤ ਸਾਹਿਬਾਨਾਂ ਨਾਲ ਟਰੱਕ ਲੈ ਰਿਹਾ ਹੈ ਇਸ ਸਬੰਧੀ ਕਨੇਡਾ ਦੀਆਂ ਸੰਗਤਾਂ ਵਿੱਚ ਭਾਰੀ ਗੁੱਸੇ ਦੀ ਲਹਿਰ ਹੈ ਕਨੇਡਾ ਦੀਆਂ ਸੰਗਤਾਂ ਵੱਲੋਂ ਸਮੂਹ ਸੰਗਤਾਂ ਨੂੰ ਬੇਨਤੀ ਹੈ ਕਿ ਬਾਦਲ ਪਰਿਵਾਰ ਨੂੰ ਮੂੰਹ ਤੋੜ ਜਵਾਬ ਦੇਣ ਲਈ ਲਾਮਬੰਦ ਹੋਣਾ ਚਾਹੀਦਾ ਹੈ ਅਤੇ ਕੋਈ ਅਜਿਹੀ ਸਜਾ ਦੇਣੀ ਚਾਹੀਦੀ ਹੈ ਕਿ ਅੱਗੇ ਤੋਂ ਕੋਈ ਸ੍ਰੀ ਅਕਾਲ ਤਖਤ ਸਾਹਿਬ ਨਾਲ ਟੱਕਰ ਲੈਣ ਦੀ ਕੋਸ਼ਿਸ਼ ਨਾ ਕਰੇ।

ਆਵਾਜ਼ਿ ਕੌਮ AWAZE QAUM International Newspaper & WEB TV

# ਟਾਈਟਲਰ ਵਿਰੁੱਧ ਸਿੱਖ ਕਤਲੇਆਮ ਦੇ ਦਰਜ ਮਾਮਲੇ ਵਿੱਚ ਫੋਰੈਂਸਿਕ ਵਿਭਾਗ ਦੇ ਅਧਿਕਾਰੀ ਐਸ ਇੰਗ੍ਰਾਸਲ ਤੋਂ ਅਦਾਲਤ ਵਿੱਚ ਕਰਾਸ ਜਿਰ੍ਹਾ



**ਨਵੀਂ ਦਿੱਲੀ, 9 ਮਾਰਚ (ਮਨਪ੍ਰੀਤ ਸਿੰਘ ਖਾਲਸਾ)**:- 1984 ਦੇ ਸਿੱਖ ਕਤਲੇਆਮ ਨਾਲ ਸਬੰਧਤ ਪੁਲਬੰਗਸ਼ ਗੁਰਦੁਆਰਾ ਹਿੰਸਾ ਮਾਮਲੇ ਦੇ ਦੋਸ਼ੀ ਜਗਦੀਸ਼ ਟਾਈਟਲਰ ਵਿਰੁੱਧ ਦਰਜ ਮਾਮਲੇ ਵਿੱਚ ਬੀਤੇ ਦਿਨ ਫੋਰੈਂਸਿਕ ਵਿਭਾਗ ਦੇ ਅਧਿਕਾਰੀ ਐਸ ਇੰਗ੍ਰਾਸਲ ਤੋਂ ਦਿੱਲੀ ਦੀ ਰਾਊਜ਼ ਐਵੇਨਿਊ ਅਦਾਲਤ ਵਿੱਚ ਜਿਰ੍ਹਾ ਕੀਤੀ ਗਈ। ਵਿਸ਼ੇਸ਼ ਜੱਜ ਜਤਿੰਦਰ ਸਿੰਘ ਨੇ ਫੋਰੈਂਸਿਕ ਵਿਭਾਗ ਦੇ ਸੀਨੀਅਰ ਵਿਗਿਆਨਕ ਅਧਿਕਾਰੀ ਅਮਿਤੋਸ਼ ਕੁਮਾਰ ਦੇ ਬਿਆਨ ਦਰਜ ਕਰਨ ਲਈ 18 ਮਾਰਚ ਦੀ ਤਰੀਕ ਤੈਅ ਕਰਨ ਦਾ ਹੁਕਮ ਦਿੱਤਾ।ਅਦਾਲਤੀ ਸੁਣਵਾਈ ਦੌਰਾਨ ਜਗਦੀਸ਼ ਟਾਈਟਲਰ ਅਦਾਲਤ ਵਿੱਚ ਮੌਜੂਦ ਸਨ। ਸੁਣਵਾਈ ਦੌਰਾਨ, ਜਗਦੀਸ਼ ਟਾਈਟਲਰ ਵੱਲੋਂ ਪੇਸ਼ ਹੋਏ ਵਕੀਲ ਅਨਿਲ ਕੁਮਾਰ ਸ਼ਰਮਾ ਨੇ ਫੋਰੈਂਸਿਕ ਅਧਿਕਾਰੀ ਐਸ ਇੰਗ੍ਰਾਸਲ ਤੋਂ ਜਿਰ੍ਹਾ ਕੀਤੀ। ਇਸ ਤੋਂ ਪਹਿਲਾਂ, ਐਸ ਇੰਗ੍ਰਾਸਲ ਦਾ ਬਿਆਨ 27 ਫਰਵਰੀ ਨੂੰ ਦਰਜ ਕੀਤਾ ਗਿਆ ਸੀ। ਇੰਗ੍ਰਾਸਲ ਦੇ ਬਿਆਨ ਦੌਰਾਨ ਅਦਾਲਤ ਵਿੱਚ ਇੱਕ ਸੀਡੀ ਚਲਾ ਕੇ ਆਵਾਜ਼ ਦੇ ਨਮੂਨਿਆਂ ਦੀ ਪਛਾਣ ਕੀਤੀ ਗਈ। ਤੁਹਾਨੂੰ ਦੱਸ ਦੇਈਏ ਕਿ 7 ਫਰਵਰੀ ਨੂੰ ਅਦਾਲਤ ਵੱਲੋਂ ਫੋਰੈਂਸਿਕ ਲੈਬਾਰਟਰੀ ਦੇ ਦੂਜੇ ਅਧਿਕਾਰੀ ਦਾ ਬਿਆਨ ਦਰਜ ਕੀਤਾ ਗਿਆ ਸੀ। ਇਸ ਤੋਂ ਪਹਿਲਾਂ 28 ਜਨਵਰੀ ਨੂੰ ਟਾਈਟਲਰ ਦੀ ਆਵਾਜ਼ ਦੇ ਨਮੂਨੇ ਲੈਣ ਵਾਲੇ ਫੋਰੈਂਸਿਕ ਲੈਬਾਰਟਰੀ ਅਧਿਕਾਰੀ ਦਾ ਬਿਆਨ ਦਰਜ ਕੀਤਾ ਗਿਆ ਸੀ। ਜਗਦੀਸ਼ ਟਾਈਟਲਰ ਦਾ ਰਿਕਾਰਡ ਕੀਤਾ ਗਿਆ ਆਵਾਜ਼ ਦਾ ਨਮੂਨਾ ਅਦਾਲਤ ਵਿੱਚ ਚਲਾਇਆ ਗਿਆ। ਬੀਤੀ 12 ਨਵੰਬਰ, 2024 ਨੂੰ ਇਸ ਮਾਮਲੇ ਦੀ ਸ਼ਿਕਾਇਤਕਰਤਾ ਲਖਵਿੰਦਰ ਕੌਰ ਨਾਲ ਜਿਰ੍ਹਾ ਕੀਤੀ ਗਈ ਸੀ ਅਤੇ 3 ਅਕਤੂਬਰ 2024 ਨੂੰ ਸ਼ਿਕਾਇਤਕਰਤਾ ਲਖਵਿੰਦਰ ਕੌਰ ਨੇ ਆਪਣਾ ਬਿਆਨ ਦਰਜ ਕਰਵਾਇਆ ਸੀ। ਲਖਵਿੰਦਰ ਕੌਰ ਨੇ ਕਿਹਾ ਸੀ ਕਿ ਗ੍ਰੰਥੀ ਸੁਰੇਂਦਰ ਸਿੰਘ ਨੇ ਉਨ੍ਹਾਂ ਨੂੰ ਦੱਸਿਆ ਸੀ ਕਿ ਉਨ੍ਹਾਂ ਦੇ ਪਤੀ ਬਾਦਲ ਸਿੰਘ ਦਾ ਗੁਰਦੁਆਰਾ ਪੁਲਬੰਗਸ਼ ਨੇੜੇ ਭੀੜ ਨੇ ਕਤਲ ਕਰ ਦਿੱਤਾ ਸੀ। ਜਗਦੀਸ਼ ਟਾਈਟਲਰ ਭੀੜ ਨੂੰ ਭੜਕਾ ਰਿਹਾ ਸੀ ਅਤੇ ਸਿੱਖਾਂ ਨੂੰ ਮਾਰਨ, ਉਨ੍ਹਾਂ ਨੂੰ ਤਬਾਹ ਕਰਨ, ਗੁਰਦੁਆਰੇ ਨੂੰ ਅੱਗ ਲਗਾਉਣ ਲਈ ਕਹਿ ਰਿਹਾ ਸੀ। ਸੀਨੀਅਰ ਵਿਗਿਆਨਕ ਅਧਿਕਾਰੀ ਅਮਿਤੋਸ਼ ਕੁਮਾਰ ਦੇ ਬਿਆਨ ਦਰਜ ਕਰਨ ਲਈ ਚਲ ਰਹੇ ਮਾਮਲੇ ਦੀ ਅਗਲੀ ਸੁਣਵਾਈ 18 ਮਾਰਚ ਨੂੰ ਹੋਏਗੀ।

ਆਵਾਜ਼ਿ ਕੌਮ AWAZE QAUM International Newspaper & WEB TV

# ਸਰਨਾ ਭਰਾਵਾਂ ਨੇ ਹਮੇਸ਼ਾ ਸ੍ਰੀ ਅਕਾਲ ਤਖ਼ਤ ਸਾਹਿਬ ਨਾਲ ਮੱਥਾ ਲਗਾ ਕੇ ਸਿੱਖ ਕੌਮ ਦਾ ਨੁਕਸਾਨ ਕੀਤਾ: ਦਿੱਲੀ ਗੁਰਦੁਆਰਾ ਕਮੇਟੀ




**ਨਵੀਂ ਦਿੱਲੀ, 9 ਮਾਰਚ (ਮਨਪ੍ਰੀਤ ਸਿੰਘ ਖਾਲਸਾ)**:- ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਪੰਥ ਵਿਚ ਚਲ ਰਹੇ ਗੰਭੀਰ ਸੰਕਟ ਵਿਚ ਸਰਨਾ ਭਰਾਵਾਂ ਵੱਲੋਂ ਹਮੇਸ਼ਾ ਵਾਂਗੂ ਇਸ ਵਾਰ ਵੀ ਸ੍ਰੀ ਅਕਾਲ ਤਖ਼ਤ ਸਾਹਿਬ ਨਾਲ ਮੱਥਾ ਲਗਾ ਕੇ ਪੰਥ ਦਾ ਨੁਕਸਾਨ ਕਰਨ ਦੀ ਨਿਖੇਧੀ ਕੀਤੀ ਹੈ। ਇਥੇ ਇਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਕਮੇਟੀ ਦੇ ਜਨਰਲ ਸਕੱਤਰ ਜਗਦੀਪ ਸਿੰਘ ਕਾਹਲੋਂ, ਕਾਰਜਕਾਰੀ ਪ੍ਰਧਾਨ ਹਰਵਿੰਦਰ ਸਿੰਘ ਕੇ.ਪੀ., ਮੀਤ ਪ੍ਰਧਾਨ ਆਤਮਾ ਸਿੰਘ ਲੁਬਾਣਾ ਅਤੇ ਧਰਮ ਪ੍ਰਚਾਰ ਵਿੰਗ ਦੇ ਚੇਅਰਮੈਨ ਜਸਪ੍ਰੀਤ ਸਿੰਘ ਕਰਮਸਰ ਨੇ ਕਿਹਾ ਕਿ ਪੰਥ ਇਸ ਸਮੇਂ ਗੰਭੀਰ ਸੰਕਟ ਦਰਪੇਸ਼ ਵਿਚ ਹੈ ਕਿਉਕਿ ਜਦੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਪਹਿਲਾਂ ਗਿਆਨੀ ਹਰਪ੍ਰੀਤ ਸਿੰਘ ਤੇ ਹੁਣ ਗਿਆਨੀ ਰਘਬੀਰ ਸਿੰਘ ਤੇ ਗਿਆਨੀ ਸੁਲਤਾਨ ਸਿੰਘ ਦੀਆਂ ਸੇਵਾਵਾਂ ਸਮਾਪਤ ਕਰ ਦਿੱਤੀਆਂ ਹਨ। ਉਹਨਾਂ ਕਿਹਾ ਕਿ ਇਸ ਫੈਸਲੇ ਦਾ ਅਕਾਲੀ ਦਲ ਦੇ ਸੀਨੀਅਰ ਆਗੂ ਬਿਕਰਮ ਸਿੰਘ ਮਜੀਠੀਆ ਸਮੇਤ ਸਮੁੱਚੇ ਪੰਥ ਦਰਦੀ ਵਿਰੋਧ ਕਰ ਰਹੇ ਹਨ ਤੇ ਸ਼੍ਰੋਮਣੀ ਕਮੇਟੀ ਦੀ ਇਸ ਫੈਸਲੇ ਦੀ ਨਿਖੇਧੀ ਕਰ ਰਹੇ ਹਨ। ਉਹਨਾਂ ਕਿਹਾ ਕਿ ਦੂਜੇ ਪਾਸੇ ਦਿੱਲੀ ਤੋਂ ਅਕਾਲੀ ਦਲ ਦੇ ਆਗੂ ਪਰਮਜੀਤ ਸਿੰਘ ਸਰਨਾ ਤੇ ਉਹਨਾਂ ਦੇ ਭਰਾ ਹਰਵਿੰਦਰ ਸਿੰਘ ਸਰਨਾ ਹਮੇਸ਼ਾ ਵਾਂਗੂ ਸ੍ਰੀ ਅਕਾਲ ਤਖ਼ਤ ਸਾਹਿਬ ਨਾਲ ਮੱਥਾ ਲਗਾ ਰਹੇ ਹਨ ਤੇ ਜਥੇਦਾਰ ਸਾਹਿਬਾਨ ਨੂੰ ਹਟਾਉਣ ਦੇ ਫੈਸਲੇ ਨੂੰ ਸਹੀ ਠਹਿਰਾ ਰਹੇ ਹਨ। ਉਹਨਾਂ ਕਿਹਾ ਕਿ ਇਹ ਪਹਿਲੀ ਵਾਰ ਨਹੀਂ ਹੈ ਜਦੋਂ ਸਰਨਾ ਭਰਾ ਅਜਿਹੀ ਭੂਮਿਕਾ ਨਿਭਾ ਰਹੇ ਹਨ। ਉਹਨਾਂ ਕਿਹਾ ਕਿ ਪਹਿਲਾਂ ਵੀ ਸਰਨਾ ਭਰਾਵਾਂ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਨਾਲ ਮੱਥਾ ਲਗਾ ਕੇ ਦੋ-ਦੋ ਸੰਗਰਾਂਦਾਂ ਤੇ ਦੋ-ਦੋ ਗੁਰਪੁਰਬ ਮਨਾ ਕੇ ਕੌਮ ਵਿਚ ਦੁਬਿਧਾ ਪੈਦਾ ਕੀਤੀ ਹੈ। ਉਹਨਾਂ ਕਿਹਾ ਕਿ ਇਸ ਵਾਰ ਵੀ ਸਰਨਾ ਭਰਾ ਬਾਦਲ ਦਲ ਦੇ ਉਹਨਾਂ ਫੈਸਲਿਆਂ ਦੀ ਹਮਾਇਤ ਕਰ ਰਹੇ ਹਨ ਜਿਹਨਾਂ ਨੇ ਸਮੁੱਚੀ ਸਿੱਖ ਕੌਮ ਦੇ ਹਿਰਦੇ ਵਲੂੰਧਰੇ ਹਨ। ਉਹਨਾਂ ਇਹ ਵੀ ਕਿਹਾ ਕਿ ਸਰਨਾ ਭਰਾਵਾਂ ਨੇ 1984 ਦੇ ਸਿੱਖ ਕਤਲੇਆਮ ਦੇ ਕਾਤਲਾਂ ਦੀ ਹਮੇਸ਼ਾ ਪੁਸ਼ਤਪਨਾਹੀ ਕੀਤੀ ਤੇ ਉਹਨਾਂ ਨੂੰ ਸਮੇਂ-ਸਮੇਂ 'ਤੇ ਜਨਤਕ ਤੌਰ 'ਤੇ ਸਨਮਾਨਤ ਵੀ ਕੀਤਾ। ਇਸ ਕੌਮੇ ਜਸਪ੍ਰੀਤ ਸਿੰਘ ਕਰਮਸਰ ਨੇ ਇਹ ਵੀ ਖੁੱਲ੍ਹਾਸਾ ਕੀਤਾ ਕਿ ਦਿੱਲੀ ਦੇ ਇਕ ਗੁਰਦੁਆਰਾ ਸਾਹਿਬ ਅੰਦਰ ਪਿਛਲੇ ਦਿਨਾਂ ਵਿਚ ਪੰਥ ਵਿਚੋਂ ਛੇਕੇ ਹੋਏ ਦਰਸ਼ਨ ਸਿੰਘ ਰਾਗੀ ਦੇ ਕੀਰਤਨ ਤੇ ਉਹਨਾਂ ਦੇ ਜੱਥੇ ਵਿਚ ਸ਼ਾਮਲ ਦਵਿੰਦਰ ਸਿੰਘ ਵੱਲੋਂ ਅਰਦਾਸ ਨੂੰ ਤੋੜ ਮਰੋੜ ਕੇ ਪੇਸ਼ ਕਰਨ ਲਈ ਵੀ ਜ਼ਿੰਮੇਵਾਰ ਸਨ ਕਿਉਂਕਿ ਉਹ ਹੀ ਉਹਨਾਂ ਨੂੰ ਦਿੱਲੀ ਦੇ ਪ੍ਰੋਗਰਾਮ ਵਾਸਤੇ ਲੈ ਕੇ ਆਏ ਸਨ। ਇਹਨਾਂ ਆਗੂਆਂ ਨੇ ਸਮੁੱਚੀ ਸਿੱਖ ਕੌਮ ਖਾਸ ਤੌਰ 'ਤੇ ਦਿੱਲੀ ਦੇ ਸਿੱਖਾਂ ਨੂੰ ਅਪੀਲ ਕੀਤੀ ਕਿ ਸਰਨਾ ਭਰਾਵਾਂ ਨੂੰ ਮੂੰਹ ਨਾ ਲਗਾਇਆ ਜਾਵੇ ਤੇ ਇਹਨਾਂ ਦੀਆਂ ਕੌਮ ਖਿਲਾਫ ਗਤੀਵਿਧੀਆਂ ਦਾ ਡੱਟ ਕੇ ਵਿਰੋਧ ਕੀਤਾ ਜਾਵੇ।

### ਦਮਦਮੀ ਟਕਸਾਲ ਦੇ ਵਿਦਿਆਰਥੀਆਂ ਤੇ ਫੈਡਰੇਸ਼ਨ ਭਿੰਡਰਾਂਵਾਲਾ ਦੇ ਆਗੂਆਂ ਵੱਲੋਂ

# ਪੁਰਾਤਨ ਨਾਨਕਸ਼ਾਹੀ ਕੈਲੰਡਰ 557 ਜਾਰੀ



**ਅੰਮ੍ਰਿਤਸਰ, 9 ਮਾਰਚ (ਆਵਾਜ਼ਿ ਕੌਮ ਬਿਊਰੋ)**-ਸਿੱਖ ਪੰਥ ਦਾ ਨਵਾਂ ਸਾਲ 1 ਚੇਤ 557 (14 ਮਾਰਚ 2025) ਦਾ ਪੁਰਾਤਨ ਨਾਨਕਸ਼ਾਹੀ ਕੈਲੰਡਰ ਅੱਜ ਦਮਦਮੀ ਟਕਸਾਲ ਦੇ ਵਿਦਿਆਰਥੀਆਂ ਅਤੇ ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ ਦੇ ਆਗੂਆਂ ਵੱਲੋਂ ਜਾਰੀ ਕੀਤਾ ਗਿਆ। ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਨਮੁੱਖ ਮੂਲ ਮੰਤਰ ਅਤੇ ਗੁਰਮੰਤਰ ਦੇ ਜਾਪ ਤੇ ਅਰਦਾਸ ਕਰਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਕੱਤਰੇਤ ਦੇ ਬਾਹਰ ਸਿੱਖ ਪ੍ਰਚਾਰਕ, ਪੰਥਕ ਲੇਖਕ ਅਤੇ ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ ਦੇ ਕੌਮੀ ਪ੍ਰਧਾਨ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ, ਗਿਆਨੀ ਤੇਜਬੀਰ ਸਿੰਘ ਦਮਦਮੀ ਟਕਸਾਲ ਸ੍ਰੀ ਅੰਮ੍ਰਿਤਸਰ ਵਾਲੇ, ਗਿਆਨੀ ਗੁਰਲਾਲ ਸਿੰਘ ਵਲਟੋਹਾ ਦਮਦਮੀ ਟਕਸਾਲ, ਭਾਈ ਭੁਪਿੰਦਰ ਸਿੰਘ ਛੇ ਜੂਨ ਅਤੇ ਭਾਈ ਗਗਨਦੀਪ ਸਿੰਘ ਸੁਲਤਾਨਵਿੰਡ ਨੇ ਦਮਦਮੀ ਟਕਸਾਲ ਦੇ ਸੇਵਾਦਾਰ ਸੰਸਥਾ ਵੱਲੋਂ ਪ੍ਰਕਾਸ਼ਿਤ ਇਹ ਕੈਲੰਡਰ ਖ਼ਾਲਸਾਈ ਜੈਕਾਰਿਆਂ ਦੀ ਭਰਵੀਂ ਗੂੰਜ ਵਿੱਚ ਜਾਰੀ ਕੀਤਾ ਅਤੇ ਇਸ ਦੌਰਾਨ ਸੰਤ ਜਰਨੈਲ ਸਿੰਘ ਭਿੰਡਰਾਂਵਾਲੇ ਜ਼ਿੰਦਾਬਾਦ, ਦਮਦਮੀ ਟਕਸਾਲ ਜ਼ਿੰਦਾਬਾਦ ਤੇ ਰਾਜ ਕਰੇਗਾ ਖ਼ਾਲਸਾ ਦੇ ਨਾਅਰੇ ਵੀ ਲਾਏ ਗਏ। ਆਗੂਆਂ ਨੇ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਇਸ ਕੈਲੰਡਰ ਵਿੱਚ ਗੁਰੂ ਸਾਹਿਬਾਨਾਂ ਦੇ ਪ੍ਰਕਾਸ਼ ਪੁਰਬ, ਗੁਰਿਆਈ ਅਤੇ ਜੋਤੀ ਜੋਤ ਦਿਵਸ ਅਤੇ ਹੋਰ ਸ਼ਹੀਦੀ ਦਿਹਾੜਿਆਂ ਤੇ ਕੌਮੀ ਤਿਉਹਾਰਾਂ ਦੀਆਂ ਪੁਰਾਤਨ ਤਾਰੀਖਾਂ ਹਨ ਅਤੇ ਕੈਲੰਡਰ ਦੇ ਪਿਛਲੇ ਪਾਸੇ ਸਿੱਖ ਧਰਮ ਨਾਲ ਸੰਬੰਧਤ ਮੁੱਢਲੀ ਜਾਣਕਾਰੀ ਵੀ ਦਿੱਤੀ ਗਈ ਹੈ ਜਿਸ ਵਿੱਚ ਦਸ ਗੁਰੂ ਸਾਹਿਬਾਨਾਂ, ਪੰਜ ਪਿਆਰਿਆਂ, ਚਾਰ ਸਾਹਿਬਜ਼ਾਦਿਆਂ, ਪੰਜ ਤਖ਼ਤਾਂ, ਚਾਰ ਧਾਮਾਂ, ਪੰਜ ਕਕਾਰਾਂ, ਨਿਤਨੇਮ ਦੀਆਂ ਬਾਣੀਆਂ, ਭਗਤਾਂ, ਭੱਟਾਂ, ਦੇਸੀ ਮਹੀਨਿਆਂ ਤੇ ਸ਼੍ਰੋਮਣੀ ਸ਼ਹੀਦਾਂ ਆਦਿਕ ਬਾਰੇ ਵੇਰਵਾ ਹੈ। ਉਹਨਾਂ ਦੱਸਿਆ ਕਿ ਪੰਜਾਬ, ਭਾਰਤ ਅਤੇ ਵਿਦੇਸ਼ਾਂ ਵਿੱਚ ਇਹ ਕੈਲੰਡਰ ਵੱਡੀ ਗਿਣਤੀ ਵਿੱਚ ਨਿਸ਼ਕਾਮ ਵੰਡੇ ਜਾਣਗੇ। ਉਹਨਾਂ ਕਿਹਾ ਕਿ ਦਮਦਮੀ ਟਕਸਾਲ ਜੋ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਵੱਲੋਂ ਵਰੋਸਾਈ ਖ਼ਾਲਸਾ ਪੰਥ ਦੀ ਚੱਕਰਵਰਤੀ ਧਾਰਮਿਕ ਯੂਨੀਵਰਸਿਟੀ ਤੇ ਯੋਧਿਆਂ ਦੀ ਖਾਣ ਹੈ ਤੇ ਸਾਨੂੰ ਇਸ ਜਥੇਬੰਦੀ ਦੇ ਵਿਦਿਆਰਥੀ ਹੋਣ ਦਾ ਮਾਣ ਹੈ। ਉਹਨਾਂ ਕਿਹਾ ਕਿ ਇਸ ਕੈਲੰਡਰ ਵਿੱਚ ਓਹੀ ਪੁਰਾਤਨ ਤਾਰੀਖ਼ਾਂ ਦਿੱਤੀਆਂ ਗਈਆਂ ਹਨ ਜੋ ਗੁਰੂ ਸਾਹਿਬਾਂ ਦੇ ਪੁਰਾਤਨ ਸਮੇਂ ਤੋਂ ਚੱਲਦੀ ਰਵਾਇਤ ਅਤੇ ਗੁਰਬਾਣੀ ਤੇ ਸਿੱਖ ਇਤਿਹਾਸ ਦੇ ਸ੍ਰੋਤਾਂ ਅਨੁਸਾਰ ਹਨ ਤੇ ਦਮਦਮੀ ਟਕਸਾਲ ਸੀਨਾ-ਬਸੀਨਾ ਇਸੇ ਸਿਧਾਂਤ ਉੱਤੇ ਦ੍ਰਿੜਤਾ ਨਾਲ ਪਹਿਰਾ ਦੇ ਰਹੀ ਹੈ।

### ਸ਼੍ਰੋਮਣੀ ਕਮੇਟੀ ਦੁਆਰਾ ਜਥੇਦਾਰ ਅਕਾਲ ਤਖਤ ਸਾਹਿਬ ਦਾ

# ਨਿਸ਼ਕਾਸਨ ਪੰਥ ਵਿਰੋਧੀ : ਜਗਜੋਤ ਸਿੰਘ ਸੋਹੀ



**ਨਵੀਂ ਦਿੱਲੀ 9 ਮਾਰਚ (ਮਨਪ੍ਰੀਤ ਸਿੰਘ ਖਾਲਸਾ)**:- ਤਖਤ ਸ਼੍ਰੀ ਹਰਿਮੰਦਰ ਜੀ ਪਟਨਾ ਸਾਹਿਬ ਕਮੇਟੀ ਦੇ ਸਕੱਤਰ ਜਗਜੋਤ ਸਿੰਘ ਸੋਹੀ ਨੇ ਸ਼੍ਰੋਮਣੀ ਗੁਰਦੁਆਰਾ ਕਮੇਟੀ ਦੁਆਰਾ ਸ਼੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘੁਬੀਰ ਸਿੰਘ ਦੇ ਨਿਸ਼ਕਾਸਨ ਨੂੰ ਪੰਥ ਵਿਰੋਧੀ ਦੱਸਦੇ ਹੋਏ ਸਾਫ਼ ਕੀਤਾ ਕਿ ਇਸ ਨਾਲ ਪੂਰੇ ਸਿੱਖਾਂ ਦੇ ਹਿਰਦੇ ਨੂੰ ਚੋਟ ਪੁੱਜੀ ਹੈ। ਉਨ੍ਹਾਂ ਕਿਹਾ ਕਿ ਸਿੱਖ ਸੰਸਾਰ ਦੇ ਕਿਸੇ ਵੀ ਕੋਨੇ ਵਿੱਚ ਕਿਉਂ ਨਾ ਹੋਣ ਉਹਨਾਂ ਦੀ ਆਸਥਾ ਸ਼੍ਰੀ ਅਕਾਲ ਤਖਤ ਸਾਹਿਬ ਨਾਲ ਜੁੜੀ ਰਹਿੰਦੀ ਹੈ ਅਤੇ ਸ਼੍ਰੀ ਅਕਾਲ ਤਖਤ ਸਾਹਿਬ ਤੋਂ ਆਉਂਦੇ ਹਰ ਆਦੇਸ਼ ਨੂੰ ਸਿੱਖ ਸਵੀਕਾਰ ਕਰਦੇ ਹਨ ਪਰ ਅੱਜ ਪੰਥ ਵਿੱਚ ਆਪਣੇ ਨਿੱਜੀ ਸਵਾਰਥਾਂ ਲਈ ਕੁਝ ਲੋਕਾਂ ਵੱਲੋਂ ਸ਼੍ਰੀ ਅਕਾਲ ਤਖਤ ਸਾਹਿਬ ਦੀ ਗਰਿਮਾ ਨੂੰ ਠੇਸ ਪਹੁੰਚਾਉਂਦੇ ਹੋਏ ਜਿਸ ਤਰ੍ਹਾਂ ਤਖਤ ਸਾਹਿਬ ਦੇ ਜਥੇਦਾਰ ਨੂੰ ਅਪਮਾਨਿਤ ਕਰਕੇ ਸੇਵਾ ਮੁਕਤੀ ਦਿੱਤੀ ਗਈ ਹੈ ਉਸ ਦੀ ਜਿਤਨੀ ਨਿੰਦਾ ਕੀਤੀ ਜਾਵੇ ਘੱਟ ਹੈ। ਸਰਦਾਰ ਜਗਜੋਤ ਸਿੰਘ ਸੋਹੀ ਨੇ ਕਿਹਾ ਕਿ ਇਹ ਵਿਵਾਦ ਉਸ ਦਿਨ ਤੋਂ ਚੱਲ ਰਿਹਾ ਹੈ ਜਿਸ ਦਿਨ ਪੰਜ ਸਿੰਘ ਸਾਹਿਬਾਨ ਦੁਆਰਾ ਅਕਾਲੀ ਦਲ ਦੇ ਨੀਤਿਆਂ ਉੱਤੇ ਧਾਰਮਿਕ ਕਾਰਵਾਈ ਕਰਦੇ ਹੋਏ ਦੋਸ਼ੀ ਕਰਾਰ ਦਿੱਤੇ ਗਏ ਸਨ, ਅਤੇ ਉਸ ਦਿਨ ਤੋਂ ਸ਼ਾਇਦ ਬਦਲੇ ਦੀ ਭਾਵਨਾ ਵਿੱਚ ਇਸ ਤਰ੍ਹਾਂ ਦੀ ਕਾਰਵਾਈ ਕੀਤੀ ਜਾ ਰਹੀ ਹੈ। ਪਹਿਲਾਂ ਗਿਆਨੀ ਹਰਪ੍ਰੀਤ ਸਿੰਘ ਨੂੰ ਹਟਾਇਆ ਗਿਆ ਅਤੇ ਹੁਣ ਗਿਆਨੀ ਰਘੁਬੀਰ ਸਿੰਘ ਅਤੇ ਗਿਆਨੀ ਸੁਲਤਾਨ ਸਿੰਘ ਨੂੰ ਹਟਾ ਕੇ ਉਨ੍ਹਾਂ ਨੇ ਸਾਬਤ ਕਰ ਦਿੱਤਾ ਕਿ ਉਨ੍ਹਾਂ ਲਈ ਸ਼੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਸਾਹਿਬ ਦੇ ਪਦ ਦੀ ਗਰਿਮਾ ਕੋਈ ਮਾਇਨੇ ਨਹੀਂ ਰੱਖਦੀ। ਜਗਜੋਤ ਸਿੰਘ ਸੋਹੀ ਨੇ ਕਿਹਾ ਕਿ ਪੂਰਾ ਸਿੱਖ ਪੰਥ ਅੱਜ ਇੱਕਜੁਟ ਹੋਕੇ ਪੰਥ ਵਿਰੋਧੀ ਤਾਕਤਾਂ ਦੇ ਖਿਲਾਫ ਖੜਾ ਹੈ ਅਤੇ ਆਉਣ ਵਾਲੇ ਦਿਨਾਂ ਵਿੱਚ ਉਨ੍ਹਾਂ ਨੂੰ ਮੂੰਹਤੋੜ ਜਵਾਬ ਦਿੱਤਾ ਜਾਵੇਗਾ।

# ਤਖਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਵਿਖੇ ਸੰਤ ਬਾਬਾ ਸੁੱਖਾ ਸਿੰਘ ਜੀ ਦਾ ਸਨਮਾਨ



**ਪਟਨਾ ਸਾਹਿਬ, 8 ਮਾਰਚ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੀ ਧਰਤੀ ਤੇ ਪਿਛਲੇ ਵਰ੍ਹੇ ਆਏ ਹੜ੍ਹਾਂ ਨਾਲ ਬਹੁਤ ਭਾਰੀ ਨੁਕਸਾਨ ਹੋਇਆ। ਗੁਰਸਿੱਖੀ ਦੀ ਪ੍ਰਤੱਖ ਮੂਰਤ ਬਾਬਾ ਸੁੱਖਾ ਸਿੰਘ ਜੀ ਵਲੋਂ ਹੜ੍ਹਾਂ ਵਿਚ ਵਿਚ ਕੀਤੀ ਗਈ ਸੇਵਾ ਲਈ ਸ਼ਲਾਘਾ ਪੂਰੀ ਦੁਨੀਆਂ ਵਿਚ ਹੋ ਰਹੀ ਹੈ। ਹੜ੍ਹਾਂ ਵੇਲੇ ਜਿੱਥੇ ਇਕ ਪਾਸੇ ਕਿਸਾਨ ਆਪਣੀਆਂ ਡੁੱਬੀਆਂ ਫਸਲਾਂ ਵੇਖ ਚਿੰਤਤ ਹੁੰਦੇ ਸਨ, ਉੱਥੇ ਦੂਜੇ ਪਾਸੇ ਮਹਾਂਪੁਰਖਾਂ ਨੂੰ ਬੰਨ੍ਹਾਂ ਉੱਤੇ ਹੱਥੀਂ ਸੇਵਾ ਕਰਦਿਆਂ ਵੇਖ ਕੇ ਚੜ੍ਹਦੀ ਕਲਾ ਵਿਚ ਆ ਜਾਂਦੇ ਸਨ। ਸਾਲ 2023 ਵਿਚ ਪੰਜਾਬ ਅੰਦਰ ਆਏ ਹੜ੍ਹਾਂ ਦੌਰਾਨ ਨਿਭਾਈਆਂ ਸੇਵਾਵਾਂ ਅਤੇ ਮਾਨਵਤਾ ਦੀ ਭਲਾਈ ਹਿੱਤ ਵਿਸ਼ਵ ਭਰ ਵਿਚ ਲਗਾਤਾਰ ਚਲਦੀਆਂ ਸੇਵਾਵਾਂ ਨੂੰ ਮੁੱਖ ਰੱਖਦੇ ਹੋਏ ਅੱਜ ਸੰਪਰਦਾਇ ਕਾਰ ਸੇਵਾ ਸੰਤ ਬਾਬਾ ਤਾਰਾ ਸਿੰਘ ਜੀ ਸਰਹਾਲੀ ਸਾਹਿਬ ਦੇ ਮੌਜੂਦਾ ਮੁਖੀ ਸੰਤ ਬਾਬਾ ਸੁੱਖਾ ਸਿੰਘ ਜੀ ਨੂੰ ਤਖਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਵਿਖੇ ਸਨਮਾਨਤ ਕੀਤਾ ਗਿਆ। ਬੀਤੇ ਸਾਲ ਦੌਰਾਨ ਸੰਤ ਬਾਬਾ ਸੁੱਖਾ ਸਿੰਘ ਜੀ ਨੂੰ ਤਖਤ ਸ੍ਰੀ ਦਮਦਮਾ ਸਾਹਿਬ, ਤਲਵੰਡੀ ਸਾਬੋ( ਗੁਰੂ ਕਾਂਸ਼ੀ), ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਅਬਿਚਲ ਨਗਰ ਨਾਂਦੇੜ ਅਤੇ ਤਖਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਵੀ ਸਨਮਾਨਤ ਕੀਤਾ ਜਾ ਚੁੱਕਾ ਹੈ। ਇਸ ਤੋਂ ਇਲਾਵਾ ਕਨੇਡਾ ਵਿਚ ਅਲਬਰਟਾ ਵਿਧਾਨ ਸਭਾ ਅਤੇ ਉੱਘੀਆਂ ਕਨੇਡੀਅਨ ਰਾਜਨੀਤਕ ਹਸਤੀਆਂ, ਸਿਰਮੌਰ ਸਿੱਖ ਜਥੇਬੰਦੀਆਂ , ਸਿੰਘ ਸਭਾਵਾਂ, ਵੱਖ-ਵੱਖ ਪਿੰਡਾਂ-ਸ਼ਹਿਰਾਂ ਦੀਆਂ ਗੁਰਦੁਆਰਾ ਕਮੇਟੀਆਂ ਅਤੇ ਸਿੱਖ ਸੰਗਤਾਂ ਵਲੋਂ ਸਨਮਾਨਤ ਕੀਤਾ ਜਾ ਚੁੱਕਾ ਹੈ। ਇਸ ਮੌਕੇ ਸ. ਜਗਜੋਤ ਸਿੰਘ ਸੋਹੀ (ਪ੍ਰਧਾਨ) , ਇੰਦਰਜੀਤ ਸਿੰਘ (ਜਨਰਲ ਸਕੱਤਰ), ਤਖਤ ਸ਼੍ਰੀ ਹਰਿਮੰਦਰ ਜੀ ਪਟਨਾ ਸਾਹਿਬ,ਸਿੰਘ ਸਾਹਿਬ ਗਿਆਨੀ ਦਲੀਪ ਸਿੰਘ ਜੀ, ਸਿੰਘ ਸਾਹਿਬ ਗਿਆਨੀ ਸੁਖਦੇਵ ਸਿੰਘ, ਗਿਆਨੀ ਸਤਨਾਮ ਸਿੰਘ ਜੀ ਹਜ਼ੂਰੀ ਕਥਾ ਵਾਚਕ, ਜਥੇਦਾਰ ਬਾਬਾ ਗੁਰਨਾਮ ਸਿੰਘ ਜੀ ਕਾਰ ਸੇਵਾ ਦਿੱਲੀ ਵਾਲੇ, ਬਾਬਾ ਗੁਰਦੀਪ ਸਿੰਘ ਜੀ ਕਾਰ ਸੇਵਾ ਪਟਿਆਲੇ ਵਾਲੇ, ਮੈਨੇਜਰ ਹਰਜੀਤ ਸਿੰਘ ਜੀ , ਦਲਜੀਤ ਸਿੰਘ ਸੁਪਰਿੰਟੈਂਡੈਂਟ, ਬਚਨ ਸਿੰਘ ਸਰਲ (ਸਕੱਤਰ ਗੁਰਦੁਆਰਾ ਮੈਨੇਜਮੈਂਟ ਬੋਰਡ ਬੰਗਲਾਦੇਸ਼), ਪਰਗਟ ਸਿੰਘ ਖ਼ਜ਼ਾਨਚੀ, ਗੁਰਦੁਆਰਾ ਮੈਨੇਜਮੈਂਟ ਬੋਰਡ ਬੰਗਲਾਦੇਸ਼, ਪ੍ਰਭਜੋਤ ਸਿੰਘ ABTC ਟਰਾਂਸਪੋਰਟ ਅੰਮ੍ਰਿਤਸਰ, ਜਗਰੀਤ ਸਿੰਘ ਪਾਨਾਗੜ੍ਹ, ਜਥੇਦਾਰ ਮਨਜਿੰਦਰ ਸਿੰਘ ਸੁਰ ਸਿੰਘ, ਬੂਟਾ ਸਿੰਘ (ਪ੍ਰਧਾਨ ਗੁਰਦੁਆਰਾ ਸਿੱਖ ਸੰਗਤ ਦਮਦਮ ਕੱਲਕੱਤਾ) ਸਰਪੰਚ ਹਰਪਾਲ ਸਿੰਘ ਕੋਟ ਬੁੱਢਾ, ਜੋਗਿੰਦਰ ਸਿੰਘ ਖਾਲਸਾ ਅਤੇ ਹੋਰ ਬੇਅੰਤ ਸੰਗਤ ਹਾਜ਼ਰ ਸੀ। ਇਸ ਮੌਕੇ ਹਜ਼ੂਰੀ ਕਥਾਵਾਚਕ ਗਿਆਨੀ ਸੁਖਦੇਵ ਸਿੰਘ ਜੀ ਨੇ ਆਖਿਆ, " ਸੰਪਰਦਾਇ ਕਾਰ ਸੇਵਾ ਸਰਹਾਲੀ ਵੱਲੋਂ ਦੇਸ਼ ਭਰ ਗੁਰੂ ਘਰਾਂ ਦੀਆਂ ਸੇਵਾਵਾਂ ਦੇ ਨਾਲ ਬੰਗਲਾਦੇਸ਼ ਦੇ ਗੁਰਦੁਆਰਿਆਂ ਦੀ ਕਾਰ ਸੇਵਾ ਚੱਲ ਰਹੀ ਹੈ, ਜੋ ਅਤਿਅੰਤ ਲੋੜੀਂਦਾ ਕਾਰਜ ਹੈ ਕਿਉਂਕਿ ਬੰਗਲਾਦੇਸ਼ ਵਿਚ ਸਿੱਖ ਸੰਗਤ ਦੀ ਗਿਣਤੀ ਬਹੁਤ ਘੱਟ ਹੈ। ਅੱਜ ਤਖਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਵਿਖੇ ਸੰਤ ਬਾਬਾ ਸੁੱਖਾ ਸਿੰਘ ਜੀ ਦਾ ਸਨਮਾਨ ਕੀਤਾ ਗਿਆ ਹੈ, ਜੋ ਉਹਨਾਂ ਵੱਲੋਂ ਕੀਤੀ ਗਈ ਮਹਾਨ ਸੇਵਾ ਦਾ ਸਨਮਾਨ ਹੈ।

# ਲੋਕਾ ਦੀ ਲੋੜ ਨੂੰ ਧਿਆਨ ਵਿੱਚ ਰੱਖਦੇ ਹੋਏ ਜੀਟੀ ਰੋਡ ਮੱਲੀਆਂ ਦਸ਼ਮੇਸ਼ ਸੁਪਰ ਸਪੈਸ਼ਿਲਸਟ ਹੋਸਪੀਟਲ ਤੇ ਹਾਰਟ ਤੇ ਕ੍ਰਿਟੀਕਲ ਕੇਅਰ ਸੈਂਟਰ ਖੋਲ੍ਹਿਆ ਗਿਆ



ਜੰਡਿਆਲਾ ਗੁਰੂ 9 ਮਾਰਚ ( ਕੁਲਵੰਤ ਸਿੰਘ ਵਿਰਦੀ) ਜੰਡਿਆਲਾ ਗੁਰੂ ਦੇ ਨਜ਼ਦੀਕ ਪਿੰਡ ਮੱਲੀਆ ਦੇ ਜੀ ਟੀ ਰੋਡ ਉਪਰ ਲੋਕਾ ਦੀ ਸਿਹਤ ਦੇ ਵਧੀਆ ਇਲਾਜ ਤੇ ਓਹਨਾ ਦੀ ਪ੍ਰੇਸ਼ਾਨੀ ਨੂੰ ਵੇਖਦੇ ਹੋਏ ਡਾਕਟਰ ਨਵੀਨ ਕੁਮਾਰ ਡੋਗਰਾ ਐਮ ਬੀ ਬੀ ਐਸ (DM cardiology) ਨੇ ਦਸ਼ਮੇਸ਼ ਸੁਪਰ ਸਪੈਸ਼ਿਲਸਟ ਹੋਸਪੀਟਲ ਤੇ ਹਾਰਟ ਤੇ ਕ੍ਰਿਟੀਕਲ ਕੇਅਰ ਸੈਂਟਰ ਖੋਲ੍ਹਿਆ ਗਿਆ ਹੈ ਡਾਕਟਰ ਨਵੀਨ ਕੁਮਾਰ ਡੋਗਰਾ ਜੋ ਕਿ ਹਾਰਟ ਦੇ ਸਪੈਸ਼ਲਲਿਸਟ ਡਾਕਟਰ ਹਨ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ। ਕਿ ਸਾਡੇ ਕੋਲ ਜਿਵੇਂ ਕਿ ਮੁਢਲੀ ਸੇਵਾਵਾਂ 24 ਘੰਟੇ ਐਮਰਜੰਸੀ ਉਪਲਬਧ ਹਨ ਅਤੇ ਕ੍ਰਿਟੀਕਲ ਕੇਅਰ ਅਤੇ ਵੈਂਟੀਲੇਟਰ ਸੁਵਿਧਾਵਾ ਉਪਲਬਧ ਹਨ ਅਤੇ ਡੈਲੀਸਿਸ ਵਾਸਤੇ ਸਪੈਸ਼ਲ ਜਰਮਨੀ ਤੋਂ ਮਸ਼ੀਨ ਮੰਗਵਾਈ ਗਈ ਹੈ ਅਤੇ ਓਪੀਡੀ ਵਿੱਚ ਵੀ ਮਰੀਜ਼ਾਂ ਨੂੰ ਚੈੱਕ ਕੀਤਾ ਜਾਂਦਾ ਹੈ ਅਤੇ ਵਾਜਪ ਰੇਟਾ ਤੇ ਉਹਨਾਂ ਦਾ ਇਲਾਜ ਕੀਤਾ ਜਾਂਦਾ ਹੈ ਅਤੇ ਹਾਰਟ ਦੀਆਂ ਜਿੰਨੀਆਂ ਵੀ ਬਿਮਾਰੀਆਂ ਹਨ ਜਿਵੇਂ ਕਿ ਇਸੀ ਜੀ ਇਕੋਗਰਾਫੀ ਹਾਰਟ ਗਰਾਫੀ ਐਨਜੋਗਰਾਫੀ ਸਟੈਂਟ ਗਰਾਫੀ ਅਤੇ ਇਹ ਸਾਰੀਆਂ ਬਿਮਾਰੀਆਂ ਦਾ ਇਲਾਜ ਇੱਕੋ ਹੀ ਛੱਤ ਹੇਠਾਂ ਕੀਤਾ ਜਾਂਦਾ ਹੈ ਤੇ ਉਹਨਾਂ ਨੇ ਦੱਸਿਆ ਕਿ ਇਹ ਸਾਡੇ ਕੋਲ ਹਰ ਤਰ੍ਹਾਂ ਦੀ ਬਿਮਾਰੀ ਦਾ ਇਲਾਜ ਹੈ ਜਿਵੇਂ ਕਿ ਸ਼ੂਗਰ ਨਮੂਨੀਆ ਖਾਂਸੀ ਬੁਖਾਰ ਜੁਕਾਮ ਬੀਪੀ ਹਾਰਟ ਕਿਡਨੀ ਦਾ ਇਲਾਜ ਕੀਤਾ ਜਾਂਦਾ ਹੈ ਅਤੇ ਡਾਇਲਸਿਸ ਅਤੇ ਮਰੀਜ਼ਾਂ ਵਾਸਤੇ ਸਾਫ ਸੁਥਰੇ ਰੂਮਸ ਔਰ 24 ਘੰਟੇ ਐਮਰਜੈਂਸੀ ਸੇਵਾਵਾਂ ਜੋ ਕਿ ਲਾਗੇ ਪਿੰਡਾਂ ਨੂੰ ਵੇਖਦੇ ਹੋਏ ਮੁਹਈਆ ਕੀਤੀਆਂ ਗਈਆਂ ਨੇ ਕੀ ਕਿਸੇ ਤਰ੍ਹਾਂ ਦੀ ਕਿਸੇ ਮਰੀਜ਼ ਨੂੰ ਪਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ ਬਿਮਾਰ ਮਰੀਜਾ ਲਈ ਵਧੀਆ ਤੇ ਸਾਫ਼ ਸੁਥਰਾ ਰਸੋਈ ਘਰ ਜਿੱਥੇ ਓਹਨਾ ਦੀ ਬਿਮਾਰੀ ਨੂੰ ਧਿਆਨ ਵਿੱਚ ਰੱਖਦੇ ਹੋਏ ਵਧੀਆ ਖਾਣਾ ਵੀ ਮਿਲਦਾ ਹੈ 24 ਘੰਟੇ ਬਿਜਲੀ ਜਰਨੇਟਰ ਦਾ ਵੀ ਇੰਤਜ਼ਾਮ ਹੈ ਤੇ ਆਈ ਸਿਉ ਦਾ ਵੀ ਇੰਤਜਾਮ ਤੇ ਔਰਤਾਂ ਲਈ ਡਲਿਵਰੀ ਤੇ ਓਪਰੇਸ਼ਨ ਲਈ ਵੀ ਅਲੱਗ ਤੋ ਓਪਰੇਸ਼ਨ ਥੀਏਟਰ ਬਣਾਇਆਂ ਗਿਆ ਹੈ।

# ਹਮਲਾਵਰਾਂ ਨੇ ਲੰਗਰ 'ਚ ਸੇਵਾ ਕਰਦੇ ਨੌਜਵਾਨ ਨੂੰ ਗੋਲੀਆਂ ਨਾਲ ਭੁੰਨਿਆਂ

### 24 ਘੰਟਿਆਂ ਚ ਕਤਲ ਦੀ ਦੂਜੀ ਵਾਰਦਾਤ ਨਾਲ ਬਣੀ ਦਹਿਸ਼ਤ







**ਚੌਕ ਮਹਿਤਾ, 9 ਮਾਰਚ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਅੱਜ ਬਾਅਦ ਦੁਪਹਿਰ ਕਸਬਾ ਚੌਂਕ ਮਹਿਤਾ ਦੇ ਨੇੜੇ ਪਿੰਡ ਚੂੰਘ ਵਿਖੇ ਲੰਗਰ ਦੀ ਸੇਵਾ ਕਰਦੇ ਇਕ ਨੌਜਵਾਨ ਨੂੰ ਹਮਲਾਵਰਾਂ ਵੱਲੋਂ ਗੋਲੀਆਂ ਨਾਲ ਭੁੰਨ ਦਿੱਤਾ ਗਿਆ। ਜਿਕਰਯੋਗ ਹੈ ਕਿ ਬੀਤੇ 24 ਘੰਟਿਆਂ ਵਿੱਚ ਕਤਲ ਦੀ ਇਸ ਦੂਜੀ ਵਾਰਦਾਤ ਨੇ ਸਮੁੱਚੇ ਇਲਾਕੇ ਵਿਚ ਦਹਿਸ਼ਤ ਫੈਲਾ ਦਿੱਤੀ ਹੈ। ਦਰਅਸਲ ਹੋਲੇ ਮਹੱਲੇ ਮੌਕੇ ਸ੍ਰੀ ਅਨੰਦਪੁਰ ਸਾਹਿਬ ਨੂੰ ਜਾਣ ਵਾਲੀਆਂ ਸੰਗਤਾਂ ਦੇ ਛਕਣ ਲਈ ਮਹਿਤਾ ਤੋਂ ਸ਼੍ਰੀ ਹਰਗੋਬਿੰਦਪੁਰ ਸਾਹਿਬ ਨੂੰ ਜਾਂਦੀ ਸ਼ੜਕ ਉਪਰ ਪਿੰਡ ਚੂੰਘ ਦੇ ਨਜਦੀਕ ਹਰ ਸਾਲ ਦੀ ਤਰਾਂ ਲੰਗਰ ਲੱਗਾ ਸੀ। ਜਿੱਥੇ ਨੌਜਵਾਨ ਵਰਿੰਦਰਪਾਲ ਸਿੰਘ ਵਿੱਕੀ ਵਾਸੀ ਪਿੰਡ ਚੂੰਘ ਸੇਵਾ ਕਰ ਰਿਹਾ ਸੀ। ਉਥੇ ਮੋਟਰਸਾਈਕਲ ਸਵਾਰ ਤਿੰਨ ਨਕਾਬਪੋਸ਼ ਨੌਜਵਾਨਾਂ ਵੱਲੋਂ ਗੋਲੀਆਂ ਮਾਰ ਕੇ ਉਸ ਦਾ ਕਤਲ ਕਰ ਦਿੱਤਾ ਗਿਆ। ਪ੍ਰਤੱਖ ਦਰਸ਼ੀਆਂ ਦੇ ਦੱਸਣ ਮੁਤਾਬਿਕ ਹਮਲਾਵਰਾਂ ਨੇ ਛੇ ਤੋਂ ਸੱਤ ਦੇ ਕਰੀਬ ਗੋਲੀਆਂ ਮ੍ਰਿਤਕ ਦੇ ਸਿਰ ਦੇ ਵਿਚ ਮਾਰੀਆਂ, ਜਿਸ ਕਾਰਨ ਉਸ ਨੇ ਮੌਕੇ ਤੇ ਹੀ ਦਮ ਤੋੜ ਦਿੱਤਾ। ਆਮ ਲੋਕਾਂ ਨੇ ਦੱਸਿਆ ਕਿ ਹਮਲਾਵਰਾਂ ਨੇ ਇੰਨੇ ਬੇਖੌਫ ਤਰੀਕੇ ਨਾਲ ਇਸ ਵਾਰਦਾਤ ਨੂੰ ਅੰਜਾਮ ਦਿੱਤਾ ਕਿ ਵਾਪਸ ਜਾਂਦੇ ਸਮੇਂ ਉਹ ਦੂਰ ਤਕ ਲਗਾਤਾਰ ਗੋਲੀਆਂ ਚਲਾਉਂਦੇ ਗਏ ਹਨ। ਇਲਾਕੇ ਦੇ ਲੋਕਾਂ ਨੇ ਕਤਲ ਦੀਆਂ ਇਨਾਂ ਵਾਰਦਾਤਾਂ ਦੀ ਭਾਰੀ ਨਿੰਦਾ ਕੀਤੀ ਅਤੇ ਪੁਲੀਸ ਦੇ ਸੁਰੱਖਿਆ ਪ੍ਰਬੰਧਾਂ ਨੂੰ ਸਵਾਲਾਂ ਦੇ ਕਟਹਿਰੇ ਵਿਚ ਖੜਾ ਕੀਤਾ ਹੈ। ਇਥੇ ਮਾਮਲੇ ਦੀ ਛਾਣਬੀਣ ਕਰ ਰਹੀ ਪੁਲੀਸ ਪਾਰਟੀ ਵਿਚ ਡੀ.ਐੱਸ.ਪੀ ਰਵਿੰਦਰ ਸਿੰਘ ਨੇ ਆਖਿਆ ਕਿ ਇਸ ਮਾਮਲੇ ਦੀ ਬਾਰੀਕੀ ਨਾਲ ਜਾਂਚ ਕੀਤੀ ਜਾ ਰਹੀ ਹੈ। ਉਨਾਂ ਦੱਸਿਆ ਕਿ ਮ੍ਰਿਤਕ ਜੇਲ ਵਿਚ ਰਹਿ ਕੇ ਆਇਆ ਹੈ, ਉਨਾਂ ਕਿਹਾ ਕਿ ਦੋਸ਼ੀ ਬਹੁਤ ਜਲਦ ਪੁਲੀਸ ਦੀ ਗ੍ਰਿਫ਼ਤ ਦੇ ਵਿਚ ਹੋਣਗੇ।